ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਫੱਗਣ ਨਾਨਕਸ਼ਾਹੀ ਸੰਮਤ ੫੪੭
ਅੰਕ ੨ ਜਿਲਦ ੯੩
ਫਰਵਰੀ ੨੦੧੬

**ਸੰਪਾਦਕ** **ਦਿਲਜੀਤ ਸਿੰਘ 'ਬੇਦੀ'**

**ਸਹਾਇਤਾ**

| **ਦੇਸ਼** | **ਵਿਦੇਸ਼** |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |

***Website : www.sgpc.net***
***E-mail : info@sgpc.net***
***gurdwaragazette@gmail.com***
***Phone: 0183-255 3956-60, Ext.254***

## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

---

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੮ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

ਗੋਲਡਨ ਆਫਸੈੱਟ ਪ੍ਰੈੱਸ, ਗੁਰਦੁਆਰਾ ਰਾਮਸਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਲਈ **ਦਿਲਜੀਤ ਸਿੰਘ** ਪ੍ਰਿੰਟਰ ਤੇ ਪਬਲਿਸ਼ਰ ਨੇ ਛਪਵਾ ਕੇ ਦਫ਼ਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਤੋਂ ਜਾਰੀ ਕੀਤਾ।

***ਪ੍ਰਤੀ ਕਾਪੀ 2/-ਰੁਪਏ***

## ਲੇਖ ਸੂਚੀ

| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, | |
| ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੭ |
| ਸੰਪਾਦਕੀ | ੮ |
| ਸ਼ਹੀਦੀ ਸਾਕਾ ਸ੍ਰੀ ਨਨਕਾਣਾ ਸਾਹਿਬ | |
| *-ਜਥੇਦਾਰ ਅਵਤਾਰ ਸਿੰਘ* | ੧੦ |
| ਗੰਗਸਰ ਜੈਤੋ ਦਾ ਮੋਰਚਾ | |
| *-ਦਿਲਜੀਤ ਸਿੰਘ 'ਬੇਦੀ'* | ੧੩ |
| ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਜੀਵਨ-ਜਾਚ | |
| *-ਪ੍ਰਿੰ. ਲਾਭ ਸਿੰਘ* | ੧੬ |
| ...ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ-ਗਾਹ | |
| *-ਡਾ. ਜਸਬੀਰ ਸਿੰਘ ਸਰਨਾ* | ੨੯ |
| ਖ਼ਬਰਨਾਮਾ | ੩੪ |
| ਧਰਮ ਪ੍ਰਚਾਰ ਸਰਗਰਮੀਆਂ | ੬੬ |
| ਹਿਸਾਬ-ਕਿਤਾਬ | ੬੮ |
| ***English Section*** | |
| Historical Events | *85* |
| Sri Guru Tegh Bahadur Sahib Ji | |
| *- S. Surjit Singh 'Gandhi'* | 87 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਫੱਗਣ)

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੨-੪੫ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੨-੪੫ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੩-੪੫ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੪-੪੫ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੫-੧੫ ਵਜੇ ਸਵੇਰੇ |
| * ਪਹਿਲੀ ਅਰਦਾਸ | ੫-੪੫ ਵਜੇ ਸਵੇਰੇ |
| * ਆਸਾ ਦੀ ਵਾਰ ਦੀ ਸਮਾਪਤੀ | ੬-੪੫ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੬-੪੫ ਤੋਂ ੭-੦੦ ਵਜੇ ਸਵੇਰੇ |

* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।

| | |
|---|---|
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੪੫ ਵਜੇ ਰਾਤ |
| * ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੧੦-੦੦ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੧੫ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬**
**ਫੋਨ : ੦੦੯੧-੧੮੩-੨੫੫੩੯੫੭,੫੮,੫੯**

# ੧੬ ਫਰਵਰੀ ਤੋਂ ੧੫ ਮਾਰਚ ਵਿਚਲੇ ਇਤਿਹਾਸਕ ਦਿਹਾੜੇ

| | |
|---|---|
| ੧੬ ਫਰਵਰੀ | ਗੁਰਦੁਆਰਿਆਂ ਦੇ ਪ੍ਰਬੰਧ ਸਬੰਧੀ ਕਾਨੂੰਨੀ ਖਰੜਾ ਬਣਾਉਣ ਲਈ ਅੰਗਰੇਜ਼ੀ ਸਰਕਾਰ ਨੇ ਇਕ ਕਮੇਟੀ ਬਣਾਉਣ ਦਾ ਐਲਾਨ ਕੀਤਾ । (੧੬-੨-੧੯੨੧) |
| ੧੭ ਫਰਵਰੀ | ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਿਆਂ ਦਾ ਪ੍ਰਬੰਧ ਸਿੱਖਾਂ ਨੇ ਸੰਭਾਲਿਆ । (੧੭-੨-੧੯੨੩) |
| ੧੮ ਫਰਵਰੀ | ਗੁਲੇਰ ਦੀ ਜੰਗ ਵਿਚ ਭਾਈ ਲਹਿਣਾ, ਭਾਈ ਸੰਗਤ ਰਾਏ ਤੇ ਭਾਈ ਹਨੂਮੰਤ ਨੇ ਸ਼ਹਾਦਤ ਪ੍ਰਾਪਤ ਕੀਤੀ । (੧੮-੨-੧੬੯੬) |
| ੨੦ ਫਰਵਰੀ | ਗੁਰਦੁਆਰਾ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ (ਪਾਕਿਸਤਾਨ) ਵਿਖੇ ਮਹੰਤ ਨਰੈਣੂ ਦੇ ਆਦਮੀਆਂ ਵੱਲੋਂ ਗੋਲੀ ਚਲਾਏ ਜਾਣ 'ਤੇ ੧੫੦ ਦੇ ਕਰੀਬ ਸਿੱਖ ਸ਼ਹੀਦ ਹੋ ਗਏ। ਸ਼ਹੀਦ ਹੋਣ ਵਾਲਿਆਂ ਵਿਚ ਭਾਈ ਲਛਮਣ ਸਿੰਘ ਧਾਰੋਵਾਲੀ, ਭਾਈ ਦਲੀਪ ਸਿੰਘ, ਭਾਈ ਵਰਿਆਮ ਸਿੰਘ ਆਦਿ ਸ਼ਾਮਲ ਸਨ । (੨੦-੨-੧੯੨੧) |
| ੨੧ ਫਰਵਰੀ | (ੳ) ਸਰਕਾਰ ਨੇ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦਾ ਪ੍ਰਬੰਧ ਸਿੱਖਾਂ ਨੂੰ ਸੌਂਪ ਦਿੱਤਾ । (੨੧-੨-੧੯੨੧) |
| | (ਅ) ਜੈਤੋ ਵਿਖੇ ਪੁਲਿਸ ਫੋਰਸ ਵੱਲੋਂ ਸ਼ਹੀਦੀ ਜਥੇ 'ਤੇ ਫਾਇਰਿੰਗ ਦੌਰਾਨ ਲੱਗਭਗ ੧੦੦ ਸਿੰਘ ਸ਼ਹੀਦ ਹੋ ਗਏ ਅਤੇ ੨੦੦ ਦੇ ਕਰੀਬ ਜ਼ਖ਼ਮੀ ਹੋ ਗਏ। (੨੧-੨-੧੯੨੪) |
| | (ੲ) ਕਨੇਡੀਅਨ ਸ਼ਹੀਦੀ ਜਥੇ ਨੇ ਆਪਣੇ ਆਪ ਨੂੰ ਜੈਤੋ ਵਿਖੇ ਗ੍ਰਿਫਤਾਰੀ ਲਈ ਪੇਸ਼ ਕੀਤਾ । (੨੧-੨-੧੯੨੫) |
| ੨੫ ਫਰਵਰੀ | ਸਾਹਿਬਜ਼ਾਦਾ ਬਾਬਾ ਫ਼ਤਹਿ ਸਿੰਘ ਜੀ ਦਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਨਮ ਹੋਇਆ। (੨੫-੨-੧੬੯੯) |
| ੨੭ ਫਰਵਰੀ | (ੳ) ਸ੍ਰੀ ਗੁਰੂ ਹਰਿ ਰਾਇ ਸਾਹਿਬ ਗੁਰਗੱਦੀ 'ਤੇ ਬਿਰਾਜਮਾਨ ਹੋਏ । (੨੭-੨-੧੬੪੪) |
| | (ਅ) ਅੰਗਰੇਜ਼ ਹਕੂਮਤ ਨੇ ਛੇ ਬੱਬਰ ਅਕਾਲੀ ਲਾਹੌਰ ਜੇਲ੍ਹ ਵਿਚ ਫਾਹੇ ਲਾ ਕੇ ਸ਼ਹੀਦ ਕਰ ਦਿੱਤੇ । (੨੭-੨-੧੯੨੬) |
| ੩ ਮਾਰਚ | ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਜੋਤੀ-ਜੋਤਿ ਸਮਾਏ । (੩-੩-੧੬੪੪) |
| ੫ ਮਾਰਚ | ਖਾਲਸਾ ਕਾਲਜ ਅੰਮ੍ਰਿਤਸਰ ਦੀ ਸਥਾਪਨਾ ਕੀਤੀ ਗਈ । (੫-੩-੧੮੯੨) |
| ੬ ਮਾਰਚ | ੧੯੮ ਸਿੱਖ ਕੈਦੀ ਜੋਧਪੁਰ ਦੀ ਜੇਲ੍ਹ ਤੋਂ ਰਿਹਾਅ ਹੋਏ । (੬-੩-੧੯੮੯) |

| | | | |
|---|---|---|---|
| ੯ ਮਾਰਚ | (ੳ) | ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਡਮੇਲੀ (ਕਪੂਰਥਲੇ) ਆਏ । | (੯-੩-੧੬੩੮) |
| | (ਅ) | ਸਿੱਖਾਂ ਤੇ ਅੰਗਰੇਜ਼ਾਂ ਦਰਮਿਆਨ ਸੰਧੀ ਹੋਈ । | (੯-੩-੧੮੪੬) |
| ੧੦ ਮਾਰਚ | | ਸੂਬਾ ਲਾਹੌਰ ਦੇ ਮੁਗ਼ਲੀਆ ਸੈਨਾਪਤੀ ਲਖਪਤ ਰਾਏ ਨੇ ਇਕ ਹਜ਼ਾਰ ਤੋਂ ਵੱਧ ਸਿੱਖ ਕਤਲ ਕਰਵਾ ਦਿੱਤੇ, ਭਾਈ ਸਬੇਗ ਸਿੰਘ ਅਤੇ ਭਾਈ ਸ਼ਾਹਬਾਜ਼ ਸਿੰਘ ਨੂੰ ਚਰਖੜੀਆਂ 'ਤੇ ਚਾੜ੍ਹ ਕੇ ਸ਼ਹੀਦ ਕੀਤਾ ਗਿਆ । | (੧੦-੩-੧੭੪੬) |
| ੧੧ ਮਾਰਚ | | ਸਿੱਖ ਫੌਜਾਂ ਨੇ ਸ. ਜੱਸਾ ਸਿੰਘ ਆਹਲੂਵਾਲੀਆ, ਬਾਬਾ ਬਘੇਲ ਸਿੰਘ ਤੇ ਸ. ਜੱਸਾ ਸਿੰਘ ਰਾਮਗੜ੍ਹੀਆ ਦੀ ਅਗਵਾਈ ਵਿਚ ਦਿੱਲੀ ਵਿਖੇ ਲਾਲ ਕਿਲ੍ਹੇ 'ਤੇ ਕੇਸਰੀ ਨਿਸ਼ਾਨ ਲਹਿਰਾਇਆ । | (੧੧-੩-੧੭੮੩) |
| ੧੨ ਮਾਰਚ | | ਸ. ਊਧਮ ਸਿੰਘ ਸੁਨਾਮ ਨੇ ਪੰਜਾਬ ਦੇ ਸਾਬਕਾ ਗਵਰਨਰ ਮਾਈਕਲ ਓਡਵਾਇਰ (ਜਲ੍ਹਿਆਂ ਵਾਲਾ ਬਾਗ਼, ਸ੍ਰੀ ਅੰਮ੍ਰਿਤਸਰ ਦੇ ਸਾਕੇ ੧੩-੪-੧੯੧੯ ਦੇ ਦੋਸ਼ੀ) ਨੂੰ ਲੰਡਨ ਵਿਖੇ ਗੋਲੀਆਂ ਮਾਰ ਕੇ ਖ਼ੂਨੀ ਸਾਕੇ ਦਾ ਬਦਲਾ ਲਿਆ। | (੧੨-੩-੧੯੪੦) |
| ੧੪ ਮਾਰਚ | | ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਸ਼ਹੀਦ ਹੋਏ । | (੧੪-੩-੧੮੨੩) |

■

## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ। **-ਸੰਪਾਦਕ**

ਗੁਰਬਾਣੀ ਵਿਚਾਰ:

# ਫਲਗੁਣਿ ਅਨੰਦ ਉਪਾਰਜਨਾ...

ਫਲਗੁਣਿ ਅਨੰਦ ਉਪਾਰਜਨਾ ਹਰਿ ਸਜਣ ਪ੍ਰਗਟੇ ਆਇ॥
ਸੰਤ ਸਹਾਈ ਰਾਮ ਕੇ ਕਰਿ ਕਿਰਪਾ ਦੀਆ ਮਿਲਾਇ॥
ਸੇਜ ਸੁਹਾਵੀ ਸਰਬ ਸੁਖ ਹੁਣਿ ਦੁਖਾ ਨਾਹੀ ਜਾਇ॥
ਇਛ ਪੁਨੀ ਵਡਭਾਗਣੀ ਵਰੁ ਪਾਇਆ ਹਰਿ ਰਾਇ॥
ਮਿਲਿ ਸਹੀਆ ਮੰਗਲੁ ਗਾਵਹੀ ਗੀਤ ਗੋਵਿੰਦ ਅਲਾਇ॥
ਹਰਿ ਜੇਹਾ ਅਵਰੁ ਨ ਦਿਸਈ ਕੋਈ ਦੂਜਾ ਲਵੈ ਨ ਲਾਇ॥
ਹਲਤੁ ਪਲਤੁ ਸਵਾਰਿਓਨੁ ਨਿਹਚਲ ਦਿਤੀਅਨੁ ਜਾਇ॥
ਸੰਸਾਰ ਸਾਗਰ ਤੇ ਰਖਿਅਨੁ ਬਹੁੜਿ ਨ ਜਨਮੈ ਧਾਇ॥
ਜਿਹਵਾ ਏਕ ਅਨੇਕ ਗੁਣ ਤਰੇ ਨਾਨਕ ਚਰਣੀ ਪਾਇ॥
ਫਲਗੁਣਿ ਨਿਤ ਸਲਾਹੀਐ ਜਿਸ ਨੋ ਤਿਲੁ ਨ ਤਮਾਇ॥੧੩॥

*(ਪੰਨਾ ੧੩੬)*

ਸਿਆਲੀ ਰੁੱਤ ਦੀ ਕਰੜੀ ਸਰਦੀ ਪਿੱਛੋਂ ਬਹਾਰ ਫਿਰਨ 'ਤੇ ਫੱਗਣ ਦੇ ਮਹੀਨੇ ਵਿਚ ਲੋਕ ਹੋਲੀਆਂ ਦੇ ਰੰਗ-ਤਮਾਸ਼ਿਆਂ ਰਾਹੀਂ ਖ਼ੁਸ਼ੀਆਂ ਮਨਾਉਂਦੇ ਹਨ, ਪਰ ਫੱਗਣ ਵਿਚ (ਉਨ੍ਹਾਂ ਜੀਵ-ਇਸਤਰੀਆਂ ਦੇ ਅੰਦਰ) ਆਤਮਿਕ ਆਨੰਦ ਪੈਦਾ ਹੁੰਦਾ ਹੈ, ਜਿਨ੍ਹਾਂ ਦੇ ਹਿਰਦੇ ਵਿਚ ਸੱਜਣ-ਹਰੀ ਪਰਤੱਖ ਆ ਵੱਸਦਾ ਹੈ, ਪਰਮਾਤਮਾ ਨਾਲ ਮਿਲਣ ਵਿਚ ਸਹਾਇਤਾ ਕਰਨ ਵਾਲੇ ਸੰਤ-ਜਨ ਮਿਹਰ ਕਰਕੇ ਉਨ੍ਹਾਂ ਨੂੰ ਪ੍ਰਭੂ ਨਾਲ ਜੋੜ ਦਿੰਦੇ ਹਨ, ਉਨ੍ਹਾਂ ਦਾ ਹਿਰਦਾ (ਸੇਜ) ਸੁੰਦਰ ਬਣ ਜਾਂਦਾ ਹੈ, ਉਨ੍ਹਾਂ ਨੂੰ ਸਾਰੇ ਹੀ ਸੁਖ ਪ੍ਰਾਪਤ ਹੋ ਜਾਂਦੇ ਹਨ, ਫਿਰ ਦੁੱਖਾਂ ਲਈ (ਉਨ੍ਹਾਂ ਦੇ ਹਿਰਦੇ ਵਿਚ) ਕਿਤੇ ਰਤਾ ਥਾਂ ਨਹੀਂ ਰਹਿ ਜਾਂਦੀ । ਉਨ੍ਹਾਂ ਜੀਵ-ਇਸਤਰੀਆਂ ਦੀ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ, ਜਦੋਂ ਉਨ੍ਹਾਂ ਨੂੰ ਹਰੀ-ਪ੍ਰਭੂ ਖਸਮ ਮਿਲ ਪੈਂਦਾ ਹੈ, ਉਹ ਸਤਸੰਗੀ ਸਹੇਲੀਆਂ ਨਾਲ ਰਲ਼ ਕੇ ਗੋਵਿੰਦ ਦੀ ਸਿਫ਼ਤਿ-ਸਾਲਾਹ ਦੇ ਗੀਤ ਅਲਾਪ ਕੇ ਆਤਮਿਕ ਆਨੰਦ ਪੈਦਾ ਕਰਨ ਵਾਲੀ ਗੁਰਬਾਣੀ ਗਾਂਦੀਆਂ ਹਨ। ਪਰਮਾਤਮਾ ਵਰਗਾ ਕੋਈ ਹੋਰ, ਉਸ ਦੀ ਬਰਾਬਰੀ ਕਰ ਸਕਣ ਵਾਲਾ ਕੋਈ ਦੂਜਾ ਉਨ੍ਹਾਂ ਨੂੰ ਕਿਤੇ ਦਿੱਸਦਾ ਹੀ ਨਹੀਂ।

ਉਸ ਪਰਮਾਤਮਾ ਨੇ (ਉਨ੍ਹਾਂ ਸਤ-ਸੰਗੀਆਂ ਦਾ) ਲੋਕ-ਪਰਲੋਕ ਸਵਾਰ ਦਿੱਤਾ ਹੈ, ਉਨ੍ਹਾਂ ਨੂੰ (ਆਪਣੇ ਚਰਨਾਂ ਵਿਚ ਲਿਵ-ਲੀਨਤਾ ਵਾਲੀ) ਐਸੀ ਥਾਂ ਬਖ਼ਸ਼ੀ ਹੈ, ਜੋ ਕਦੇ ਡੋਲਦੀ ਹੀ ਨਹੀਂ। ਪਰਮਾਤਮਾ ਨੇ ਸੰਸਾਰ-ਸਮੁੰਦਰ ਤੋਂ ਉਨ੍ਹਾਂ ਨੂੰ (ਹੱਥ ਦੇ ਕੇ) ਰੱਖ ਲਿਆ ਹੈ, ਜਨਮਾਂ ਦੇ ਗੇੜ ਵਿਚ ਮੁੜ ਉਨ੍ਹਾਂ ਦੀ ਦੌੜ-ਭੱਜ ਨਹੀਂ ਹੁੰਦੀ।

ਹੇ ਨਾਨਕ! (ਆਖ-) ਸਾਡੀ ਇਕ ਜੀਭ ਹੈ, ਪ੍ਰਭੂ ਦੇ ਅਨੇਕਾਂ ਹੀ ਗੁਣ ਹਨ (ਅਸੀਂ ਉਨ੍ਹਾਂ ਨੂੰ ਬਿਆਨ ਕਰਨ ਜੋਗੇ ਨਹੀਂ ਹਾਂ, ਪਰ) ਜਿਹੜੇ ਜੀਵ ਉਸ ਦੀ ਚਰਨੀਂ ਪੈਂਦੇ ਹਨ, (ਉਸ ਦਾ ਆਸਰਾ ਤੱਕਦੇ ਹਨ) ਉਹ (ਸੰਸਾਰ-ਸਮੁੰਦਰ ਤੋਂ) ਤਰ ਜਾਂਦੇ ਹਨ।

ਫੱਗਣ ਦੇ ਮਹੀਨੇ ਵਿਚ (ਹੋਲੀਆਂ ਆਦਿ ਵਿੱਚੋਂ ਅਨੰਦ ਲੱਭਣ ਦੇ ਥਾਂ) ਸਦਾ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਜਿਸ ਨੂੰ (ਆਪਣੀ ਵਡਿਆਈ ਕਰਵਾਉਣ ਦਾ) ਰਤਾ-ਭਰ ਭੀ ਲਾਲਚ ਨਹੀਂ ਹੈ (ਇਸ ਵਿਚ ਸਾਡਾ ਹੀ ਭਲਾ ਹੈ) ॥੧੩॥

■

*ਸੰਪਾਦਕੀ...*

# ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ!

*ਸਿੱਖ ਕੌਮ ਦਾ ਇਤਿਹਾਸ ਕੁਰਬਾਨੀਆਂ ਭਰਿਆ ਹੈ। ਸਮੇਂ-ਸਮੇਂ ਸਿੱਖਾਂ ਵੱਲੋਂ ਦਿੱਤੀਆਂ ਸ਼ਹਾਦਤਾਂ ਦੀ ਫ਼ਹਿਰਿਸਤ ਲੰਮੀ ਹੈ। ਕੁਰਬਾਨੀ ਦਾ ਜਜ਼ਬਾ ਸਿੱਖਾਂ ਨੂੰ ਆਪਣੀ ਵਿਰਾਸਤ ਵਿੱਚੋਂ ਮਿਲਿਆ ਹੈ। ਸਿੱਖ ਧਰਮ ਦੇ ਸੰਸਥਾਪਕ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਇਸ ਪੰਥ ਦੇ ਪਾਂਧੀਆਂ ਨੂੰ ਸੁਚੇਤ ਕੀਤਾ ਸੀ ਕਿ ਇਸ ਮਾਰਗ 'ਤੇ ਚੱਲਣ ਲਈ ਕੁਰਬਾਨੀ ਹੀ ਪਹਿਲੀ ਸ਼ਰਤ ਹੈ ਅਤੇ ਸਿੱਖਾਂ ਨੇ ਵੀ ਸਦਾ ਗੁਰੂ ਹੁਕਮਾਂ 'ਤੇ ਚੱਲਦਿਆਂ ਆਪਣੇ ਆਪ ਨੂੰ ਕੁਰਬਾਨੀ ਲਈ ਤਿਆਰ ਰੱਖਿਆ। ਇਤਿਹਾਸ ਸਾਖੀ ਹੈ ਕਿ ਸਿੱਖ ਹਮੇਸ਼ਾਂ ਹੀ ਦੇਸ਼ ਦੀ ਖ਼ਾਤਰ ਆਪਣਾ-ਆਪਾ ਵਾਰਨ ਲਈ ਮੋਹਰੀ ਰਹੇ ਹਨ। ਦੇਸ਼ ਦੀ ਰੱਖਿਆ ਅਤੇ ਆਜ਼ਾਦੀ ਲਈ ਬਹਾਦਰ ਸਿੱਖ ਕੌਮ ਨੇ ਅਨੇਕਾਂ ਕੁਰਬਾਨੀਆਂ ਦੇ ਕੇ ਇਤਿਹਾਸ ਸਿਰਜਿਆ ਹੈ।*

*ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਰੂਹਾਨੀਅਤ ਦੇ ਅਸਥਾਨ ਹਨ। ਸਮੁੱਚੀ ਮਨੁੱਖਤਾ ਨੂੰ ਰੂਹਾਨੀ ਸ਼ਕਤੀ ਦੇਣ ਵਾਲੇ ਇਸ ਪਾਵਨ ਪਵਿੱਤਰ ਅਸਥਾਨ ਉਤੇ ਮਨੁੱਖਤਾ ਦੇ ਦੁਸ਼ਮਣਾਂ ਵੱਲੋਂ ਆਪਣੀ ਮੰਦ ਤੇ ਬੌਣੀ ਸੋਚ ਤਹਿਤ ਸਮੇਂ-ਸਮੇਂ 'ਤੇ ਹਮਲੇ ਕੀਤੇ ਗਏ। ਇਨ੍ਹਾਂ ਹਮਲਿਆਂ ਤੋਂ ਬਾਅਦ ਵੀ ਸਿੱਖ ਕੌਮ ਹਮੇਸ਼ਾਂ ਚੜ੍ਹਦੀ ਕਲਾ ਵਿਚ ਰਹੀ ਅਤੇ ਸਰਬੱਤ ਦੇ ਭਲੇ ਦੀ ਲੋਚਾ ਰੱਖਦੀ ਰਹੀ ਹੈ। ਇਤਿਹਾਸ ਗਵਾਹ ਹੈ ਕਿ ਅਨੇਕਾਂ ਸੰਕਟਾਂ ਵਿੱਚੋਂ ਜੇਤੂ ਬਣ ਕੇ ਲੰਘੀ ਸਿੱਖ ਕੌਮ ਨੇ ਕਦੀ ਵੀ ਮਨੁੱਖਤਾ ਨਾਲ ਅਨਿਆਂ ਨਹੀਂ ਕੀਤਾ, ਸਗੋਂ ਮਨ ਵਿਚ ਮਨੁੱਖੀ ਹਮਦਰਦੀ ਦੀ ਭਾਵਨਾ ਰੱਖਦੀ ਇਹ ਕੌਮ ਮਨੁੱਖਤਾ ਦੀ ਸਹਾਇਤਾ ਲਈ ਸਦਾ ਮੋਹਰੀ ਹੋ ਕੇ ਨਿੱਤਰੀ ਹੈ। ਇਸ ਦੀ ਮਿਸਾਲ ਵਜੋਂ ਕੁਦਰਤੀ ਆਫਤਾਂ ਸਮੇਂ ਸਿੱਖ ਕੌਮ ਵੱਲੋਂ ਨਿਭਾਈਆਂ ਸੇਵਾਵਾਂ ਨੂੰ ਵੇਖਿਆ ਜਾ ਸਕਦਾ ਹੈ। ਉਤਰਾਖੰਡ, ਜੰਮੂ-ਕਸ਼ਮੀਰ ਤੇ ਨੇਪਾਲ ਵਿਖੇ ਕੁਦਰਤੀ ਕਰੋਪੀ ਦੀ ਮਾਰ ਝੱਲਦੇ ਲੋਕਾਂ ਦੀ ਬਿਨ੍ਹਾਂ ਕਿਸੇ ਭੇਦ-ਭਾਵ ਦੇ ਮੱਦਦ ਕਰਨ ਨਾਲ ਸਿੱਖਾਂ ਦਾ ਅਕਸ ਵਿਸ਼ਵ ਭਰ ਵਿਚ ਉਭਰਿਆ ਹੈ। ਇਹ ਮਨੁੱਖੀ ਮੱਦਦ ਸਿੱਖ ਕੌਮ ਨੇ ਆਪਣੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਦੀ ਰੌਸ਼ਨੀ ਵਿਚ ਕੀਤੀ, ਜਿਸ ਨੇ ਸਿੱਧ ਕਰ ਦਿੱਤਾ ਕਿ ਸਿੱਖ ਕੌਮ ਮਨੁੱਖਤਾ ਦੀ ਨਿਰਸਵਾਰਥ ਸੇਵਾ ਕਰਨ ਵਿਚ ਸਭ ਤੋਂ ਅੱਗੇ ਹੈ।*

*ਪਰ ਮਨੁੱਖਤਾ ਲਈ ਸੇਵਾ-ਭਾਵ ਰੱਖਣ ਵਾਲੀ ਸਿੱਖ ਕੌਮ ਅੱਜ ਕਈ ਵੰਗਾਰਾਂ ਦੇ ਰੂਬਰੂ ਹੈ। ਸਿੱਖਾਂ ਨੂੰ ਦੇਸ਼-ਦੁਨੀਆਂ ਅੰਦਰ ਆਪਣੀ ਹੋਂਦ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀਆਂ ਘਟਨਾਵਾਂ ਅਕਸਰ ਵਾਪਰ ਰਹੀਆਂ ਹਨ। ਤਾਜ਼ਾ ਘਟਨਾ ਦੀ ਗੱਲ ਕਰੀਏ ਤਾਂ ਲੰਘੀ ੨੬ ਜਨਵਰੀ ਨੂੰ ਗਣਤੰਤਰਤਾ ਦਿਵਸ ਸਮੇਂ ਪਰੇਡ ਵਿਚ ਸਿੱਖ ਰੈਜੀਮੈਂਟ ਨੂੰ ਸ਼ਾਮਿਲ ਨਹੀਂ ਕੀਤਾ ਗਿਆ, ਜਦੋਂ ਕਿ ੨੦੧੫ ਦੇ ਗਣਤੰਤਰਤਾ ਦਿਵਸ ਸਮੇਂ ਅਮਰੀਕਾ ਦੇ ਰਾਸ਼ਟਰਪਤੀ ਮਿਸਟਰ ਬਰਾਕ ਓਬਾਮਾ ਦੇ ਪਰੇਡ ਵਿਚ ਸ਼ਾਮਿਲ ਹੋਣ ਸਮੇਂ ਬਰਗੇਡ ਆਫ਼ ਗਾਰਡ ਰੈਜੀਮੈਂਟ ਦੇ ਨਾਲ ਸਿੱਖ ਰੈਜੀਮੈਂਟ ਨੂੰ ਸਾਂਝੇ ਤੌਰ 'ਤੇ 'ਬੈਸਟ ਮਾਰਚਿੰਗ ਕੋਂਟੀਜੈਂਟਸ ਐਵਾਰਡ' ਦਿੱਤਾ ਗਿਆ ਸੀ। ਹਮੇਸ਼ਾਂ ਸਿੱਖ ਰੈਜੀਮੈਂਟ ਦਸਤਾਰਾਂ ਨਾਲ ਪਰੇਡ ਦੀ ਸ਼ਾਨ ਬਣਦੀ ਰਹੀ ਹੈ। ਹੱਦ ਤਾਂ ਉਦੋਂ ਹੋਈ ਜਦੋਂ ਪਰੇਡ ਵਿਚ ਸ਼ਾਮਿਲ ਫੌਜ ਦੇ ਤਿੰਨ ਅੰਗਾਂ (ਜਲ ਸੈਨਾ, ਥਲ ਸੈਨਾ ਤੇ ਹਵਾਈ ਸੈਨਾ) ਦੀਆਂ ਵੱਖ-ਵੱਖ ਟੁਕੜੀਆਂ ਦੀ ਅਗਵਾਈ ਵੀ ਕਿਸੇ ਸਿੱਖ ਅਫਸਰ ਨੂੰ ਨਹੀਂ ਸੌਂਪੀ ਗਈ, ਜਦਕਿ ਭਾਰਤੀ ਫੌਜ ਦੇ ਤਿੰਨਾਂ ਅੰਗਾਂ ਵਿਚ ਸਿੱਖ ਅਫ਼ਸਰਾਂ ਦੀ ਗਿਣਤੀ ੩੦ ਫੀਸਦੀ ਤੋਂ ਵਧੇਰੇ ਹੈ। ਸਿੱਖਾਂ ਨਾਲ ਇਹ ਵਿਤਕਰਾ ਗ਼ਲੇ ਤੋਂ ਨਹੀਂ ਉਤਰ ਰਿਹਾ, ਕਿਉਂਕਿ ਸਿੱਖਾਂ ਵੱਲੋਂ ਆਜ਼ਾਦੀ ਦੀ ਲੜਾਈ ਵਿਚ ੮੦ ਫੀਸਦੀ ਤੋਂ ਵੱਧ ਕੁਰਬਾਨੀਆਂ ਦੇਣ ਦਾ ਲਾਸਾਨੀ ਇਤਿਹਾਸ*

ਹੈ। ਇਹ ਉਸ ਸਮੇਂ ਕੀਤਾ ਗਿਆ ਜਦੋਂ ਫਰਾਂਸ ਦੇ ਰਾਸ਼ਟਰਪਤੀ ਉਥੇ ਮੌਜੂਦ ਸਨ। ਫਰਾਂਸ ਦੇ ਸਕੂਲਾਂ ਵਿਚ ਦਸਤਾਰ ਦੇ ਮੁੱਦੇ ਨੂੰ ਲੈ ਕੇ ਸਿੱਖ ਲੰਬੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ। ਇਸੇ ਤਹਿਤ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ੨੧ ਜਨਵਰੀ ੨੦੧੬ ਨੂੰ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਸਿੱਖਾਂ ਨੂੰ ਫਰਾਂਸ ਵਿਚ ਦਰਪੇਸ਼ ਸਮੱਸਿਆਵਾਂ ਦਾ ਹੱਲ ਕੱਢਣ ਲਈ ਫਰਾਂਸ ਦੇ ਰਾਸ਼ਟਰਪਤੀ ਫ਼ਰਾਂਸੋਵਾ ਓਲਾਂਦ ਨੂੰ ਮਿਲਣ ਦੀ ਇੱਛਾ ਜਾਹਿਰ ਕੀਤੀ ਗਈ ਸੀ। ਜਦੋਂ ਸਿੱਖ ਦਸਤਾਰ ਦੀ ਮਹਾਨਤਾ ਨੂੰ ਕਿਸੇ ਵਿਦੇਸ਼ੀ ਮੁਲਕ ਦੇ ਮੁਖੀ ਅੱਗੇ ਪੇਸ਼ ਕਰਨ ਲਈ ਯਤਨ ਕਰ ਰਹੇ ਸਨ ਤਾਂ ਕੇਂਦਰ ਸਰਕਾਰ ਨੇ ਦੇਸ਼ ਦੀ ਕੌਮੀ ਪਰੇਡ ਵਿੱਚੋਂ ਦਸਤਾਰ ਨੂੰ ਅਲੋਪ ਕਰ ਦਿੱਤਾ। ਇਹ ਵਿਤਕਰੇ ਭਰਿਆ ਵਰਤਾਰਾ ਹੈ।

ਸਿਰਲੇਖ ਵਿਚ ਅਸੀਂ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਦੀ ਗੱਲ ਕੀਤੀ ਹੈ। ਪਿਛਲੇ ਸਮੇਂ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਵੀ ਇਸੇ ਲੜੀ ਵਿਚ ਰੱਖਿਆ ਜਾ ਸਕਦਾ ਹੈ। ਇਸ ਵਿਚ ਕੋਈ ਸ਼ੱਕ ਨਹੀਂ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਿੱਖ ਕੌਮ ਦੇ ਇਸ਼ਟ ਹਨ ਪਰ ਇਹ ਵੀ ਸੱਚ ਹੈ ਕਿ ਗੁਰਬਾਣੀ ਦੀ ਵਿਚਾਰਧਾਰਾ ਸਮੁੱਚੀ ਮਨੁੱਖਤਾ ਨੂੰ ਸਾਂਝਾ ਉਪਦੇਸ਼ ਦਿੰਦੀ ਹੈ। ਗੁਰਬਾਣੀ ਅੰਦਰ ਸਾਂਝੀਵਾਲਤਾ ਦਾ ਉਪਦੇਸ਼ ਦ੍ਰਿੜ੍ਹ ਕਰਵਾਇਆ ਗਿਆ ਹੈ। ਵਿਸ਼ਵ-ਭਾਈਚਾਰੇ ਦੇ ਸਰਬਪੱਖੀ ਕਲਿਆਣ ਲਈ ਗੁਰਬਾਣੀ ਦਾ ਪਾਵਨ ਸੰਦੇਸ਼ ਸਰਬੱਤ ਦੇ ਭਲੇ ਦੀ ਭਾਵਨਾ ਪ੍ਰਗਟ ਕਰਦਾ ਹੈ। ਕਹਿਣ ਦਾ ਭਾਵ ਹੈ ਕਿ ਗੁਰਬਾਣੀ ਸਮੁੱਚੀ ਮਾਨਵਤਾ ਨੂੰ ਹੀ ਆਪਣੇ ਕਲਾਵੇ ਵਿਚ ਲੈਂਦੀ ਹੈ ਅਤੇ ਮਨੁੱਖ ਦੇ ਜੀਵਨ ਨੂੰ ਬੁਰਾਈਆਂ ਤੋਂ ਵਰਜ ਕੇ ਜੀਵਨ ਦੇ ਸਹੀ ਰਸਤੇ ਦੀ ਸੋਝੀ ਕਰਵਾਉਂਦੀ ਹੈ। ਪਰੰਤੂ ਦੁਖਦ ਪਹਿਲੂ ਇਹ ਹੈ ਕਿ ਮਨੁੱਖਤਾ ਨੂੰ ਜਿੰਦਗੀ ਬਖਸ਼ਣ ਵਾਲੇ ਇਸ ਪਾਵਨ ਪਵਿੱਤਰ ਗ੍ਰੰਥ ਦੀ ਹੀ ਬੇਅਦਬੀ ਦੀਆਂ ਘਟਨਾਵਾਂ ਵਾਪਰ ਗਈਆਂ। ਅਜਿਹਾ ਕਾਰਾ ਕੋਈ ਧਰਮੀਂ ਮਨੁੱਖ ਨਹੀਂ ਕਰ ਸਕਦਾ, ਸਗੋਂ ਕੋਈ ਮਨੁੱਖਤਾ ਵਿਰੋਧੀ ਸੋਚ ਰੱਖਣ ਵਾਲਾ ਹੀ ਅਜਿਹੀ ਘਿਨਾਉਣੀ ਹਰਕਤ ਕਰ ਸਕਦਾ ਹੈ। ਇਨ੍ਹਾਂ ਦੁਖਦਾਈ ਘਟਨਾਵਾਂ ਕਾਰਨ ਸਿੱਖ ਕੌਮ ਦਾ ਪੀੜ-ਪੀੜ ਹੋਣਾ ਕੁਦਰਤੀ ਸੀ।

ਹੋਰ ਗੱਲ ਕਰੀਏ ਤਾਂ ਅਜੇ ਇਨ੍ਹਾਂ ਘਟਨਾਵਾਂ ਦੀਆਂ ਖਬਰਾਂ ਦੀ ਸਿਆਹੀ ਵੀ ਨਹੀਂ ਸੁੱਕੀ ਸੀ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਡਿਊਟੀ ਨਿਭਾਅ ਰਹੇ ਸੇਵਾਦਰ ਨੂੰ ਬਾਹਰੋਂ ਆਈ ਗੋਲੀ ਲੱਗਣ ਦਾ ਮਾਮਲਾ ਸਾਹਮਣੇ ਆ ਗਿਆ। ਇਥੇ ਹੀ ਬਸ ਨਹੀਂ, ਇਸੇ ਤਰ੍ਹਾਂ ਦੀ ਘਟਨਾ ਸ੍ਰੀ ਮੁਕਤਸਰ ਸਾਹਿਬ ਦੇ ਗੁਰਦੁਆਰਾ ਸਾਹਿਬ ਵਿਖੇ ਵੀ ਵਾਪਰ ਗਈ। ਇਸ ਦੇ ਨਾਲ ਹੀ ਵੱਖ-ਵੱਖ ਥਾਵਾਂ 'ਤੇ ਸਿੱਖ ਸਿਧਾਂਤਾਂ ਅਤੇ ਰਹਿਤ ਮਰਯਾਦਾ ਨਾਲ ਛੇੜ-ਛਾੜ ਖ਼ਬਰਾਂ ਵੀ ਸਾਹਮਣੇ ਆਈਆਂ। ਦੁਬਈ ਦੇ ਇੱਕ ਗੁਰਦੁਆਰਾ ਸਾਹਿਬ ਵਿਚ ਅਰਦਾਸ ਦੇ ਪ੍ਰੰਪਰਿਕ ਸਰੂਪ ਨੂੰ ਵਿਗਾੜਨ ਦੀ ਮਨਮੱਤੀ ਕਾਰਵਾਈ ਨੂੰ ਅੰਜਾਮ ਦੇਣਾ, ਇਸ ਤੋਂ ਕੁਝ ਦਿਨ ਬਾਅਦ ਦੁਬਈ ਵਿਖੇ ਹੀ ਅੰਮ੍ਰਿਤ ਤਿਆਰ ਕਰਨ ਦੀ ਮਰਯਾਦਾ ਨੂੰ ਤਬਦੀਲ ਕਰਨਾ, ਸੋਸ਼ਲ ਮੀਡੀਆ 'ਤੇ ਸਿੱਖਾਂ ਦੇ ਸੰਜੀਦਾ ਮਸਲਿਆਂ ਸਬੰਧੀ ਆਪ-ਮੁਹਾਰਾ ਟਿੱਪਣੀਆਂ, ਸਿੱਖਾਂ ਨਾਲ ਜੋੜ ਕੇ ਬਣਾਏ ਜਾਂਦੇ ਭੱਦੇ ਚੁਟਕਲੇ ਆਦਿ ਅਨੇਕਾਂ ਮਿਸਾਲਾਂ ਹਨ, ਜੋ ਚਿੰਤਾਜਨਕ ਹਨ।

ਸਵਾਲ ਪੈਦਾ ਹੁੰਦਾ ਹੈ ਕਿ ਕੀ ਸਿੱਖਾਂ ਦੀਆਂ ਭਾਵਨਾਵਾਂ ਨੂੰ ਤਾਰ-ਤਾਰ ਕਰਨ ਵਾਲੀਆਂ ਅਜਿਹੀਆਂ ਘਟਨਾਵਾਂ ਕਿਸੇ ਸੋਚੀ ਸਮਝੀ ਚਾਲ ਦਾ ਹਿੱਸਾ ਤਾਂ ਨਹੀਂ ਹਨ। ਕਿਧਰੇ ਅਜਿਹਾ ਤਾਂ ਨਹੀਂ ਹੈ ਕਿ ਸਿੱਖ ਵਿਰੋਧੀ ਸ਼ਕਤੀਆਂ ਸਿੱਖਾਂ ਅੰਦਰ ਤਲਖੀ ਭਰੇ ਹਾਲਾਤ ਪੈਦਾ ਕਰਕੇ ਆਪਣੇ ਮੁਫਾਦ ਸਿੱਧ ਕਰਨਾ ਚਾਹੁੰਦੀਆਂ ਹੋਣ। ਇਸ ਸਬੰਧ ਵਿਚ ਕੌਮ ਨੂੰ ਸੁਹਿਰਦਤਾ, ਸੰਜੀਦਗੀ ਅਤੇ ਹਲੇਮੀ ਤੋਂ ਕੰਮ ਲੈਣ ਦੀ ਵੱਡੀ ਜ਼ਰੂਰਤ ਹੈ। ਇਸ ਲਈ ਸਿੱਖ ਕੌਮ ਨੂੰ ਸੁਚੇਤ ਰਹਿਣਾ ਪਵੇਗਾ ਤਾਂ ਜੋ ਕੌਮੀ ਇੱਕਜੁਟਤਾ ਨੂੰ ਤਾਰ-ਤਾਰ ਕਰਨ ਵਾਲੀਆਂ ਸ਼ਕਤੀਆਂ ਦੀਆਂ ਚਾਲਾਂ ਕਦੇ ਵੀ ਕਾਮਯਾਬ ਨਾ ਹੋ ਸਕਣ।

-ਦਿਲਜੀਤ ਸਿੰਘ 'ਬੇਦੀ'

# ਸ਼ਹੀਦੀ ਸਾਕਾ ਸ੍ਰੀ ਨਨਕਾਣਾ ਸਾਹਿਬ



-ਜਥੇਦਾਰ ਅਵਤਾਰ ਸਿੰਘ*

ਸਿੱਖ ਧਰਮ ਦੀ ਭਵਿੱਖ-ਮੁਖੀ ਪਹੁੰਚ ਲਈ ਵੱਖ-ਵੱਖ ਸੰਸਥਾਵਾਂ ਜਿਵੇਂ ਸੰਗਤ, ਪੰਗਤ ਤੇ ਧਰਮਸਾਲ ਆਦਿ ਸਥਾਪਤ ਹੋਈਆਂ। ਧਰਮਸਾਲ ਦੀ ਸੰਸਥਾ ਨੇ ਸ੍ਰੀ ਗੁਰੂ ਨਾਨਕ ਦੇਵ ਦੇ ਸਮੇਂ ਤੋਂ ਆਰੰਭ ਹੋ ਕੇ ਗੁਰਦੁਆਰਾ ਸਾਹਿਬ ਤਕ ਦਾ ਸਫ਼ਰ ਤੈਅ ਕੀਤਾ। ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਅਤੇ ਸੇਵਾ-ਸੰਭਾਲ ਪ੍ਰਤੀ ਸਿੱਖ ਹਮੇਸ਼ਾਂ ਚੇਤੰਨ ਰਹਿੰਦੇ ਹਨ ਅਤੇ ਜਦ ਕਦੇ ਵੀ ਗੁਰਦੁਆਰਾ ਪ੍ਰਬੰਧ 'ਚ ਖਾਮੀਆਂ ਆਈਆਂ ਤਾਂ ਉਨ੍ਹਾਂ ਤੋਂ ਨਿਜ਼ਾਤ ਦਿਵਾਉਣ ਲਈਜ ਸਿੱਖਾਂ ਨੇ ਹਮੇਸ਼ਾਂ ਇਕਜੁਟ ਹੋ ਕੇ ਯਤਨ ਕੀਤੇ ਹਨ। ਗੁਰੂ-ਘਰਾਂ ਨੂੰ ਅਜਿਹੇ ਹੀ ਨਿਘਾਰ ਤੋਂ ਮੁਕਤ ਕਰਵਾ ਕੇ ਗੁਰਮਤਿ ਅਨੁਸਾਰੀ ਪ੍ਰਬੰਧ ਚਲਾਉਣ ਦੇ ਯਤਨਾਂ ਨੂੰ ਸਿੱਖ ਇਤਿਹਾਸ ਵਿਚ "ਗੁਰਦੁਆਰਾ ਸੁਧਾਰ ਲਹਿਰ" ਦੇ ਨਾਂ ਨਾਲ ਜਾਣਿਆਂ ਜਾਂਦਾ ਹੈ।

ਮਹਾਰਾਜਾ ਰਣਜੀਤ ਸਿੰਘ ਨੇ ਆਪਣੇ ਰਾਜ ਦੌਰਾਨ ਗੁਰਦੁਆਰਾ ਸਾਹਿਬਾਨ ਦੇ ਨਾਮ ਜ਼ਮੀਨਾਂ ਤੇ ਜਗੀਰਾਂ ਆਦਿ ਲਗਵਾਈਆਂ ਅਤੇ ਗੁਰਦੁਆਰਾ ਸਾਹਿਬਾਨ ਦੀਆਂ ਨਵੀਆਂ ਇਮਾਰਤਾਂ ਵੀ ਤਿਆਰ ਕਰਵਾਈਆਂ ਪਰ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਨੂੰ ਪੰਥਕ ਪ੍ਰਬੰਧ ਹੇਠ ਲੈਣ ਲਈ ਕੋਈ ਉਚੇਚਾ ਯਤਨ ਨਾ ਕੀਤਾ। ਅੰਗਰੇਜ਼ੀ ਰਾਜ 'ਚ ਗੁਰਦੁਆਰਾ ਪ੍ਰਬੰਧ ਵਿਚ ਵਿਗਾੜ ਆਉਣੇ ਸ਼ੁਰੂ ਹੋ ਗਏ ਅਤੇ ਪ੍ਰਬੰਧ ਵਿਚ ਸਿੱਧੀ ਦਖ਼ਲ-ਅੰਦਾਜ਼ੀ ਹੋਣ ਲੱਗੀ। ਗੁਰਦੁਆਰਿਆਂ ਦੇ ਪ੍ਰਬੰਧਕ ਮਨਮਾਨੀਆਂ ਅਤੇ ਗੁਰਮਤਿ ਵਿਰੋਧੀ ਕਾਰਵਾਈਆਂ ਕਰਨ ਲੱਗ ਪਏ। ਇਸ ਨਾਲ ਸਿੱਖਾਂ 'ਚ ਰੋਸ ਤੇ ਰੋਹ ਪੈਦਾ ਹੋ ਗਿਆ ਅਤੇ ਇਸੇ ਰੋਸ ਨੇ 'ਗੁਰਦੁਆਰਾ ਸੁਧਾਰ ਲਹਿਰ' ਨੂੰ ਜਨਮ ਦਿੱਤਾ, ਜਿਸ ਵਿਚ ਸਿੰਘਾਂ ਨੂੰ ਭਾਰੀ ਕੁਰਬਾਨੀਆਂ ਦੇਣੀਆਂ ਪਈਆਂ। ਇਸ ਲਹਿਰ ਦੇ ਦੌਰਾਨ ਸਿੱਖਾਂ ਵੱਲੋਂ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ 'ਚ ਸੁਧਾਰ ਹਿਤ ਗੁਰਦੁਆਰਾ ਸਾਹਿਬ ਨੂੰ ਮਹੰਤਸ਼ਾਹੀ ਤੋਂ ਆਜ਼ਾਦ ਕਰਵਾਉਣ ਲਈ ਸ਼ਾਂਤਮਈ ਰੋਸ ਪ੍ਰਗਟ ਕਰਨ ਲਈ ਫਰਵਰੀ ੧੯੨੧ ਨੂੰ ਇਕੱਤਰ ਹੋਏ ਸਿੱਖਾਂ ਦੇ ਕਤਲੇਆਮ ਦੀ ਘਟਨਾ ਨੂੰ 'ਸ਼ਹੀਦੀ ਸਾਕਾ ਸ੍ਰੀ ਨਨਕਾਣਾ ਸਾਹਿਬ' ਵਜੋਂ ਜਾਣਿਆ ਜਾਂਦਾ ਹੈ।

ਸ੍ਰੀ ਨਨਕਾਣਾ ਸਾਹਿਬ 'ਤੇ ਕਾਬਜ ਮਹੰਤ ਨਰਾਇਣ ਦਾਸ ਗੁਰਮਤਿ ਵਿਰੋਧੀ ਕਾਰਵਾਈਆਂ ਕਾਰਨ ਬਹੁਤ ਬਦਨਾਮ ਹੋ ਚੁੱਕਾ ਸੀ। ਅਗਸਤ ੧੯੧੮ ਈ: ਵਿਚ ਇਸ ਮਹੰਤ ਨੇ ਗੁਰਮਤਿ ਦੇ ਉਲਟ ਗੁਰਦੁਆਰਾ ਜਨਮ ਅਸਥਾਨ ਕੋਲ ਕੰਜਰੀਆਂ ਦਾ ਨਾਚ ਕਰਾਇਆ, ਜਿਸ ਦਾ ਸੰਗਤਾਂ ਨੇ ਬਹੁਤ ਬੁਰਾ ਮਨਾਇਆ। ਅਖ਼ਬਾਰਾਂ ਵਿਚ ਵੀ ਖ਼ਬਰਾਂ ਛਪੀਆਂ, ਸਿੰਘ ਸਭਾਵਾਂ ਨੇ ਰੋਸ ਮਤੇ ਪਾਸ ਕੀਤੇ ਤੇ ਸਰਕਾਰ ਤੋਂ ਮਹੰਤ ਨੂੰ ਹਟਾਉਣ ਦੀ ਮੰਗ ਕੀਤੀ ਗਈ। ੧੯੧੮ ਈ: ਵਿਚ ਸਿੰਧ ਦਾ ਰਹਿਣ ਵਾਲਾ ਇੱਕ ਰਿਟਾਇਰ ਅਫ਼ਸਰ ਸ੍ਰੀ ਨਨਕਾਣਾ ਸਾਹਿਬ ਦੇ ਦਰਸ਼ਨਾਂ ਲਈ ਆਪਣੇ ਪਰਿਵਾਰ ਨਾਲ ਆਇਆ ਤਾਂ ਮਹੰਤ ਨੇ ਉਸ ਦੇ ਪਰਿਵਾਰ ਨਾਲ ਦੁਰ-ਵਿਵਹਾਰ ਕੀਤਾ। ਅਜਿਹੀਆਂ ਹਰਕਤਾਂ ਤੋਂ ਲੋਕ ਤੰਗ ਆ ਚੁੱਕੇ ਸਨ ਅਤੇ ਉਨ੍ਹਾਂ ਦੇ ਸਬਰ ਦਾ ਅੰਤ ਹੋ ਚੁੱਕਾ ਸੀ। ਅਕਤੂਬਰ ੧੯੨੦ ਈ. ਵਿਚ ਜ਼ਿਲ੍ਹਾ ਸ਼ੇਖੂਪੁਰਾ ਦੇ ਪਿੰਡ ਧਾਰੋਵਾਲੀ ਵਿਖੇ ਇਕ ਸਜੇ ਦੀਵਾਨ ਵਿਚ ਸੰਗਤਾਂ ਦੇ ਇਕੱਠ 'ਚ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ ਦੇ ਸੁਧਾਰ ਲਈ ਮਤਾ ਪਾਸ ਕੀਤਾ, ਜਿਸ ਦੀ ਜਾਣਕਾਰੀ ਮਹੰਤ ਨੂੰ ਵੀ ਪਹੁੰਚ ਗਈ ਸੀ। ਇਸ ਲਈ ਉਸ ਨੇ

*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਚਾਰ-ਪੰਜ ਸੌ ਭਾੜੇ ਦੇ ਆਦਮੀ ਆਪਣੀ ਰਾਖੀ ਲਈ ਸੱਦ ਲਏ।

੧੯੨੦ ਈ: ਨੂੰ ਕੱਤਕ ਦੀ ਪੂਰਨਮਾਸ਼ੀ ਦੇ ਮੇਲੇ 'ਤੇ ਮਹੰਤ ਨਰਾਇਣ ਦਾਸ ਨੇ ਚਾਰ-ਪੰਜ ਸੌ ਆਦਮੀਆਂ ਦਾ ਇਕੱਠ ਕਰਕੇ ਸੰਗਤ 'ਚ ਦਹਿਸ਼ਤ ਪੈਦਾ ਕਰਨ ਲਈ ਆਪਣੀ ਤਾਕਤ ਦਾ ਮੁਜ਼ਾਹਰਾ ਕੀਤਾ। ਸੰਗਤਾਂ ਵਿੱਚੋਂ ਜਿਸ ਉਤੇ ਵੀ ਅਕਾਲੀ ਹੋਣ ਦਾ ਸ਼ੱਕ ਪਿਆ, ਉਸਨੂੰ ਅੰਦਰ ਜਾਣ ਤੋਂ ਰੋਕ ਦਿੱਤਾ। ਇਸ ਪਿਛੋਂ ਇਸ ਮਸਲੇ ਨੂੰ ਸਿੱਖ ਜਗਤ ਦੇ ਨੁਮਾਇੰਦਿਆਂ ਨੇ ਪੰਥਕ ਤੌਰ 'ਤੇ ਆਪਣੇ ਹੱਥ ਵਿਚ ਲੈ ਲਿਆ। ੨੩ ਜਨਵਰੀ ਤੇ ੬ ਫਰਵਰੀ ੧੯੨੧ ਈ: ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਉਤੇ ਸ਼੍ਰੋਮਣੀ ਕਮੇਟੀ ਦੇ ਸਮਾਗਮ ਵਿਚ ਇਸ ਸਬੰਧੀ ਵਿਚਾਰਾਂ ਹੋਈਆਂ। ਉਸ ਸਮੇਂ ਕਮੇਟੀ ਦੇ ਪ੍ਰਧਾਨ ਸ. ਸੁੰਦਰ ਸਿੰਘ ਰਾਮਗੜ੍ਹੀਆ ਤੇ ਮੀਤ ਪ੍ਰਧਾਨ ਸ. ਹਰਬੰਸ ਸਿੰਘ ਵੱਲੋਂ ਕਮੇਟੀ ਦੀ ਰਾਏ ਅਨੁਸਾਰ ਮਹੰਤ ਦੇ ਨਾਮ 'ਤੇ ਉਸ ਦੇ ਆਚਰਣ ਸਬੰਧੀ ਗੁਰਦੁਆਰੇ ਸਾਹਿਬ ਦੇ ਪ੍ਰਬੰਧ ਸੁਧਾਰ ਲਈ ਖੁਲ੍ਹੀ ਚਿੱਠੀ ਲਿਖੀ ਗਈ। ਇਸ ਦੇ ਨਾਲ ਹੀ ਸ੍ਰੀ ਨਨਕਾਣਾ ਸਾਹਿਬ ਵਿਖੇ ਦੀਵਾਨ ਤੇ ਲੰਗਰ ਦੇ ਪ੍ਰਬੰਧ ਲਈ ਭਾਈ ਲਛਮਣ ਸਿੰਘ, ਸ. ਦਲੀਪ ਸਿੰਘ, ਸ. ਤੇਜਾ ਸਿੰਘ ਸਮੁੰਦਰੀ, ਸ. ਕਰਤਾਰ ਸਿੰਘ ਝੱਬਰ ਅਤੇ ਸ. ਬਖਸ਼ੀਸ਼ ਸਿੰਘ 'ਤੇ ਅਧਾਰਤ ਇਕ ਕਮੇਟੀ ਬਣਾ ਦਿੱਤੀ। ਇਨ੍ਹਾਂ ਤੋਂ ਇਲਾਵਾ ਮਾਸਟਰ ਤਾਰਾ ਸਿੰਘ, ਭਾਈ ਤੇਜਾ ਸਿੰਘ ਚੂਹੜਕਾਣਾ, ਸ. ਸੁੱਚਾ ਸਿੰਘ, ਭਾਈ ਬੂਟਾ ਸਿੰਘ, ਸ. ਰਾਜਾ ਸਿੰਘ ਜੜ੍ਹਾਂਵਾਲਾ ਆਦਿ ਵੀ ਸ੍ਰੀ ਨਨਕਾਣਾ ਸਾਹਿਬ ਦੇ ਪ੍ਰਬੰਧ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਦੇ ਰਹੇ। ਦੂਜੇ ਪਾਸੇ ਮਹੰਤ ਨਰਾਇਣ ਦਾਸ ਨੇ ੭ ਫਰਵਰੀ ਨੂੰ ਆਪਣੇ ਹਮਾਇਤੀਆਂ ਦੀ ਇਕੱਤਰਤਾ ਬੁਲਾਈ ਇਨ੍ਹਾਂ ਵਿਚ ਭੱਟੀ ਮੁਸਲਮਾਨ, ਬਾਬਾ ਕਰਤਾਰ ਸਿੰਘ ਬੇਦੀ, ਮੰਗਲ ਸਿੰਘ ਕੂਕਾ ਆਦਿ ਸ਼ਾਮਲ ਹੋਏ।

ਸਿੱਖ ਸੰਗਤਾਂ ਨੇ ਮਹੰਤ ਦੀਆਂ ਘਟੀਆਂ ਕਾਰਵਾਈਆਂ ਨੂੰ ਰੋਕਣ ਲਈ ੧੯ ਫਰਵਰੀ ਨੂੰ ਸ੍ਰੀ ਨਨਕਾਣਾ ਸਾਹਿਬ ਪਹੁੰਚਣ ਦਾ ਫੈਸਲਾ ਕੀਤਾ। ਸਿੱਖ ਸੰਗਤਾਂ ਦੇ ਮੁਖੀਆਂ ਨੇ ਅਕਾਲੀ ਅਖ਼ਬਾਰ ਦੇ ਦਫ਼ਤਰ ਵਿਚ ਫੈਸਲਾ ਕੀਤਾ ਕੇ ਕੋਈ ਪੱਕੀ ਤਰੀਕ ਨਿਸ਼ਚਿਤ ਕੀਤੇ ਬਿਨਾਂ ਕੋਈ ਜਥਾ ਸ੍ਰੀ ਨਨਕਾਣਾ ਸਾਹਿਬ ਨਾ ਜਾਵੇ। ਪਰ ਭਾਈ ਲਛਮਣ ਸਿੰਘ ਧਾਰੋਵਾਲੀ ਤੇ ਸ. ਕਰਤਾਰ ਸਿੰਘ ਝੱਬਰ ਆਪਣੇ-ਆਪਣੇ ਜਥੇ ਲੈ ਕੇ ਸ੍ਰੀ ਨਨਕਾਣਾ ਸਾਹਿਬ ਪੁੱਜਣਾ ਚਾਹੁੰਦੇ ਸਨ। ਦੋਹਾਂ ਜਥਿਆਂ ਨੂੰ ਰੋਕਣ ਦਾ ਯਤਨ ਕੀਤਾ ਗਿਆ। ਭਾਈ ਕਰਤਾਰ ਸਿੰਘ ਝੱਬਰ ਦਾ ਜਥਾ ਰੋਕ ਲਿਆ ਗਿਆ ਪਰ ਭਾਈ ਲਛਮਣ ਸਿੰਘ ਦਾ ਜਥਾ ਨਾ ਰੁਕਿਆ ਅਤੇ ਇਹ ਜਥਾ ੨੦ ਫਰਵਰੀ ਨੂੰ ਸ੍ਰੀ ਨਨਕਾਣਾ ਸਾਹਿਬ ਪਹੁੰਚ ਗਿਆ।

ਮਹੰਤ ਨਰਾਇਣ ਦਾਸ ਨੇ ਮੁਕਾਬਲੇ ਦੀ ਪੂਰੀ ਤਿਆਰੀ ਕੀਤੀ ਹੋਈ ਸੀ। ਉਸ ਨੇ ਮਿੱਟੀ ਦਾ ਤੇਲ, ਛਵੀਆਂ, ਗੰਡਾਸੇ, ਲੱਕੜਾਂ, ਬੰਦੂਕਾਂ ਤੇ ਕਾਰਤੂਸ ਆਦਿ ਕਾਫੀ ਮਾਤਰਾ ਵਿਚ ਮੰਗਵਾ ਲਏ ਸਨ। ਜਦੋਂ ਸਿੰਘਾਂ ਦਾ ਜਥਾ ਗੁਰਦੁਆਰਾ ਜਨਮ ਅਸਥਾਨ ਦਾਖ਼ਲ ਹੋਇਆ ਤਾਂ ਮਹੰਤ ਨੇ ਬਾਹਰਲੇ ਦਰਵਾਜ਼ੇ ਬੰਦ ਕਰਵਾ ਦਿੱਤੇ ਅਤੇ ਉਸ ਦੇ ਭਾੜੇ ਦੇ ਗੁੰਡਿਆਂ ਨੇ ਸਿੰਘਾਂ 'ਤੇ ਵਾਰ ਕਰਨੇ ਸ਼ੁਰੂ ਕਰ ਦਿੱਤੇ, ਛੱਤ ਦੇ ਉਪਰੋਂ ਗੋਲੀਆਂ ਚਲਾ ਕੇ ਸ਼ਾਂਤਮਈ ਸਿੰਘਾਂ ਨੂੰ ਵਿੰਨ੍ਹ ਦਿੱਤਾ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਸਿੰਘ ਨੂੰ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੀੜ ਵਿਚ ਕਈ ਗੋਲੀਆਂ ਲੱਗੀਆਂ। ਭਾਈ ਲਛਮਣ ਸਿੰਘ ਨੂੰ ਜ਼ਖ਼ਮੀ ਹਾਲਤ ਵਿਚ ਜੰਡ ਨਾਲ ਬੰਨ੍ਹ ਕੇ ਜਿਊਂਦੇ ਸਾੜ ਦਿੱਤਾ ਗਿਆ ਅਤੇ ਜ਼ਖਮੀ ਸਿੰਘਾਂ ਨੂੰ ਤੇਲ ਪਾ ਕੇ ਸਾੜਿਆ ਗਿਆ। ਸ. ਦਲੀਪ ਸਿੰਘ ਜੀ ਉਸ ਸਮੇਂ ਸ. ਉਤਮ ਸਿੰਘ ਦੇ ਕਾਰਖਾਨੇ ਵਿਚ ਸਨ, ਜਦੋਂ ਉਨ੍ਹਾਂ ਨੇ ਗੋਲੀਆਂ ਦੀ ਅਵਾਜ਼ ਸੁਣੀ ਤਾਂ ਉਹ ਵੀ ਭੱਜ ਕੇ ਗੁਰਦੁਆਰਾ ਸਾਹਿਬ ਆ ਗਏ ਤੇ ਮਹੰਤ ਦੇ ਗੁੰਡਿਆਂ ਨੇ ਛਵੀਆਂ ਤੇ ਗੰਡਾਸਿਆਂ ਦੇ ਵਾਰ ਕੀਤੇ ਫਿਰ ਉਨ੍ਹਾਂ ਨੂੰ ਭੱਖਦੀ ਭੱਠੀ ਵਿਚ ਸੁੱਟ ਦਿੱਤਾ। ਇਸ ਖ਼ੂਨੀ ਸਾਕੇ ਸਬੰਧੀ ਸ. ਉਤਮ ਸਿੰਘ ਕਾਰਖਾਨੇ ਵਾਲਿਆਂ ਨੇ ਪੰਥਕ ਜਥੇਬੰਦੀ ਤੇ ਸਰਕਾਰੀ ਅਫ਼ਸਰਾਂ ਨੂੰ ਤਾਰਾਂ ਭੇਜੀਆਂ। ੨੧ ਫਰਵਰੀ ੧੯੨੧ ਈ: ਨੂੰ ਸਿੱਖ ਮੁਖੀ ਤੇ ਅਣਗਿਣਤ ਸੰਗਤਾਂ ਸ੍ਰੀ ਨਨਕਾਣਾ ਸਾਹਿਬ ਪੁੱਜੀਆਂ। ਉਸੇ ਦਿਨ ਸ਼ਾਮ ਨੂੰ ਸ੍ਰੀ ਨਨਕਾਣਾ ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੱਥਾਂ ਵਿਚ ਆ ਗਿਆ। ਸ੍ਰੀ ਨਨਕਾਣਾ ਸਾਹਿਬ ਦੇ ਇਸ ਖ਼ੂਨੀ ਸਾਕੇ ਦੀ ਖ਼ਬਰ ਨੇ ਸਿੱਖਾਂ ਵਿਚ ਰੋਹ ਦੀ ਅੱਗ ਭੜਕਾ ਦਿੱਤੀ। ਸ਼੍ਰੋਮਣੀ ਕਮੇਟੀ ਨੂੰ ਹਮਦਰਦੀ ਦੀਆਂ ਤਾਰਾਂ ਪੁੱਜੀਆਂ। ਸਾਰੇ ਕੌਮੀ ਅਖ਼ਬਾਰਾਂ ਨੇ ਇਸ ਖ਼ੂਨੀ ਸਾਕੇ ਸਬੰਧੀ ਦਰਦਨਾਕ ਲੇਖ ਲਿਖੇ, ਪਰ

ਅੰਗਰੇਜ਼ ਪੱਖੀ ਅਖ਼ਬਾਰਾਂ ਨੇ ਸਿੱਖਾਂ ਵਿਰੁੱਧ ਪ੍ਰਚਾਰ ਕੀਤਾ ਤੇ ਸ੍ਰੀ ਨਨਕਾਣਾ ਸਾਹਿਬ ਵਿਖੇ ਵਾਪਰੇ ਇਸ ਸ਼ਹੀਦੀ ਸਾਕੇ ਨੂੰ ਫਿਰਕੂ ਦੰਗੇ ਤੇ ਬਦਅਮਨੀ ਦੀ ਕਾਰਵਾਈ ਦੱਸਣ ਦਾ ਕੋਝਾ ਯਤਨ ਕੀਤਾ।

ਓਧਰ ਸਰਕਾਰ ਨੇ ਸਿੱਖਾਂ ਦੇ ਅੱਥਰੂ ਪੂੰਝਣ ਲਈ ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਦੇ ਦੋਸ਼ੀ ਮਹੰਤ ਨਰਾਇਣ ਦਾਸ ਤੇ ਉਸ ਦੇ ਕੁਝ ਗੁੰਡਿਆਂ ਵਿਰੁੱਧ ਮੁਕੱਦਮਾ ਚਲਾਇਆ। ੧੨ ਅਕਤੂਬਰ ਨੂੰ ਅਦਾਲਤ ਨੇ ਮਹੰਤ ਤੇ ਉਸ ਦੇ ੭ ਸਾਥੀਆਂ ਨੂੰ ਫਾਂਸੀ ਦੀ ਸਜ਼ਾ ਦਿੱਤੀ, ੮ ਕਾਤਲਾਂ ਨੂੰ ਕਾਲੇ ਪਾਣੀ ਦੀ ਤੇ ੧੬ ਨੂੰ ੭-੭ ਸਾਲ ਦੀ ਕੈਦ ਹੋਈ ੧੬ ਆਦਮੀਆਂ ਨੂੰ ਸੈਸ਼ਨ ਜੱਜ ਨੇ ਬਰੀ ਕਰ ਦਿੱਤਾ। ਹਾਈਕੋਰਟ ਵਿਚ ਅਪੀਲ ਕੀਤੇ ਜਾਣ ਕਾਰਨ ਅੰਤ ਉਸ ਦੀ ਸਜ਼ਾ ਘਟਾ ਕੇ ਕਾਲੇਪਾਣੀ ਦੀ ਕਰ ਦਿੱਤੀ। ਕੇਵਲ ਤਿੰਨ ਦੋਸ਼ੀਆਂ ਨੂੰ ਫਾਂਸੀ ਦੀ ਸਜ਼ਾ ਕਾਇਮ ਰਹੀ, ਬਾਕੀ ਦੇ ਸਾਰੇ ਬਰੀ ਕਰ ਦਿੱਤੇ ਗਏ।

ਸ੍ਰੀ ਨਨਕਾਣਾ ਸਾਹਿਬ ਦੇ ਸਾਕੇ ਨੇ ਸਿੱਖ ਜਗਤ 'ਚ ਰੋਹ ਤੇ ਜੋਸ਼ ਪੈਦਾ ਕਰ ਦਿੱਤਾ। ਸਿੱਖ ਸੰਗਤਾਂ ਨੇ ਸਮੂਹ ਗੁਰਦੁਆਰਾ ਸਾਹਿਬਾਨ ਨੂੰ ਪੰਥਕ ਪ੍ਰਬੰਧ ਹੇਠ ਲਿਆਉਣ ਲਈ ਕਮਰਕੱਸੇ ਕਰ ਲਏ। ਇਸ ਲਹਿਰ ਨੇ ਗੁਰਦੁਆਰਾ ਪ੍ਰਬੰਧਾਂ ਵਿਚ ਗੁਰਮਤਿ ਮਰਯਾਦਾ ਦੀ ਇਕਸੁਰਤਾ ਦਾ ਮੁੱਢ ਬੰਨ੍ਹਿਆਂ ਜੋ ਇਸ ਸਾਕੇ ਤੋਂ ਪਹਿਲੇ ਕਦੇ ਸੋਚਿਆ ਵੀ ਨਹੀਂ ਗਿਆ ਸੀ। ਖਾਲਸਾ ਪੰਥ ਦੀ ਇਸ ਜਿੱਤ ਨੇ ਸਿੱਖ ਜਗਤ ਦੀ ਇਕ ਅਜਿਹੀ ਕੇਂਦਰੀ ਸੰਸਥਾ ਨੂੰ ਜਨਮ ਦੇਣ ਵਿਚ ਅਹਿਮ ਭੂਮਿਕਾ ਨਿਭਾਈ, ਜਿਸ ਨਾਲ ਭਵਿੱਖ ਵਿਚ ਗੁਰਦੁਆਰਾ ਸਾਹਿਬਾਨਾਂ ਦਾ ਸਮੁੱਚਾ ਪ੍ਰਬੰਧ ਸਿੱਖ ਸੰਗਤਾਂ ਦੇ ਚੁਣੇ ਹੋਏ ਮੁਖੀਆਂ ਦੇ ਹੱਥਾਂ ਵਿਚ ਸੁਰੱਖਿਅਤ ਹੋਇਆ। ਸਿੱਖ ਸੰਗਤਾਂ ਦੇ ਅਜਿਹੇ ਸੁਹਿਰਦ ਯਤਨਾਂ ਸਦਕਾ ਅੱਜ ਜਮਹੂਰੀ ਢੰਗ ਨਾਲ ਸਿੱਖ ਸੰਗਤਾਂ ਦੇ ਚੁਣੇ ਹੋਏ ਨੁਮਾਇੰਦਿਆਂ ਵੱਲੋਂ ਗੁਰਧਾਮਾਂ ਦੇ ਪ੍ਰਬੰਧ ਨੂੰ ਗੁਰਮਤਿ ਅਨੁਸਾਰੀ ਚਲਾਇਆ ਜਾ ਰਿਹਾ ਹੈ। ■

# ਗੁਰਦੁਆਰਾ ਪ੍ਰਬੰਧਕਾਂ ਦੇ ਧਿਆਨ ਹਿਤ

## ਗੁਰੂ-ਘਰਾਂ ਵਿਚ ਅੱਗ ਬੁਝਾਊ ਜੰਤਰ ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ ਅਤੇ ਪਹਿਰੇਦਾਰੀ ਲਾਜ਼ਮੀ ਕੀਤੀ ਜਾਵੇ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ, ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਵਿੱਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤੱਕ ਹੀ ਜਗਾਈਆਂ ਜਾਣ, ਜਦ ਤੀਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ। ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਜ਼ਿਆਦਾ ਗਰਮੀ ਅਤੇ ਤੇਜ਼ ਹਵਾਵਾਂ ਆਦਿ ਚੱਲਣ ਸਮੇਂ ਅਕਸਰ ਹੀ ਤਾਰਾਂ ਸ਼ਾਰਟ ਹੋ ਜਾਂਦੀਆਂ ਹਨ, ਇਸ ਲਈ ਗੁਰੂ-ਘਰਾਂ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨੂੰ ਯਕੀਨੀ ਬਨਾਉਣ ਲਈ ਹਮੇਸ਼ਾ ਸੁਚੇਤ ਹੋ ਕੇ ਪਹਿਰੇਦਾਰੀ ਲਾਜ਼ਮੀ ਬਣਾਉਣ। ਹਰ ਗੁਰੂ-ਘਰ ਵਿੱਚ ਅੱਗ ਬੁਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਨਿਗਰਾਨੀ ਲਈ ਗੁਰੂ-ਘਰਾਂ ਵਿਚ ਸੀ.ਸੀ.ਟੀ.ਵੀ. ਕੈਮਰੇ ਵੀ ਲਗਾਏ ਜਾਣ।

*ਸਕੱਤਰ,*
*ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*



# ਗੰਗਸਰ ਜੈਤੋ ਦਾ ਮੋਰਚਾ

*-ਦਿਲਜੀਤ ਸਿੰਘ 'ਬੇਦੀ*'*

ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤਕ ਗੁਰੂ ਸਾਹਿਬਾਨ ਨੇ ਸਿੱਖਾਂ ਨੂੰ ਪਰਮਾਤਮਾ ਦੇ ਹੁਕਮ ਅਨੁਸਾਰ ਜੀਵਨ ਜਿਉਂਦਿਆਂ ਗੁਣਾਤਮਿਕ ਸਮਾਜ ਦੀ ਸਿਰਜਣਾ ਦਾ ਉਪਦੇਸ਼ ਕੀਤਾ। ਇਸ ਉਪਦੇਸ਼ 'ਤੇ ਚੱਲਦਿਆਂ ਸਿੱਖਾਂ ਨੇ ਗੁਰਮਤਿ ਰਹਿਣੀ ਅਨੁਸਾਰ ਹੱਕ-ਸੱਚ ਅਤੇ ਅਣਖ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਇਆ। ਬੇਸ਼ੱਕ ਸਿੱਖਾਂ ਨੂੰ ਹੱਕ-ਸੱਚ ਦੀ ਰਖਵਾਲੀ ਲਈ ਅਨੇਕਾਂ ਕੁਰਬਾਨੀਆਂ ਵੀ ਦੇਣੀਆਂ ਪਈਆਂ। ਸਿੱਖਾਂ ਦੇ ਇਸ ਮਾਰਗ ਵਿਚ ਅਨੇਕਾਂ ਉਤਰਾਅ-ਚੜ੍ਹਾਅ ਆਏ ਅਤੇ ਅਨੇਕਾਂ ਵਾਰ ਸਿੱਖ ਵਿਚਾਰਧਾਰਾ ਨੂੰ ਦਬਾਉਣ ਅਤੇ ਖ਼ਤਮ ਕਰਨ ਦੇ ਯਤਨ ਹੁੰਦੇ ਰਹੇ ਪਰ ਗੁਰੂ ਦੇ ਅਣਖੀ ਸਿੱਖ ਆਪਣੇ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ-ਦਰਸ਼ਨ 'ਤੇ ਚੱਲਦੇ ਹੋਏ ਸੰਘਰਸ਼ਸ਼ੀਲ ਰਹੇ। ਸਿੱਖ ਇਤਿਹਾਸ ਦੇ ਅਨੇਕਾਂ ਸਾਕੇ, ਘੱਲੂਘਾਰੇ ਅਤੇ ਮੋਰਚੇ ਇਸੇ ਸੰਦਰਭ ਵਿਚ ਵੇਖੇ ਜਾ ਸਕਦੇ ਹਨ। ਇਸ ਲੇਖ ਦਾ ਸਬੰਧ ਸਿੱਖਾਂ ਵੱਲੋਂ ਲਗਾਏ ਗਏ ਮੋਰਚਿਆਂ ਨਾਲ ਹੈ, ਕਿਉਂਕਿ ਇਸ ਤਹਿਤ ਅਸੀਂ ਗੰਗਸਰ ਜੈਤੋ ਦੇ ਮੋਰਚੇ ਨੂੰ ਵਿਚਾਰ-ਅਧੀਨ ਲਿਆਵਾਂਗੇ।

'ਮੋਰਚੇ' ਦਾ ਕੋਸ਼ਗਤ ਅਰਥ ਭਾਵੇਂ ਕੁਝ ਵੀ ਹੋਵੇ ਪਰ ਸਿੱਖ ਧਰਮ ਨਾਲ ਜੁੜ ਕੇ ਇਸ ਸ਼ਬਦ ਨੇ ਆਪਣੇ ਅਰਥ ਤੇ ਵਿਆਖਿਆ ਆਪ ਪੇਸ਼ ਕੀਤੀ ਹੈ। ਸਿੱਖਾਂ ਵਲੋਂ ਸਮੇਂ-ਸਮੇਂ ਲਗਾਏ ਗਏ 'ਮੋਰਚੇ' ਸਪੱਸ਼ਟ ਕਰਦੇ ਹਨ ਕਿ ਜਦੋਂ-ਜਦੋਂ ਵੀ ਸਿੱਖਾਂ ਦੀ ਅਣਖ ਨੂੰ ਦੁਸ਼ਮਣ ਵੱਲੋਂ ਵੰਗਾਰਿਆ ਗਿਆ ਤਾਂ ਸਿੱਖਾਂ ਨੇ ਮੋਰਚੇ ਲਗਾ ਕੇ ਉਸ ਨੂੰ ਕਰਾਰਾ ਜਵਾਬ ਦਿੱਤਾ। ਗੁਰਧਾਮਾਂ ਦੀ ਆਜ਼ਾਦੀ ਲਈ ਵਿੱਢੇ ਸੰਘਰਸ਼ ਅਤੇ ਸਿੱਖ ਧਰਮ ਦੀ ਹੋਂਦ-ਹਸਤੀ ਦਾ ਸਬੰਧ ਸਿੱਧੇ ਰੂਪ ਵਿਚ ਮੋਰਚਿਆਂ ਨਾਲ ਜੁੜਿਆ ਹੋਇਆ ਹੈ। ਸਿੱਖ ਇਤਿਹਾਸ ਅੰਦਰ ਅਨੇਕਾਂ ਮੋਰਚਿਆਂ ਦੀ ਗਾਥਾ ਦਰਜ ਹੈ, ਜਿਨ੍ਹਾਂ ਵਿਚ 'ਜੈਤੋ ਦਾ ਮੋਰਚਾ' ਵੀ ਇੱਕ ਹੈ।

ਭਾਵੇਂ ਕਿ ਜੈਤੋ ਦਾ ਮੋਰਚਾ ਗੁਰਦੁਆਰਾ ਗੰਗਸਰ ਵਿਚ ਆਰੰਭ ਕਰਵਾਏ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਦੇ 'ਖੰਡਿਤ' ਹੋਣ ਕਾਰਨ ਸਿੱਖਾਂ ਅੰਦਰ ਫੈਲੇ ਰੋਸ ਵਜੋਂ ਲਾਇਆ ਗਿਆ ਸੀ, ਪਰ ਇਸ ਦਾ ਅਸਲ ਪਿਛੋਕੜ ਨਾਭਾ ਰਿਆਸਤ ਦੇ ਮਹਾਰਾਜਾ ਰਿਪੁਦਮਨ ਸਿੰਘ ਨੂੰ ਗੱਦੀ ਤੋਂ ਜਬਰੀ ਲਾਹੇ ਜਾਣ ਨਾਲ ਜੁੜਦਾ ਹੈ। ਕਸਬਾ ਜੈਤੋ ਆਜ਼ਾਦੀ ਤੋਂ ਪਹਿਲਾਂ ਨਾਭਾ ਰਿਆਸਤ ਦਾ ਹਿੱਸਾ ਸੀ। ਅੰਗਰੇਜ਼ ਸਰਕਾਰ ਨਾਭਾ ਰਿਆਸਤ ਦੇ ਮਹਾਰਾਜਾ ਰਿਪੁਦਮਨ ਸਿੰਘ ਨੂੰ ਆਪਣੀ ਤਾਜਪੋਸ਼ੀ ਸਮੇਂ ਸਿੱਖ ਰੀਤੀ-ਰਿਵਾਜ ਅਪਨਾਉਣ ਕਰਕੇ ਬਾਗ਼ੀ ਸਮਝਣ ਲੱਗ ਪਈ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ੧੯੨੧ ਦੇ ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦਾਂ ਦੀ ਯਾਦ ਵਿਚ ਸਿੱਖ ਸੰਗਤਾਂ ਨੂੰ ਸਿਰ 'ਤੇ ਕਾਲੀਆਂ ਦਸਤਾਰਾਂ ਅਤੇ ਦੁਪੱਟੇ ਸਜਾ ਕੇ ਥਾਂ-ਥਾਂ ਦੀਵਾਨ ਕਰਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਪਾਏ ਜਾਣ ਦੀ ਅਪੀਲ ਕੀਤੀ ਗਈ ਤਾਂ ਮਹਾਰਾਜਾ ਰਿਪੁਦਮਨ ਸਿੰਘ ਨੇ ਵੀ ਇਸ ਅਪੀਲ 'ਤੇ ਅਮਲ ਕੀਤਾ।

---

**ਐਡੀਸ਼ਨਲ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਅੰਗਰੇਜ਼ ਸਰਕਾਰ ਪਹਿਲਾਂ ਹੀ ਮਹਾਰਾਜੇ ਦੇ ਵਿਰੁੱਧ ਸੀ। ਨਾਭਾ ਅਤੇ ਪਟਿਆਲਾ ਰਿਆਸਤ ਦੇ ਅਕਸਰ ਝਗੜੇ ਚੱਲਦੇ ਰਹਿੰਦੇ ਸਨ। ਅੰਗਰੇਜ਼ ਹਾਕਮਾਂ ਨੇ ਨਾਭਾ ਅਤੇ ਪਟਿਆਲਾ ਦੇ ਰਾਜਿਆਂ ਕੋਲੋਂ ਫ਼ੈਸਲਾ ਕਰਨ ਦੇ ਹੱਕ ਪ੍ਰਾਪਤ ਕਰ ਲਏ, ਜਿਸ 'ਤੇ ਚੱਲਦਿਆਂ ਅੰਗਰੇਜ਼ ਸਰਕਾਰ ਨੇ ਮਹਾਰਾਜਾ ਨਾਭਾ ਦੇ ਖਿਲਾਫ਼ ਫੈਸਲਾ ਕਰਵਾ ਲਿਆ। ਇਸ ਤਰ੍ਹਾਂ ਅੰਗਰੇਜ਼ ਸਰਕਾਰ ਨੇ ਮਹਾਰਾਜਾ ਨਾਭਾ ਨੂੰ ਗੱਦੀ ਤੋਂ ਲਾਹ ਦਿੱਤਾ। ਸਿੱਖ ਪੰਥ ਅੰਦਰ ਸਰਕਾਰ ਦੀ ਇਸ ਕਾਰਵਾਈ ਨਾਲ ਭਾਰੀ ਰੋਸ ਫੈਲ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ੫ ਅਗਸਤ ੧੯੨੩ ਨੂੰ ਇਕੱਤਰਤਾ ਹੋਈ, ਜਿਸ ਵਿਚ ੯ ਸਤੰਬਰ ਨੂੰ ਸਭ ਥਾਵਾਂ 'ਤੇ 'ਨਾਭਾ ਦਿਵਸ' ਮਨਾਉਣ ਦਾ ਫੈਸਲਾ ਹੋਇਆ। ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਗੁਰਦੁਆਰਾ ਗੰਗਸਰ ਸਾਹਿਬ ਜੈਤੋ ਵਿਖੇ ੨੫, ੨੬ ਅਤੇ ੨੭ ਅਗਸਤ ੧੯੨੩ ਨੂੰ ਦੀਵਾਨ ਸਜਾ ਕੇ ਮਹਾਰਾਜੇ ਦੀ ਬਹਾਲੀ ਲਈ ਮਤੇ ਪਾਸ ਕੀਤੇ ਗਏ।

ਓਧਰ ੧੪ ਸਤੰਬਰ ੧੯੨੩ ਈ: ਨੂੰ ਸਿੰਘਾਂ ਵੱਲੋਂ ਗੁਰਦੁਆਰਾ ਸ੍ਰੀ ਗੰਗਸਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤਾ ਗਿਆ। ਸਰਕਾਰ ਦੇ ਹਥਿਆਰਬੰਦ ਸਿਪਾਹੀਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੀੜ ਅਤੇ ਅਖੰਡ ਪਾਠ ਕਰ ਰਹੇ ਸਿੰਘ ਨੂੰ ਚੁੱਕ ਲਿਆ। ਇਸ ਤਰ੍ਹਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਖੰਡਤ ਹੋਣ ਨਾਲ ਸਿੱਖਾਂ ਵਿਚ ਰੋਸ ਦੀ ਲਹਿਰ ਫੈਲ ਗਈ। ਸਿੱਖ ਪੰਥ ਨੇ ਰਿਆਸਤੀ ਕਰਮਚਾਰੀਆਂ ਵੱਲੋਂ ਕੀਤੀ ਗਈ ਇਸ ਹਰਕਤ ਨੂੰ ਇਕ ਬੱਜ਼ਰ ਅਪਰਾਧ ਕਰਾਰ ਦਿੱਤਾ। ਇਸ ਕਾਰੇ ਦੇ ਰੋਸ ਵਜੋਂ ਅਤੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਰੋਜ਼ਾਨਾ ੨੫-੨੫ ਸਿੰਘਾਂ ਦਾ ਜਥਾ ਜੈਤੋ ਭੇਜਣ ਦਾ ਫ਼ੈਸਲਾ ਕੀਤਾ। ਪਹਿਲਾ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੈਦਲ ਰਵਾਨਾ ਹੋਇਆ। ਇਸ ਜਥੇ ਨੇ ਤੁਰਨ ਤੋਂ ਪਹਿਲਾਂ ਹੀ ਸ਼ਾਂਤਮਈ ਰਹਿਣ ਦਾ ਪ੍ਰਣ ਲਿਆ ਹੋਇਆ ਸੀ। ਜਥਾ ਵੱਖ-ਵੱਖ ਥਾਵਾਂ 'ਤੇ ਪੜਾਅ ਕਰਦਾ ਹੋਇਆ ਜੈਤੋ ਪਹੁੰਚਿਆ, ਪਰ ਗੁਰਦੁਆਰਾ ਸਾਹਿਬ ਅੰਦਰ ਦਾਖਲ ਹੋਣ ਤੋਂ ਪਹਿਲਾਂ ਹੀ ਜਥੇ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਤਰ੍ਹਾਂ ੨੫-੨੫ ਸਿੰਘਾਂ ਦੇ ਜਥੇ ਰੋਜ਼ਾਨਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ਼ਾਂਤਮਈ ਰਵਾਨਾ ਹੁੰਦੇ, ਜਿਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਂਦਾ।

ਸਰਕਾਰ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਨੂੰ ਕਾਨੂੰਨ ਵਿਰੁੱਧ ਕਰਾਰ ਦੇ ਦਿੱਤਾ ਅਤੇ ਮੁਖੀ ਸਿੱਖਾਂ ਦੇ ਗ੍ਰਿਫ਼ਤਾਰੀ ਵਾਰੰਟ ਜਾਰੀ ਕੀਤੇ ਗਏ। ੧੩-੧੪ ਅਕਤੂਬਰ ਦੀ ਵਿਚਕਾਰਲੀ ਰਾਤ ਨੂੰ ਸ਼੍ਰੋਮਣੀ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਮੁਖੀ ਲੀਡਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਇਨ੍ਹਾਂ ਗ੍ਰਿਫ਼ਤਾਰੀਆਂ ਦੀ ਚਰਚਾ ਸਮੁੱਚੇ ਦੇਸ਼ ਅੰਦਰ ਫੈਲ ਗਈ। ਇਸ ਕਾਰਵਾਈ ਨਾਲ ਅੰਗਰੇਜ਼ ਸਰਕਾਰ ਵਿਰੁੱਧ ਰੋਸ ਹੋਰ ਤਿੱਖਾ ਹੋਇਆ। ਹੁਣ ੫੦੦-੫੦੦ ਸਿੰਘਾਂ ਦੇ ਜਥੇ ਭੇਜੇ ਜਾਣ ਦਾ ਫ਼ੈਸਲਾ ਕੀਤਾ ਗਿਆ। ਪੰਜ ਸੌ ਸਿੰਘਾਂ ਦਾ ਪਹਿਲਾ ਜਥਾ ਜੈਤੋ ਵਿਚ ਖੰਡਤ ਹੋਏ ਸ੍ਰੀ ਅਖੰਡ ਪਾਠ ਨੂੰ ਮੁੜ ਤੋਂ ਆਰੰਭ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸਾ ਸੋਧ ਕੇ ਤੁਰਿਆ। ਰਸਤੇ ਵਿਚ ਵੱਖ-ਵੱਖ ਥਾਵਾਂ 'ਤੇ ਪੜਾਅ ਕਰਦਾ ਹੋਇਆ ਇਹ ਜਥਾ ੨੦ ਫਰਵਰੀ ੧੯੨੪ ਨੂੰ ਫ਼ਰੀਦਕੋਟ ਦੇ ਪਿੰਡ ਬਰਗਾੜੀ ਪੁੱਜ ਗਿਆ। ੨੧ ਫਰਵਰੀ ਨੂੰ ਜਥਾ ਇਥੋਂ ਜੈਤੋ ਵਲ ਰਵਾਨਾ ਹੋਇਆ। ਜਥੇ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸੰਗਤ ਸੀ ਜਿਸ ਵਿਚ ਨੌਜਵਾਨ, ਬਜੁਰਗ, ਬੀਬੀਆਂ ਅਤੇ ਬੱਚੇ ਸ਼ਾਮਲ ਸਨ। ਨਾਭਾ ਰਾਜ ਦੀ ਹੱਦ ਅੰਦਰ ਦਾਖਲ ਹੋਣ 'ਤੇ ਜਥੇ ਨੂੰ ਰੋਕ ਲਿਆ ਗਿਆ। ਗੁਰਦੁਆਰਾ ਗੰਗਸਰ ਸਾਹਿਬ ਨੂੰ ਜਾਣ ਵਾਲੇ ਰਸਤੇ 'ਤੇ ਤਾਰਾਂ ਲੱਗੀਆਂ ਹੋਈਆਂ ਸਨ ਅਤੇ ਮਸ਼ੀਨਗੰਨਾਂ ਬੀੜੀਆਂ ਹੋਈਆਂ ਸਨ। ਇਵੇਂ ਲਗ ਰਿਹਾ ਸੀ ਜਿਵੇਂ ਜੰਗੀ ਤਿਆਰੀ ਕੀਤੀ ਹੋਵੇ। ਜਥਾ ਜਦੋਂ ਟਿੱਬੀ ਸਾਹਿਬ ਵਲ ਵਧ ਰਿਹਾ ਸੀ ਤਾਂ ਅੰਗਰੇਜ਼ ਅਫਸਰ ਵਿਲਸਨ ਜਾਨਸਟਨ ਨੇ ਗੋਲੀ ਚਲਾਉਣ ਦਾ ਹੁਕਮ ਦੇ ਦਿੱਤਾ ਗਿਆ। ਤਿੰਨਾਂ ਪਾਸਿਆਂ ਤੋਂ ਸੰਗਤ ਉਤੇ ਗੋਲੀ ਚਲਾਈ ਗਈ। ਜਥਾ ਗੋਲੀਆਂ ਦੇ ਮੀਂਹ ਵਿਚ ਗੁਰਦੁਆਰਾ ਟਿੱਬੀ ਸਾਹਿਬ ਪੁੱਜ ਗਿਆ। ਜਥੇ ਦੇ ਸੈਂਕੜੇ ਸਿੰਘ ਅਤੇ ਨਾਲ ਜਾ ਰਹੀ ਸੰਗਤ ਵੱਡੀ ਗਿਣਤੀ

ਵਿਚ ਸ਼ਹੀਦ ਅਤੇ ਜ਼ਖਮੀ ਹੋ ਚੁੱਕੀ ਸੀ। ਜਥੇ ਦੇ ਬਚੇ ਹੋਏ ਸਿੰਘ ਗੁਰਦੁਆਰਾ ਟਿੱਬੀ ਸਾਹਿਬ ਤੋਂ ਗੁਰਦੁਆਰਾ ਗੰਗਸਰ ਸਾਹਿਬ ਵੱਲ ਨੂੰ ਵਧਣ ਲਗੇ, ਪਰ ਘੋੜ-ਸਵਾਰ ਫੌਜੀ ਦਸਤਿਆਂ ਨੇ ਉਨ੍ਹਾਂ ਦਾ ਰਾਹ ਰੋਕ ਲਿਆ। ਬਚੀ ਹੋਈ ਸੰਗਤ ਅਤੇ ਸਿੰਘਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਜੈਤੋ ਵਿਚ ਵਾਪਰੇ ਇਸ ਦੁਖਦਾਈ ਕਾਂਡ ਦੀ ਖ਼ਬਰ ਚਾਰੇ ਪਾਸੇ ਜੰਗਲ ਦੀ ਅੱਗ ਵਾਂਗ ਫੈਲ ਗਈ। ਜੈਤੋ ਦੇ ਮੋਰਚੇ ਦੌਰਾਨ ਵਾਪਰੀ ਇਸ ਭਿਆਨਕ ਘਟਨਾ ਨੇ ਸਿੱਖਾਂ ਦੇ ਮਨਾਂ ਵਿਚ ਜੋਸ਼ ਨੂੰ ਹੋਰ ਪ੍ਰਚੰਡ ਕੀਤਾ।

ਇਸ ਤੋਂ ਬਾਅਦ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ੫੦੦-੫੦੦ ਸਿੰਘਾਂ ਦੇ ਜਥੇ ਜਾਂਦੇ ਰਹੇ। ਜਥੇ ਭੇਜਣ ਦਾ ਸਿਲਸਲਾ ਉਦੋਂ ਤੱਕ ਚੱਲਦਾ ਰਿਹਾ, ਜਦੋਂ ਤਕ ਅੰਗਰੇਜ਼ ਸਰਕਾਰ ਨੇ ਸਿੰਘਾਂ ਨੂੰ ਸ੍ਰੀ ਅਖੰਡ ਪਾਠ ਸਾਹਿਬ ਸ਼ੁਰੂ ਕਰਨ ਦੀ ਇਜਾਜ਼ਤ ਨਾ ਦੇ ਦਿੱਤੀ। ਅੰਤ ੨੧ ਜੁਲਾਈ ੧੯੨੫ ਈ: ਨੂੰ ਸ੍ਰੀ ਅਖੰਡ ਪਾਠਾਂ ਦੀ ਲੜੀ ਆਰੰਭ ਕੀਤੀ ਗਈ। ਇਸ ਤਰ੍ਹਾਂ ਸਰਕਾਰ ਨੂੰ ਸਿੰਘਾਂ ਦੇ ਜਜ਼ਬੇ ਅਗੇ ਝੁਕਣਾ ਪਿਆ ਅਤੇ ਖ਼ਾਲਸੇ ਦੀ ਜਿੱਤ ਹੋਈ।

ਪੁਸਤਕ 'ਜੈਤੋ ਮੋਰਚੇ ਦੇ ਅੱਖੀਂ ਡਿੱਠੇ ਹਾਲ' (ਪ੍ਰਕਾਸ਼ਕ: ਸਿੱਖ ਇਤਿਹਾਸ ਰੀਸਰਚ ਬੋਰਡ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਅਨੁਸਾਰ ਇਸ ਸ਼ਹੀਦੀ ਜਥੇ ਵਿਚ ਹਿੱਸਾ ਲੈਣ ਵਾਲੇ ਸਿੰਘਾਂ ਨੂੰ ਜਥੇ ਦੇ ਮੁਖੀ ਜਥੇਦਾਰ ਊਧਮ ਸਿੰਘ ਵਰਪਾਲ ਨੇ ਤੁਰਨ ਤੋਂ ਪਹਿਲਾਂ ਜੋ ਸੰਬੋਧਨੀ ਸ਼ਬਦ ਕਹੇ, ਉਸ ਦਾ ਇੱਕ-ਇੱਕ ਸ਼ਬਦ ਹਲੂਣਾ ਸੀ, ਪ੍ਰੇਰਨਾ ਸੀ, ਸ਼ਕਤੀ ਸੀ। ਇਹ ਪ੍ਰਣ ਵੀ ਸੀ ਅਤੇ ਅਰਦਾਸ ਵੀ, "ਪਿਆਰੇ ਪਿਤਾ ਕਲਗੀਧਰ ਸਤਿਗੁਰੂ ਅਸੀਂ ਆਪ ਜੀ ਦੇ ਬੱਚੇ ਆਪਣੀਆਂ ਜਿੰਦੜੀਆਂ ਆਪ ਜੀ ਦੇ ਅਰਪਨ ਕਰਦੇ ਹਾਂ। ਪੰਥ ਦੀ ਇੱਜ਼ਤ ਤੇ ਵਡਿਆਈ ਆਪ ਦੇ ਹੱਥ ਹੈ। ਬਹਾਦਰ ਤੇ ਸੰਤ ਆਤਮਾ ਵੀਰੋ! ਤੁਹਾਨੂੰ ਬੜੀ ਬੇਰਹਿਮੀ ਨਾਲ ਡਾਂਗਾਂ ਮਾਰੀਆਂ ਜਾਣਗੀਆਂ, ਤੁਸੀਂ ਗੋਲੀਆਂ ਦਾ ਨਿਸ਼ਾਨਾਂ ਬਣਾ ਕੇ ਮੌਤ ਦੇ ਘਾਟ ਉਤਾਰੇ ਜਾਉਗੇ। ਤੁਹਾਨੂੰ ਕਾਲ ਕੋਠੜੀਆਂ ਵਿਚ ਸੁੱਟਿਆ ਜਾਵੇਗਾ। ਨਹਾਇਤ ਜ਼ਾਲਮਾਨਾ ਤੇ ਵਹਿਸ਼ੀਆਨਾ ਹਰ ਪ੍ਰਕਾਰ ਦੇ ਕਸ਼ਟਾਂ ਦੁਆਰਾ ਤੁਹਾਡੀ ਧਾਰਮਿਕ ਦ੍ਰਿੜ੍ਹਤਾ ਦੀ ਪ੍ਰੀਖਿਆ ਕੀਤੀ ਜਾਵੇਗੀ। ਆਪ ਨੇ ਹਰ ਹਾਲਤ ਵਿਚ ਪੂਰਨ ਸ਼ਾਂਤਮਈ ਰਹਿਣਾ ਹੋਵੇਗਾ। ਆਪ ਦਾ ਕੇਵਲ ਮੰਤਵ ਗੁਰਦੁਆਰਾ ਗੰਗਸਰ ਦੀ ਯਾਤਰਾ ਕਰਨ ਤੇ ਅਖੰਡ ਪਾਠ ਨੂੰ ਨਵੇਂ ਸਿਰਿਉਂ ਆਰੰਭ ਕਰਨਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤੁਰਨ ਦੇ ਸਮੇਂ ਤੋਂ ਲੈ ਕੇ ਰਸਤੇ ਵਿਚ ਤੇ ਅਖ਼ੀਰ ਦਮ ਤਕ ਸਤਿਗੁਰਾਂ ਦੀ ਜਿੰਦਗੀ ਬਖਸ਼ਣ ਵਾਲੀ ਬਾਣੀ ਦੁਆਰਾ ਆਪਣੇ ਸਰੀਰ, ਮਨ ਤੇ ਆਤਮਾ ਨੂੰ ਤ੍ਰਿਪਤ ਕਰਦੇ ਰਹਿਣਾ। ਮਨ, ਬਚਨ ਅਤੇ ਕਰਮ ਕਰਕੇ ਕਿਸੇ ਵੀ ਪੁਰਸ਼ ਦਾ ਬੁਰਾ ਨਾ ਚਾਹੁਣਾ।"

■

## ਫ਼ਾਰਮ IV ਰੂਲ ੮

| | |
|---|---|
| ੧ ਛਪਣ ਦਾ ਅਸਥਾਨ | ਸ੍ਰੀ ਅੰਮ੍ਰਿਤਸਰ |
| ੨ ਛਪਣ ਦਾ ਸਮਾਂ | ਹਰ ਮਹੀਨੇ ਦੀ ੧੫-੧੯ ਤਾਰੀਖ |
| ੩ ਮੁਦ੍ਰਕ ਦਾ ਨਾਂ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੪ ਪ੍ਰਕਾਸ਼ਕ ਦਾ ਨਾਂ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੫ ਸੰਪਾਦਕ | ਦਿਲਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੬ ਮਾਲਕ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |

ਮੈਂ ਦਿਲਜੀਤ ਸਿੰਘ ਸੰਪਾਦਕ, ਘੋਸ਼ਨਾ ਕਰਦਾ ਹਾਂ ਕਿ ਜਿਥੋਂ ਤਕ ਮੈਨੂੰ ਪਤਾ ਹੈ, ਉਪਰ ਦਿੱਤੀ ਜਾਣਕਾਰੀ ਸਹੀ ਹੈ।

ਸਹੀ/-ਦਿਲਜੀਤ ਸਿੰਘ

# ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਜੀਵਨ-ਜਾਚ

*-ਪ੍ਰਿੰ. ਲਾਭ ਸਿੰਘ*

ਜੀਵਨ-ਜਾਚ ਦੀ ਗੱਲ ਯਾਦ ਆਉਂਦਿਆਂ ਧਿਆਨ ਕਈ ਪ੍ਰਕਾਰ ਦੀਆਂ ਜੀਵਨ-ਜਾਚਾਂ ਵੱਲ ਜਾਂਦਾ ਹੈ। ਮਨੋਵਿਗਿਆਨੀ ਇਕ ਹੋਰ ਤਰ੍ਹਾਂ ਦੀ ਜੀਵਨ-ਜਾਚ ਦੀ ਗੱਲ ਕਰ ਰਿਹਾ ਹੈ ਅਤੇ ਸਰੀਰ-ਵਿਗਿਆਨੀ ਕਿਸੇ ਹੋਰ ਤਰ੍ਹਾਂ ਦੀ। ਸਮਾਜ-ਸ਼ਾਸਤਰੀ ਕਿਸੇ ਹੋਰ ਤਰ੍ਹਾਂ ਦੀ ਜੀਵਨ-ਜਾਚ ਦੱਸ ਰਿਹਾ ਹੈ ਅਤੇ ਅਰਥ-ਸ਼ਾਸਤਰੀ ਕਿਸੇ ਹੋਰ ਭਾਂਤ ਦੀ। ਇਥੇ ਸਹਿਜ-ਸੁਭਾਅ ਹੀ ਮਨ ਵਿਚ ਇਹ ਸੁਆਲ ਉੱਠਦਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਦਰਸਾਈ ਜੀਵਨ-ਜਾਚ ਦਾ ਬਾਕੀਆਂ ਨਾਲੋਂ ਕੀ ਵਖਰੇਵਾਂ ਅਤੇ ਕੀ ਵਿਸ਼ੇਸ਼ਤਾ ਹੈ? ਉਪਰੋਕਤ ਜੀਵਨ-ਜਾਚਾਂ ਨਾਲ ਉਸ ਦਾ ਕੀ ਰਿਸ਼ਤਾ ਹੈ? ਕੀ ਇਨ੍ਹਾਂ ਜੀਵਨ-ਜਾਚਾਂ ਵਿਚ ਕਿਸੇ ਪ੍ਰਕਾਰ ਦੀ ਵਰਗ-ਵੰਡ ਦੀ ਸੰਭਾਵਨਾ ਹੈ? ਵਰਗ-ਵੰਡ ਦੇ ਸੁਆਲ ਨੂੰ ਅਸੀਂ 'ਹਾਂ' ਵਿਚ ਸਵੀਕਾਰ ਕਰਦੇ ਹੋਏ ਇਕ ਕੰਮ-ਚਲਾਊ ਵਰਗ-ਵੰਡ ਕਰ ਸਕਦੇ ਹਾਂ। ਇਥੇ ਸ਼ਬਦ 'ਕੰਮ-ਚਲਾਊ' ਵੱਲ ਧਿਆਨ ਦੀ ਲੋੜ ਹੈ ਕਿਉਂਕਿ ਇਹ ਵੰਡ ਅੰਤਿਮ ਰੂਪ ਵਿਚ ਤਸੱਲੀਬਖ਼ਸ਼ ਨਹੀਂ ਆਖੀ ਜਾ ਸਕਦੀ। ਅਸੀਂ ਹੇਠਾਂ ਕੀਤੀ ਵੰਡ ਵਿਚ ਇਕ ਵਰਗ ਦੇ ਦੂਜੇ ਵਰਗ ਵਿਚ ਅੰਸ਼ਿਕ ਤੱਤਾਂ ਦੀ ਹੋਂਦ ਤੋਂ ਚੇਤੰਨ ਹਾਂ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਜੀਵਨ-ਜਾਚ ਨੂੰ ਅਸੀਂ ਧਾਰਮਿਕ ਜੀਵਨ-ਜਾਚ ਆਖ ਸਕਦੇ ਹਾਂ ਤੇ ਬਾਕੀ ਉੱਪਰ ਵਰਣਿਤ ਜੀਵਨ-ਜਾਚਾਂ ਨੂੰ ਅਸੀਂ ਧਰਮ-ਨਿਰਪੱਖ ਜੀਵਨ-ਜਾਚਾਂ ਦੇ ਵਰਗ ਵਿਚ ਰੱਖ ਸਕਦੇ ਹਾਂ। ਦੋਹਾਂ ਪ੍ਰਕਾਰ ਦੀਆਂ ਜੀਵਨ-ਜਾਚਾਂ ਦੇ ਆਪਸੀ ਵਖਰੇਵੇਂ ਤੇ ਰਿਸ਼ਤੇ ਨੂੰ ਵੀ ਸਮਝਿਆ ਜਾ ਸਕਦਾ ਹੈ। ਧਾਰਮਿਕ ਜੀਵਨ-ਜਾਚ ਨੂੰ ਅਸੀਂ ਪੂਰਨ ਬਿਰਤੀ ਵਾਲੀ ਜੀਵਨ-ਜਾਚ ਆਖ ਸਕਦੇ ਹਾਂ ਅਤੇ ਧਰਮ ਨਿਰਪੱਖ ਨੂੰ ਖੰਡਿਤ ਬਿਰਤੀ ਵਾਲੀ। ਧਰਮ, ਜੀਵਨ ਦਾ ਅੰਤਿਮ ਵਾਸਤਾ (Ultimate Concern) ਹੋਣ ਕਰਕੇ ਜੀਵਨ ਦੀ ਸਮੁੱਚਤਾ (Totality) ਨਾਲ ਜੁੜਿਆ ਹੋਇਆ ਹੈ, ਪਰੰਤੂ ਉੱਪਰ ਵਰਣਿਤ ਵਿਗਿਆਨ, ਜੀਵਨ ਦੇ ਕਿਸੇ ਇਕ ਪੱਖ ਨਾਲ ਜੁੜੇ ਹੁੰਦੇ ਹਨ। ਇਸ ਦਾ ਅਸਰ ਇਹ ਹੁੰਦਾ ਹੈ ਕਿ ਅਜਿਹੇ ਵਿਗਿਆਨਾਂ 'ਤੇ ਆਧਾਰਤ ਜੀਵਨ-ਜਾਚ ਮਨੁੱਖਾ ਜੀਵਨ ਦੇ ਕਿਸੇ ਇਕ ਪੱਖ ਦੀ ਅਗਵਾਈ ਕਰਨ ਦੇ ਹੀ ਸਮਰੱਥ ਹੁੰਦੀ ਹੈ ਜਦੋਂ ਕਿ ਧਾਰਮਿਕ ਜੀਵਨ-ਜਾਚ ਸਮੁੱਚੇ ਜੀਵਨ ਨੂੰ ਹੀ ਸੇਧ ਦਿੰਦੀ ਹੈ। ਇਥੇ ਇਨ੍ਹਾਂ ਜੀਵਨ-ਜਾਚਾਂ ਦਾ ਪਰਸਪਰ ਰਿਸ਼ਤਾ ਵੀ ਸਪੱਸ਼ਟ ਹੁੰਦਾ ਹੈ। ਧਾਰਮਿਕ ਜੀਵਨ-ਜਾਚ ਸਮੁੱਚਤਾ ਨਾਲ ਸੰਬੰਧਿਤ ਹੋਣ ਕਰਕੇ ਸਾਰੀਆਂ ਦੂਜੀਆਂ ਜੀਵਨ-ਜਾਚਾਂ ਨੂੰ ਵੀ ਆਪਣੀ ਪੂਰਨ ਬਿਰਤੀ ਵਾਲੀ ਦ੍ਰਿਸ਼ਟੀ ਦੇ ਆਧਾਰ 'ਤੇ ਆਪਣੇ ਕਲਾਵੇ ਵਿਚ ਲੈਂਦੀ ਹੈ। ਧਰਮ-ਨਿਰਪੱਖ ਵਿਗਿਆਨ ਵੀ ਅੰਸ਼ਿਕ ਜੀਵਨ-ਜਾਚ ਨਿਰਧਾਰਤ ਕਰਦਿਆਂ ਸਮੁੱਚਤਾ ਨੂੰ ਅੰਸ਼ਿਕ ਰੂਪ ਵਿਚ ਸਵੀਕਾਰ ਕਰਦੇ ਹਨ। ਇਨ੍ਹਾਂ ਦੇ ਆਪਸੀ ਗੁੰਝਲਦਾਰ ਰਿਸ਼ਤੇ ਕਰਕੇ ਹੀ ਅਸੀਂ ਆਪਣੀ ਉਪਰੋਕਤ ਵਰਗ-ਵੰਡ ਨੂੰ ਕੰਮ-ਚਲਾਊ ਕਿਹਾ ਸੀ। ਖ਼ੈਰ ਉਪਰੋਕਤ ਵਿਸਥਾਰ ਇਥੇ ਸਾਡੀ ਕੇਂਦਰੀ ਸਮੱਸਿਆ ਨਾਲ ਸਿੱਧੇ ਤੌਰ 'ਤੇ ਸੰਬੰਧਿਤ ਨਹੀਂ। ਇਸ ਨੂੰ ਸ਼ਾਮਲ ਕਰਨ ਦਾ ਸਾਡਾ ਆਸ਼ਾ ਆਧੁਨਿਕ ਸ਼ੰਕਿਆਂ ਭਰਪੂਰ ਮਨ ਨੂੰ ਆਪਣੀ ਕੇਂਦਰੀ ਸਮੱਸਿਆ ਵੱਲ ਆਪਣੇ ਨਾਲ ਲੈ ਜਾਣ ਤੋਂ ਵੱਧ ਕੁਝ ਨਹੀਂ।

ਇਸ ਲਈ ਹੁਣ ਅਸੀਂ ਅਸਲੀ ਸਮੱਸਿਆ ਵੱਲ ਪਰਤਦੇ ਹਾਂ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਨੁਸਾਰ ਜੀਵਨ-ਜਾਚ ਬਾਣੀ ਵਿਚ ਨਿਸ਼ਚਿਤ ਆਦਰਸ਼-ਸਿਧੀ ਲਈ ਪ੍ਰਵਾਨਿਤ ਜੀਵਨ-ਅਮਲ ਹੈ। ਧਾਰਮਿਕ ਜੀਵਨ-ਜਾਚ ਬਾਰੇ ਅਸੀਂ ਉੱਪਰ ਸੰਕੇਤ ਕਰ ਆਏ ਹਾਂ ਕਿ ਇਹ ਖੰਡਾਰਥ (view) ਦ੍ਰਿਸ਼ਟੀ ਨੂੰ ਨਹੀਂ, ਸਗੋਂ ਸਰਬਾਰਥ (vision) ਦ੍ਰਿਸ਼ਟੀ ਨੂੰ ਆਪਣਾ ਆਧਾਰ ਬਣਾਉਂਦੀ ਹੈ ਜਿਸ ਦਾ ਵਾਸਤਾ ਜੀਵਨ ਦੇ ਕਿਸੇ ਇਕ ਪੱਖ ਨਾਲ ਨਹੀਂ ਸਗੋਂ ਸਮੂਹਿਕ ਜੀਵਨ ਨਾਲ ਹੈ। ਇਸੇ ਕਾਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਮਨੁੱਖ ਦੀ ਕਿਸੇ ਇਕ ਪੱਖ ਦੀ ਅਗਵਾਈ ਨਹੀਂ ਬਲਕਿ ਸਮੁੱਚੇ ਜੀਵਨ ਦੀ ਅਗਵਾਈ ਹੈ। ਇਥੇ ਸਮੱਸਿਆ ਮਨੁੱਖ ਦੇ ਆਰਥਿਕ ਪਹਿਲੂ ਜਾਂ ਮਨੋਵਿਗਿਆਨਕ ਪਹਿਲੂ ਦੀ

ਨਹੀਂ, ਸਗੋਂ ਮਨੁੱਖੀ ਹੋਂਦ ਦੀ ਹੁੰਦੀ ਹੈ ਅਤੇ ਇਥੇ ਆਦਰਸ਼ ਵਿਚ ਸੁਝਾਇਆ ਹੱਲ ਵੀ ਜੀਵਨ ਦੇ ਕਿਸੇ ਇਕ ਪੱਖ ਲਈ ਨਹੀਂ ਬਲਕਿ ਸਮੁੱਚਤਾ ਵਿਚ ਮਨੁੱਖੀ ਹੋਂਦ ਦੀਆਂ ਸਮੱਸਿਆਵਾਂ ਲਈ ਹੈ।

ਖੰਡਾਰਥ ਦ੍ਰਿਸ਼ਟੀ, ਲੋਕ-ਪਰਲੋਕ ਦੇ ਬੁਨਿਆਦੀ ਨਿਖੇੜੇ ਨੂੰ ਆਧਾਰ ਮੰਨ ਕੇ ਚੱਲਦੀ ਹੈ, ਪਰ ਸਰਬਾਰਥ ਦ੍ਰਿਸ਼ਟੀ ਅਜਿਹਾ ਨਿਖੇੜਾ ਨਹੀਂ ਕਰਦੀ। ਪਹਿਲੀ ਦ੍ਰਿਸ਼ਟੀ ਅਨੁਸਾਰ ਜੀਵਨ ਦੋ ਬਿੰਦੂਆਂ ਨੂੰ ਮਿਲਾਉਣ ਵਾਲੀ ਸਰਲ-ਰੇਖਾ ਸਮਾਨ ਕਿਆਸ ਕੀਤਾ ਜਾਂਦਾ ਹੈ, ਜਿਸ ਦੇ ਆਦਿ-ਅੰਤ ਬਾਰੇ ਚੁੱਪ ਧਾਰਨ ਕੀਤੀ ਜਾਂਦੀ ਹੈ ਅਤੇ ਦੂਜੀ ਦ੍ਰਿਸ਼ਟੀ ਅਨੁਸਾਰ ਜੀਵਨ ਨੂੰ ਇਕ ਚੱਕਰ ਦੇ ਰੂਪ ਵਿਚ ਕਿਆਸ ਕੀਤਾ ਜਾਂਦਾ ਹੈ। ਇਥੇ ਜਨਮ ਤੇ ਮੌਤ ਦੇ ਬਿੰਦੂ ਜੀਵਨ ਦਾ ਆਦਿ-ਅੰਤ ਨਹੀਂ ਮੰਨੇ ਜਾਂਦੇ।

ਜੀਵਨ ਅਜਿਹੇ ਬਿੰਦੂਆਂ ਤੇ ਰੂਪ-ਪਰਿਵਰਤਨ ਨੂੰ ਅਪਣਾ ਕੇ ਆਪਣੀ ਚਾਲੇ ਵਹਿੰਦਾ ਰਹਿੰਦਾ ਹੈ। ਗੁਰਬਾਣੀ ਦਾ ਆਦਰਸ਼ ਮਨੁੱਖ ਦੀ ਅਗਵਾਈ ਲੋਕ-ਪਰਲੋਕ ਵਿਚ ਕਰਦਾ ਹੈ, ਨਿਰੇ-ਪੁਰੇ ਇਸ ਲੋਕ ਵਿਚ ਹੀ ਨਹੀਂ। ਗੁਰਬਾਣੀ ਅਨੁਸਾਰ ਮਨੁੱਖੀ ਹੋਂਦ ਦੇ ਦੁੱਖ ਦਾ ਬੁਨਿਆਦੀ ਕਾਰਨ ਉਸ ਦਾ ਆਪਣੇ ਜੀਵਨ-ਕੇਂਦਰ ਤੋਂ ਟੁੱਟੇ ਹੋਣਾ ਹੈ। ਮਨੁੱਖ ਆਪਣੇ ਆਪ ਵਿਚ 'ਰਾਮ ਕੀ ਅੰਸ' ਜ਼ਰੂਰ ਹੈ, ਪਰ ਪੂਰਨ ਬਿਲਕੁਲ ਨਹੀਂ ਅਤੇ ਉਹ ਪੂਰਨਤਾ ਆ ਸਕਦੀ ਹੈ ਮਨੁੱਖ ਦੇ ਮੁੜ ਆਪਣੇ ਜੀਵਨ-ਕੇਂਦਰ (ਪਰਮਾਤਮਾ) ਨਾਲ ਜੁੜਨ ਤੋਂ। ਮਨੁੱਖ ਦਾ ਆਪਣੇ ਜੀਵਨ-ਕੇਂਦਰ ਤੋਂ ਟੁੱਟਣਾ ਹੀ ਉਸ ਦੇ ਜੀਵਨ ਦੀ ਹੋਂਦ ਦੇ ਸਾਰੇ ਦੁੱਖਾਂ ਦਾ ਆਰੰਭ ਹੈ। ਇਥੇ ਪਰਮਾਤਮਾ ਤੋਂ ਪਏ ਵਿਛੋੜੇ ਕਰਕੇ ਜੀਵ ਚੌਰਾਸੀ ਲੱਖ ਜੂਨਾਂ ਦੇ ਦੁੱਖਮਈ ਚੱਕਰ ਵਿਚ ਪੈ ਜਾਂਦਾ ਹੈ ਅਤੇ ਉਸ ਦੇ ਦੁੱਖ ਉਸ ਨੂੰ ਉਤਨੀ ਦੇਰ ਛੱਡਦੇ ਨਹੀਂ, ਜਿਤਨੀ ਦੇਰ ਤਕ ਕਿ ਉਹ ਆਪਣੇ ਕੇਂਦਰ ਨਾਲ ਮੁੜ ਜੁੜ ਨਹੀਂ ਜਾਂਦਾ, ਪ੍ਰਭੂ ਪਰਮਾਤਮਾ ਨਾਲ ਮੇਲ ਪ੍ਰਾਪਤ ਨਹੀਂ ਕਰ ਲੈਂਦਾ। ਇਹ ਮੇਲ ਪ੍ਰਾਪਤ ਕਰਨਾ ਜਾਂ ਮੁੜ ਤੋਂ ਆਪਣੇ ਕੇਂਦਰ ਨਾਲ ਜੁੜਨਾ ਹੀ ਮਨੁੱਖੀ ਜੀਵਨ ਦਾ ਆਦਰਸ਼ ਅਤੇ ਮਨੁੱਖੀ ਜੀਵਨ ਦੀ ਹੋਂਦ ਦੇ ਸਾਰੇ ਦੁੱਖਾਂ ਦਾ ਅੰਤ ਪ੍ਰਵਾਨ ਕੀਤਾ ਗਿਆ ਹੈ। ਇਸੇ ਅਵਸਥਾ 'ਤੇ ਪੁੱਜੇ ਵਿਅਕਤੀ ਨੂੰ ਹੀ ਗੁਰੂ ਸਾਹਿਬਾਨ ਨੇ 'ਸਚਿਆਰ', 'ਗਿਆਨੀ', 'ਸੰਤ' ਅਤੇ 'ਸੁਹਾਗਣ' ਆਦਿ ਦੇ ਨਾਂ ਦਿੱਤੇ ਹਨ। ਸਚਿਆਰ ਪਦ ਦੀ ਪ੍ਰਾਪਤੀ ਕਰਨਾ ਹੀ ਮਨੁੱਖੀ ਜੀਵਨ ਦਾ ਲਾਹਾ ਹੈ ਅਤੇ ਇਸ ਪ੍ਰਾਪਤੀ ਦਾ ਆਹਰ ਹੀ ਅਸਲੀ ਜੀਵਨ-ਜਾਚ ਹੈ:

**ਪ੍ਰਾਣੀ ਤੂੰ ਆਇਆ ਲਾਹਾ ਲੈਣਿ॥**
**ਲਗਾ ਕਿਤੁ ਕੁਫਕੜੇ ਸਭ ਮੁਕਦੀ ਚਲੀ ਰੈਣਿ॥** *(ਪੰਨਾ ੪੩)*

ਇਹ ਲਾਹਾ ਖੱਟਿਆ ਜਾ ਸਕਦਾ ਹੈ ਕੇਵਲ ਮਨੁੱਖੀ ਜੀਵਨ ਵਿਚ ਹੀ। ਆਵਾਗਵਣ ਦੇ ਚੱਕਰ ਵਿਚ ਮਨੁੱਖਾ ਜੀਵਨ ਦੀ ਪ੍ਰਾਪਤੀ ਹੀ ਉਹ ਅਉਸਰ ਹੈ, ਜਦੋਂ ਉਸ ਦੀਆਂ ਸੰਭਾਵਨਾਵਾਂ ਸਾਕਾਰ ਹੋਣ ਦੀ ਆਸ ਹੁੰਦੀ ਹੈ ਅਤੇ ਉਹ ਚੇਤੰਨ ਤੌਰ 'ਤੇ ਆਪਣੇ ਜੀਵਨ ਵੱਲ ਮੁੜ ਸਕਦਾ ਹੈ, ਪਰ ਇਸ ਅਉਸਰ ਨੂੰ ਭੀ ਜਿਸ ਨੇ ਖੁੰਝਾ ਲਿਆ ਉਸ ਲਈ ਜੀਵਨ ਦੇ ਦੁੱਖਮਈ ਚੱਕਰ ਵਿੱਚੋਂ ਹੋਰ ਕੋਈ ਆਸ ਨਹੀਂ ਹੁੰਦੀ:

**ਲਖ ਚਉਰਾਸੀਹ ਜੋਨਿ ਸਬਾਈ॥**
**ਮਾਣਸ ਕਉ ਪ੍ਰਭਿ ਦੀਈ ਵਡਿਆਈ॥**
**ਇਸੁ ਪਉੜੀ ਤੇ ਜੋ ਨਰੁ ਚੂਕੈ ਸੋ ਆਇ ਜਾਇ ਦੁਖੁ ਪਾਇਦਾ॥** *(ਪੰਨਾ ੧੦੭੫)*

ਇਸ ਆਦਰਸ਼ ਤੋਂ ਛੋਟੇ ਕਿਸੇ ਜੀਵਨ-ਆਦਰਸ਼ ਨੂੰ ਗੁਰੂ ਸਾਹਿਬ ਪ੍ਰਵਾਨ ਨਹੀਂ ਕਰਦੇ। ਉਨ੍ਹਾਂ ਲਈ ਜੀਵਨ ਅਸਲੀ 'ਧਨ' ਮਾਇਆ ਦੇ ਜੀਵਨ ਦੇ ਰਸ-ਭੋਗਾਂ ਲਈ ਸਮੱਗਰੀ ਇਕੱਠੀ ਕਰਨਾ ਨਹੀਂ। ਅਜਿਹੀ ਸਮੱਗਰੀ ਖੁੱਟ ਜਾਣ ਵਾਲੀ ਅਤੇ ਨਾਸ਼ਵਾਨ ਹੁੰਦੀ ਹੈ ਅਤੇ ਇਨ੍ਹਾਂ ਭੋਗਾਂ ਤੋਂ ਉਪਜੇ ਸੁਖਾਂ ਦੀ ਕੁੱਖ ਵਿਚ ਦੁੱਖ ਪਲਦੇ ਹਨ। ਇਨ੍ਹਾਂ ਕਾਰਨਾਂ ਕਰਕੇ ਹੀ ਗੁਰੂ ਸਾਹਿਬਾਨ ਨੇ ਮਨੁੱਖ ਨੂੰ ਅਜਿਹੇ ਔਗੁਣਾਂ ਤੋਂ ਸੁਚੇਤ ਕਰਦਿਆਂ ਜੀਵਨ ਅੰਦਰ ਆਦਰਸ਼ ਗੁਣ ਧਾਰਨ ਕਰਨ ਦੀ ਪ੍ਰੇਰਨਾ ਦਿੱਤੀ ਹੈ:

**- ਰਾਜੁ ਮਾਲੁ ਜੰਜਾਲੁ ਕਾਜਿ ਨ ਕਿਤੈ ਗਨੋੁ॥**
**ਹਰਿ ਕੀਰਤਨੁ ਆਧਾਰੁ ਨਿਹਚਲੁ ਏਹੁ ਧਨੋੁ॥** *(ਪੰਨਾ ੩੯੮)*
**- ਜੇਤੇ ਰਸ ਸਰੀਰ ਕੇ ਤੇਤੇ ਲਗਹਿ ਦੁਖ॥** *(ਪੰਨਾ ੧੨੮੭)*
**- ਮੰਦਰ ਮਿਟੀ ਸੰਦੜੇ ਪਥਰ ਕੀਤੇ ਰਾਸਿ ਜੀਉ॥**
**ਹਉ ਏਨੀ ਟੋਲੀ ਭੁਲੀਅਸੁ ਤਿਸੁ ਕੰਤ ਨ ਬੈਠੀ ਪਾਸਿ ਜੀਉ॥** *(ਪੰਨਾ ੭੬੨)*
**- ਨਿਮਖ ਕਾਮ ਸੁਆਦ ਕਾਰਣਿ ਕੋਟਿ ਦਿਨਸ ਦੁਖੁ ਪਾਵਹਿ॥**
**ਘਰੀ ਮੁਹਤ ਰੰਗ ਮਾਣਹਿ ਫਿਰਿ ਬਹੁਰਿ ਬਹੁਰਿ ਪਛੁਤਾਵਹਿ॥** *(ਪੰਨਾ ੪੦੩)*
**- ਏਕੋ ਨਿਹਚਲ ਨਾਮ ਧਨੁ ਹੋਰੁ ਧਨੁ ਆਵੈ ਜਾਇ॥** *(ਪੰਨਾ ੫੧੧)*

ਅਜਿਹੇ ਨਿਹਚਲ ਨਾਮ-ਧਨ ਦੀ ਪ੍ਰਾਪਤੀ ਲਈ ਪਹਿਲਾ ਆਹਰ ਇਹ ਹੈ ਕਿ ਮਨੁੱਖ ਆਪਣੀ ਅਸਲੀਅਤ ਨੂੰ ਪਹਿਚਾਣੇ, ਮੈਂ ਕੀ ਹਾਂ? ਮੇਰੀ ਅਸਲੀਅਤ ਕੀ ਹੈ? ਉਸ ਨਾਲ ਮੇਰਾ ਕੀ ਰਿਸ਼ਤਾ ਹੈ? ਮੈਂ ਉਸ ਨਾਲ ਕਿਵੇਂ ਇਕਸੁਰਤਾ ਪ੍ਰਾਪਤ ਕਰ ਸਕਦਾ ਹਾਂ? ਇਨ੍ਹਾਂ ਸੁਆਲਾਂ ਦੇ ਹੱਲ ਵਿਚ ਹੀ ਮਨੁੱਖੀ ਜੀਵਨ-ਜਾਚ ਦੇ ਬੀਜ ਛੁਪੇ ਰਹਿੰਦੇ ਹਨ। ਮੈਂ ਅਕਾਲ ਪੁਰਖ ਦੀ ਅੰਸ਼ ਹਾਂ। ਮੈਂ ਹਉਮੈ ਕਾਰਨ ਆਪਣੇ ਆਪੇ ਨੂੰ ਜੀਵਨ-ਕੇਂਦਰ ਮੰਨ ਲਿਆ, ਨਹੀਂ ਤਾਂ ਉਸ ਦੇ ਟਾਕਰੇ 'ਤੇ ਜਿਸ ਦੀ ਮੈਂ ਅੰਸ਼ ਹਾਂ, ਮੇਰੀ ਕੋਈ ਹੋਰ ਅਸਲੀਅਤ ਨਹੀਂ। ਮੇਰੀ ਅਸਲੀਅਤ ਉਹੀ ਹੈ। ਮੈਂ ਉਸ ਤੋਂ ਵਿੱਛੜਿਆ ਹੋਇਆ ਹਾਂ। ਇਹ ਵਿਛੋੜਾ ਮੇਰੇ ਸਾਰੇ ਦੁੱਖਾਂ ਦਾ ਕਾਰਨ ਹੈ। ਮੈਂ ਉਸ ਨਾਲ ਮਿਲ ਸਕਦਾ ਹਾਂ। ਉਸ ਨਾਲ ਇਕਸੁਰਤਾ ਪ੍ਰਾਪਤ ਕਰ ਸਕਦਾ ਹਾਂ। ਉਸ ਨੂੰ ਆਪਣੀ ਜੀਵਨ-ਸੇਧ ਅਤੇ ਕਾਰਜ-ਪ੍ਰੇਰਨਾ ਬਣਾ ਸਕਦਾ ਹਾਂ। ਗੁਰੂ ਸਾਹਿਬ ਨੇ ਮੈਨੂੰ ਆਪਣੇ ਕੇਂਦਰ ਨਾਲ ਮਿਲਣ ਦੀ ਜਾਚ ਵੀ ਦੱਸੀ ਹੈ। ਉਹ ਜਾਚ ਹੈ ਪ੍ਰੇਮਾ-ਭਗਤੀ ਜਾਂ ਭਾਉ-ਭਗਤੀ:

**- ਭਉ ਭਗਤਿ ਕਰਿ ਨੀਚੁ ਸਦਾਏ॥ ਤਉ ਨਾਨਕ ਮੋਖੰਤਰੁ ਪਾਏ॥** *(ਪੰਨਾ ੪੭੦)*
**- ਕਹੁ ਕਬੀਰ ਜਨ ਭਏ ਖਾਲਸੇ ਪ੍ਰੇਮ ਭਗਤਿ ਜਿਹ ਜਾਨੀ॥** *(ਪੰਨਾ ੬੫੫)*

ਇਹ ਪ੍ਰਭੂ-ਪ੍ਰੇਮ ਦਾ ਰਾਹ ਕੋਈ ਸੌਖਾ ਰਾਹ ਨਹੀਂ ਹੈ। ਦੂਜੇ ਭਾਇ ਵਿਚ ਫਸੇ ਉਹ ਜੀਵ ਜਿਨ੍ਹਾਂ ਵਿਚ ਪ੍ਰਭੂ ਪ੍ਰੇਮ-ਪੀੜਾ ਪਰਪੱਕ ਨਹੀਂ ਹੁੰਦੀ, ਉਹ ਝੜ ਜਾਂਦੇ ਹਨ:

**ਰਤੇ ਸੇਈ ਜਿ ਮੁਖੁ ਨ ਮੋੜੰਨਿ੍ ਜਿਨ੍ੀ ਸਿਞਾਤਾ ਸਾਈ॥**
**ਝੜਿ ਝੜਿ ਪਵਦੇ ਕਚੇ ਬਿਰਹੀ ਜਿਨ੍ਾ ਕਾਰਿ ਨ ਆਈ॥** *(ਪੰਨਾ ੧੪੨੫)*

ਪਰੰਤੂ ਕੁਝ ਕੁ ਵਿਰਲੇ ਇਸ ਪਉੜੀ 'ਤੇ ਜਾ ਚੜ੍ਹਦੇ ਹਨ। ਉਨ੍ਹਾਂ ਦੂਜੇ ਭਾਉ ਨੂੰ ਦੂਰ ਰੱਖਿਆ ਹੁੰਦਾ ਹੈ। 'ਸਹੁ ਦੀ ਪ੍ਰੀਤ' ਦੀ ਰੱਖਿਆ ਲਈ ਉਨ੍ਹਾਂ ਨੇ ਜੋਬਨ ਜਾਂਦੇ ਦੀ ਵੀ ਪਰਵਾਹ ਨਹੀਂ ਕੀਤੀ ਹੁੰਦੀ। ਅਜਿਹੇ ਵਿਅਕਤੀ ਆਪਣੀ ਜੀਵਨ-ਜਾਚ ਨੂੰ ਪੂਰਨਤਾ 'ਤੇ ਪਹੁੰਚਾ ਦਿੰਦੇ ਹਨ। ਉਨ੍ਹਾਂ ਦੀ ਪ੍ਰੀਤ ਪੱਕੀ ਹੋ ਜਾਂਦੀ ਹੈ। ਉਹ ਆਪਣੇ ਇਸ ਆਦਰਸ਼ ਲਈ ਵੱਡੀ ਤੋਂ ਵੱਡੀ ਕੁਰਬਾਨੀ ਵੀ ਖਿੜੇ-ਮੱਥੇ ਕਰ ਜਾਂਦੇ ਹਨ:

**- ਮੂ ਲਾਲਨ ਸਿਉ ਪ੍ਰੀਤਿ ਬਨੀ॥ ਰਹਾਉ॥**
**ਤੋਰੀ ਨ ਤੂਟੈ ਛੋਰੀ ਨ ਛੂਟੈ ਐਸੀ ਮਾਧੋ ਖਿੰਚ ਤਨੀ॥** *(ਪੰਨਾ ੮੨੭)*
**- ਜਉ ਤਨੁ ਚੀਰਹਿ ਅੰਗੁ ਨ ਮੋਰਉ॥ ਪਿੰਡੁ ਪਰੈ ਤਉ ਪ੍ਰੀਤਿ ਨ ਤੋਰਉ॥** *(ਪੰਨਾ ੪੮੪)*

ਪ੍ਰਭੂ-ਪ੍ਰੀਤ ਨੂੰ ਇਸ ਅਵਸਥਾ 'ਤੇ ਲੈ ਜਾਣਾ ਹੀ ਆਦਰਸ਼ ਦੇ ਤਾਲੇ ਨੂੰ ਖੋਲ੍ਹਣ ਦੀ ਜਾਚ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਇਸ ਭਾਉ-ਭਗਤੀ ਦੀ ਪੂਰਨਤਾ ਲਈ ਬਹੁਤ ਸਾਰੇ ਸਹਾਇਕ ਸਾਧਨਾਂ ਦਾ ਜ਼ਿਕਰ ਆਇਆ ਹੈ। ਆਪਣੇ ਆਦਰਸ਼ ਦੀ ਮੰਜ਼ਲ 'ਤੇ ਪੁੱਜਣ ਲਈ ਸਾਧਨ ਇਨ੍ਹਾਂ ਸਹਾਇਕ ਸਾਧਨਾਂ ਦੀ ਮੱਦਦ ਲੈਂਦਾ ਹੈ। ਇਹ ਉਨ੍ਹਾਂ ਸਾਰੇ ਸਹਾਇਕ ਸਾਧਨਾਂ ਤੇ ਵਿਸਤਾਰ ਵਿਚ ਜਾ ਕੇ ਸਾਡੀਆਂ ਸਮੇਂ-ਸਥਾਨ ਦੀਆਂ ਪਾਬੰਦੀਆਂ ਦੇ ਪਾਬੰਦ ਨਹੀਂ ਰਹਿ

*(ਬਾਕੀ ਪੰਨਾ ੨੭ 'ਤੇ)*



ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਏ ਗਏ ਨਗਰ ਕੀਰਤਨ ਦਾ ਅਲੌਕਿਕ ਦ੍ਰਿਸ਼।

(25 ਜਨਵਰੀ 2016)



ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਏ ਗਏ ਨਗਰ ਕੀਰਤਨ ਵਿਚ ਸ਼ਰਧਾ ਨਾਲ ਸ਼ਾਮਲ ਸੰਗਤਾਂ ਦਾ ਦ੍ਰਿਸ਼।

(25 ਜਨਵਰੀ 2016)




ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਕੀਰਤਨ ਕਰਦੇ ਹੋਏ ਰਾਗੀ ਸਿੰਘ।
ਹੇਠਾਂ: ਸਮਾਗਮ ਵਿਚ ਸ਼ਾਮਲ ਸੰਗਤਾਂ।

(26 ਜਨਵਰੀ 2016)



ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਨਾਨਕਸ਼ਾਹੀ ਸੰਮਤ 548 ਦਾ ਕੈਲੰਡਰ ਜਾਰੀ ਕਰਦੇ ਹੋਏ। ਉਨ੍ਹਾਂ ਨਾਲ ਸ. ਰਜਿੰਦਰ ਸਿੰਘ ਮਹਿਤਾ ਮੈਂਬਰ ਅੰਤ੍ਰਿੰਗ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸਕੱਤਰ ਡਾ. ਰੂਪ ਸਿੰਘ ਤੇ ਸ. ਅਵਤਾਰ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ 'ਬੇਦੀ', ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਪ੍ਰਤਾਪ ਸਿੰਘ, ਸ. ਸੁਲੱਖਣ ਸਿੰਘ ਮੈਨੇਜਰ, ਸ. ਸਤਬੀਰ ਸਿੰਘ ਓ.ਐਸ.ਡੀ. ਅਤੇ ਹੋਰ।

(22 ਜਨਵਰੀ 2016)



ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਨਕਸ਼ਾਹੀ ਸੰਮਤ 548 ਦਾ ਕੈਲੰਡਰ ਜਾਰੀ ਕਰਨ ਉਪਰੰਤ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ। ਉਨ੍ਹਾਂ ਨਾਲ ਸ. ਰਜਿੰਦਰ ਸਿੰਘ ਮਹਿਤਾ ਮੈਂਬਰ ਅੰਤ੍ਰਿੰਗ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਦਿਲਜੀਤ ਸਿੰਘ 'ਬੇਦੀ' ਤੇ ਸ. ਪ੍ਰਤਾਪ ਸਿੰਘ ਅਤੇ ਹੋਰ।

(22 ਜਨਵਰੀ 2016)



ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਿਆਣਾ ਦੇ ਸਿਹਤ ਮੰਤਰੀ ਸ੍ਰੀ ਅਨਿਲ ਵਿਜ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਆਉਣ 'ਤੇ ਸਨਮਾਨਿਤ ਕਰਦੇ ਹੋਏ। ਉਨ੍ਹਾਂ ਨਾਲ ਡਾ. ਕੇ.ਕੇ. ਖੰਡੇਲਵਾਲ, ਸ਼੍ਰੋਮਣੀ ਕਮੇਟੀ ਦੇ ਸੀਨੀ. ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਅੰਤ੍ਰਿੰਗ ਮੈਂਬਰ ਸ. ਰਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਰਾਮ ਸਿੰਘ, ਡਾ. ਰੂਪ ਸਿੰਘ ਸਕੱਤਰ, ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ ਤੇ ਹੋਰ।

(29 ਜਨਵਰੀ 2016)



ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹਰਿਆਣਾ ਦੇ ਸਿਹਤ ਮੰਤਰੀ ਸ੍ਰੀ ਅਨਿਲ ਵਿਜ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ। ਉਨ੍ਹਾਂ ਨਾਲ ਸੀਨੀ. ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਡਾ. ਕੇ.ਕੇ. ਖੰਡੇਲਵਾਲ ਅ ਤੇ ਹੋਰ।

(29 ਜਨਵਰੀ 2016)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਗੁਰਦੁਆਰਾ ਸ੍ਰੀ ਟਾਹਲੀਆਣਾ ਸਾਹਿਬ ਪਾਤਸ਼ਾਹੀ ਦਸਵੀਂ ਰਾਏਕੋਟ ਵਿਖੇ ਨਵਾਬ ਰਾਏ ਕੱਲਾ ਗਰੀਨ ਕਾਰ ਪਾਰਕਿੰਗ ਦਾ ਉਦਘਾਟਨ ਕਰਦੇ ਹੋਏ। ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਜੀਤ ਸਿ ਂਘ ਤਲਵੰਡੀ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਰਘਬੀਰ ਸਿੰਘ ਸਹਾਰਨ ਮਾਜਰਾ, ਸ. ਸੰਤਾ ਸਿੰਘ ਉਮੈਦਪੁਰੀ ਅਤੇ ਹੋਰ।

(4 ਜਨਵਰੀ 2016)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ, ਗੁਰਦੁਆਰਾ ਸ੍ਰੀ ਟਾਹਲੀਆਣਾ ਸਾਹਿਬ ਰਾਏਕੋਟ ਵਿਖੇ ਉਸਾਰੇ ਗਏ ਨੂਰਾ ਮਾਹੀ ਤੇ ਔਸਰ ਝੋਟੀ ਦੇ ਬੁੱਤ ਦਾ ਉਦਘਾਟਨ ਕਰਨ ਉਪਰੰਤ।

(4 ਜਨਵਰੀ 2016)



ਮਾਤਾ ਗੁਜਰੀ ਕਾਲਜ, ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮਹਾਰਾਣੀ ਜਿੰਦਾਂ ਸੋਸ਼ਲ ਸਾਇੰਸ ਬਲਾਕ ਦਾ ਉਦਘਾਟਨ ਕਰਦੇ ਹੋਏ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਡਾ. ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ ਤੇ ਹੋਰ। (3 ਫਰਵਰੀ 2016)




ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਹੋਸਟਲ ਦਾ ਨੀਂਹ ਪੱਥਰ ਰੱਖਦੇ ਹੋਏ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਡਾ. ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ, ਗਿਆਨੀ ਹਰਪਾਲ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੇ ਹੋਰ। (3 ਫਰਵਰੀ 2016)



ਧਰਮ ਪ੍ਰਚਾਰ ਕਮੇਟੀ ਵੱਲੋਂ ਪ੍ਰਕਾਸ਼ਿਤ ਡਾ. ਹਰਦੇਵ ਸਿੰਘ ਦੀ ਪੁਸਤਕ 'ਗੁਰਮਤਿ ਗਿਆਨ' ਲੋਕ ਅਰਪਣ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਕਮੇਟੀ ਮੈਂਬਰ, ਸ. ਮਨਜੀਤ ਸਿੰਘ ਸਕੱਤਰ, ਐਡੀ. ਸਕੱਤਰ ਸ. ਮਹਿੰਦਰ ਸਿੰਘ ਆਹਲੀ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ ਅਤੇ ਹੋਰ।

(8 ਜਨਵਰੀ 2016)



ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਸ੍ਰੀ ਲਛਮਣ ਚੇਲਾ ਰਾਮ ਸ੍ਰੀ ਸੁਖਮਨੀ ਸਾਹਿਬ ਸਟੀਕ ਦੀ ਪਹਿਲੀ ਕਾਪੀ ਭੇਟ ਕਰ ਦੇ ਹੋਏ। ਉਨ੍ਹਾਂ ਨਾਲ ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਅਵਤਾਰ ਸਿੰਘ ਸਕੱਤਰ ਅਤੇ ਹੋਰ।

(23 ਜਨਵਰੀ 2016)



ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਦੇ ਪਵਿੱਤਰ ਸਰੋਵਰ ਦੀ ਕਾਰ-ਸੇਵਾ ਆਰੰਭ ਕਰਨ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀ. ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ, ਭਾਈ ਗੁਰਇਕਬਾਲ ਸਿੰਘ, ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ, ਮੁੱਖ ਸਕੱਤਰ ਸ. ਹਰਚਰਨ ਸਿੰਘ, ਐਡੀ. ਸਕੱਤਰ ਸ. ਬਲਵਿੰਦਰ ਸਿੰਘ, ਮੈਨੇਜਰ ਸ. ਸੁਲੱਖਣ ਸਿੰਘ ਅਤੇ ਹੋਰ।

(27 ਜਨਵਰੀ 2016)

(ਪੰਨਾ ੧੮ ਦਾ ਬਾਕੀ)

ਸਕਦੇ। ਉਨ੍ਹਾਂ ਸਾਧਨਾਂ ਦੇ ਨਾਮ ਗਿਣਾ ਦੇਣੇ ਹੀ ਕਾਫ਼ੀ ਹੋਣਗੇ। ਇਨ੍ਹਾਂ ਸਹਾਇਕ ਸਾਧਨਾਂ ਨੂੰ ਨਿਸਚੈ ਆਤਮਿਕ (Positive) ਅਤੇ ਨਿਖੇਧਾਤਮਿਕ (Negative) ਦੋ ਵਰਗਾਂ ਅਧੀਨ ਗਿਣਾਇਆ ਜਾ ਸਕਦਾ ਹੈ।

ਨਿਸਚੈ ਆਤਮਿਕ ਸਾਧਨਾਂ ਵਿੱਚੋਂ ਸਭ ਤੋਂ ਜ਼ਰੂਰੀ ਹੈ ਨਾਮ ਜਪਣਾ ਜਾਂ ਸਿਮਰਨਾ। ਸਿਮਰਨ, ਨਾਮ ਜਪਣਾ, ਸਾਧਨ ਪੱਖੋਂ ਵਾਹਿਗੁਰੂ ਦੇ ਗੁਣਾਂ ਦਾ ਜਾਪ ਅਤੇ ਧਿਆਨ ਹੈ, ਉਸ ਦੀ ਲਗਾਤਾਰ ਯਾਦ ਹੈ। ਸਿਮਰਨ ਦੇ ਨਾਲ ਹੀ ਇਸ ਬਿਖੜੇ ਪੈਂਡੇ 'ਤੇ ਗੁਰੂ ਦੀ ਅਗਵਾਈ ਦੀ ਲੋੜ ਹੁੰਦੀ ਹੈ। ਸਾਧ-ਸੰਗਤ ਕਰਨਾ, ਕੀਰਤਨ ਦੁਆਰਾ ਉਸ ਨੂੰ ਰਿਝਾਉਣਾ, ਉਸ ਅੱਗੇ ਅਰਦਾਸ ਕਰਨੀ ਆਦਿ ਕੁਝ ਹੋਰ ਜ਼ਰੂਰੀ ਸਾਧਨ ਹਨ। ਇਸ ਦੇ ਨਾਲ ਹੀ ਸਦਾਚਾਰਕ ਗੁਣਾਂ ਦੇ ਧਾਰਨ 'ਤੇ ਵੀ ਬਹੁਤ ਬਲ ਮਿਲਦਾ ਹੈ। ਨਿਖੇਧਾਤਮਿਕ ਸਾਧਨਾਂ ਵਿੱਚੋਂ ਹਉਮੈ ਦਾ ਤਿਆਗ, ਰਸ-ਭੋਗਾਂ ਦਾ ਸੰਜਮ, ਸੰਸਾਰ ਦੀ ਨਾਸ਼ਮਾਨਤਾ, ਥੋੜ੍ਹ ਚਿਰਤਾ ਨੂੰ ਜਾਣਨਾ ਆਦਿ ਆਉਂਦੇ ਹਨ। ਉਪਰੋਕਤ ਸਾਧਨਾਂ ਦੀ ਮੱਦਦ ਨਾਲ ਕੀਤਾ ਅਮਲ, ਮਨੁੱਖ ਨੂੰ ਸੁਹਾਗਣ ਜਾਂ ਸਚਿਆਰ ਪਦ 'ਤੇ ਪਹੁੰਚਾਉਣ ਦੇ ਸਮਰੱਥ ਹੈ। ਮਨੁੱਖ ਆਪਣੇ ਹਉਮੈ ਪੂਰਨ ਛੋਟੇ ਆਪੇ ਨੂੰ ਪਛਾਣ ਕੇ ਜੀਵਨ-ਕੇਂਦਰ ਪਰਮਾਤਮਾ ਨਾਲ ਜੁੜ ਸਕਦਾ ਹੈ।

ਉਪਰੋਕਤ ਜੀਵਨ-ਜਾਚ ਮਨੁੱਖੀ ਹੋਂਦ ਦੇ ਆਪਾ ਸਮਾਜ ਤੇ ਪਰਮਾਤਮਾ ਦੇ ਤ੍ਰੈ-ਮੁਖੀ ਪਾਸਾਰ ਵਿੱਚੋਂ ਅਤੇ ਪਰਮਾਤਮਾ ਦੇ ਸੰਬੰਧਾਂ ਨਾਲ ਜੁੜੀ ਹੈ। ਇਥੇ ਸਮੱਸਿਆ ਮਨੁੱਖੀ ਹੋਂਦ ਦੇ ਸਮਾਜਿਕ ਪਾਸਾਰ ਦੀ ਆਉਂਦੀ ਹੈ, ਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਮਨੁੱਖੀ ਹੋਂਦ ਦੇ ਸਮਾਜਿਕ ਪਾਸਾਰ ਨੂੰ ਅੱਖੋਂ-ਉਹਲੇ ਕੀਤਾ ਗਿਆ ਹੈ? ਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਜੀਵਨ-ਜਾਚ ਮਨੁੱਖੀ ਜੀਵਨ ਦੇ ਸਮਾਜਿਕ ਪਾਸਾਰ ਪ੍ਰਤੀ ਚੁੱਪ ਧਾਰਨ ਕਰਦੀ ਹੈ। ਇਨ੍ਹਾਂ ਸੁਆਲਾਂ ਦਾ ਉੱਤਰ ਨਾਂਹ ਵਿਚ ਦਿੱਤਾ ਜਾ ਸਕਦਾ ਹੈ।

ਅਸੀਂ ਆਖ ਆਏ ਹਾਂ ਕਿ ਧਾਰਮਿਕ ਜੀਵਨ-ਜੁਗਤਿ ਦੇ ਕਿਸੇ ਇਕ ਪੱਖ ਨੂੰ ਨਹੀਂ, ਸਮੁੱਚੇ ਜੀਵਨ ਨੂੰ ਆਪਣੇ ਕਲਾਵੇ ਵਿਚ ਲੈਂਦੀ ਹੈ ਅਤੇ ਜੀਵਨ ਦੀ ਸਮੁੱਚਤਾ ਵਿੱਚੋਂ ਇਸ ਦੇ ਅਤਿ ਮਹੱਤਵਪੂਰਨ ਸਮਾਜਿਕ ਪਾਸਾਰ ਨੂੰ ਅੱਖੋਂ-ਪਰੋਖੇ ਨਹੀਂ ਕੀਤਾ ਜਾਂਦਾ। ਧਾਰਮਿਕ ਆਦਰਸ਼ ਆਪਣੇ ਸੁਭਾਅ ਅਨੁਸਾਰ ਅਮਲੀ ਸਮਾਜਿਕ ਜੀਵਨ ਨੂੰ ਪ੍ਰਭਾਵਤ ਕਰਦਾ ਹੈ ਅਤੇ ਉਸ ਨੂੰ ਇਹ ਵਿਸ਼ੇਸ਼ ਸੇਧ ਦਿੰਦਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਵਰਣਿਤ ਜੀਵਨ-ਜਾਚ ਵੀ ਇਸ ਪਾਸਾਰ ਦੇ ਮਹੱਤਵ ਤੋਂ ਇਨਕਾਰੀ ਨਹੀਂ, ਸਗੋਂ ਪੂਰਨ ਭਾਂਤ-ਚੇਤੰਨ ਹੈ। ਜੇਕਰ ਇਹ ਕਹਿ ਲਿਆ ਜਾਵੇ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਜੀਵਨ-ਜਾਚ ਦਾ ਕ੍ਰਾਂਤੀਕਾਰੀ ਪੱਖ ਹੀ ਸਮਾਜਿਕ ਅਮਲ ਦੀ ਪੱਧਰ 'ਤੇ ਪ੍ਰਗਟ ਹੋਇਆ ਹੈ ਤਾਂ ਗ਼ਲਤੀ ਨਹੀਂ ਹੋਵੇਗੀ। ਇਹ ਸਿੱਖੀ ਸਿਧਾਂਤ ਨਹੀਂ, ਸਿੱਖੀ ਅਮਲ ਹੀ ਸੀ, ਜਿਸ ਨੇ ਸਿੱਖ ਧਰਮ ਨੂੰ ਵਿਸ਼ਵ-ਵਿਆਪੀ ਪੱਧਰ 'ਤੇ ਜਾਣੂ ਕਰਵਾਇਆ। ਬਾਹਰਲੇ ਸੰਸਾਰ ਨੂੰ ਇਨ੍ਹਾਂ ਬਾਰੇ ਜਾਣਨ ਦੀ ਖਿੱਚ ਇਨ੍ਹਾਂ ਦੇ ਸਮਾਜਿਕ ਅਮਲ ਦੀ ਪੱਧਰ 'ਤੇ ਵਿਸ਼ੇਸ਼ ਰੂਪ-ਰੇਖਾ ਦੇਣ ਲਈ ਹੀ ਸੀ ਕਿ ਗੁਰੂ-ਜੋਤਿ ਨੇ ਇਥੇ ਦਸ ਜਾਮੇ ਗ੍ਰਹਿਣ ਕੀਤੇ ਅਤੇ ਧਰਮ ਨੂੰ ਉਦੋਂ ਹੀ ਸੰਸਥਾਈ ਰੂਪ ਦਿੱਤਾ (ਖਾਲਸੇ ਦੀ ਸਾਜਨਾ ਕੀਤੀ) ਜਦੋਂ ਇਹ ਯਕੀਨ ਹੋ ਗਿਆ ਕਿ ਇਸ ਪੰਥ ਦੀ ਜੀਵਨ-ਜਾਚ ਵਿਚ ਸਮਾਜਿਕ ਅਮਲ ਦੀ ਪੱਧਰ 'ਤੇ ਪਕਿਆਈ ਆ ਗਈ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਨਿਰਧਾਰਤ ਜੀਵਨ-ਜਾਚ 'ਪਤਿ' ਨੂੰ ਆਪਣੀ ਪਕਿਆਈ ਦਾ ਮਾਣ (Standard) ਬਣਾਉਂਦੀ ਹੈ। ਉਹੀ ਜੀਵਨ-ਜਾਚ ਹੀ ਪ੍ਰਵਾਨ ਹੈ, ਜੋ ਮਨੁੱਖ ਨੂੰ ਪਤਿ ਦਾ ਜੀਵਨ ਦਿੰਦੀ ਹੈ। ਜੇਕਰ ਜੀਵਨ 'ਪਤਿ' ਵਾਲਾ ਨਹੀਂ ਬਣ ਸਕਿਆ ਤਾਂ ਨੁਕਸ ਜੀਵਨ-ਜਾਚ ਵਿਚ ਹੈ:

**– ਜੇ ਜੀਵੈ ਪਤਿ ਲਥੀ ਜਾਇ॥ ਸਭੁ ਹਰਾਮੁ ਜੇਤਾ ਕਿਛੁ ਖਾਇ॥** *(ਪੰਨਾ ੧੪੨)*

**– ਨਾਨਕ ਗੁਰ ਬਿਨੁ ਨਾਹਿ ਪਤਿ ਪਤਿ ਵਿਣੁ ਪਾਰਿ ਨ ਪਾਇ॥** *(ਪੰਨਾ ੧੩੮)*

**– ਜਿਤੁ ਬੋਲਿਐ ਪਤਿ ਪਾਈਐ ਸੋ ਬੋਲਿਆ ਪਰਵਾਣੁ॥** *(ਪੰਨਾ ੧੫)*

**– ਜਾ ਪਤਿ ਲੇਖੈ ਨਾ ਪਵੈ ਸਭਾ ਪੂਜ ਖੁਆਰੁ॥** *(ਪੰਨਾ ੧੭)*

**– ਸਾਚੀ ਦਰਗਹ ਬੈਸਈ ਭਗਤਿ ਸਚੀ ਅਰਦਾਸਿ॥**<br>
**ਪਤਿ ਸਿਉ ਲੇਖਾ ਨਿਬੜੈ ਰਾਮ ਨਾਮੁ ਪਰਗਾਸਿ॥** *(ਪੰਨਾ ੫੫)*

**- ਪਤਿ ਸੇਤੀ ਜਾਵੈ ਸਹਜਿ ਸਮਾਵੈ ਸਗਲੇ ਦੂਖ ਮਿਟਾਵੈ॥**
**ਕਹੁ ਨਾਨਕ ਪ੍ਰਾਣੀ ਗੁਰਮੁਖਿ ਛੂਟੈ ਸਾਚੇ ਤੇ ਪਤਿ ਪਾਵੈ॥** *(ਪੰਨਾ ੭੬)*

ਗੁਰਬਾਣੀ ਵਿਚ ਜੀਵਨ ਦੀ ਸਫ਼ਲਤਾ ਦਾ 'ਪਤਿ' ਦਾ ਮਾਪ ਇਕ ਵਿਸ਼ੇਸ਼ ਤਰ੍ਹਾਂ ਦੀ ਜੀਵਨ-ਜਾਚ ਦੀ ਸਿਰਜਨਾ ਦਾ ਆਧਾਰ ਬਣਦਾ ਹੈ। ਸਮਾਜਿਕ ਜੀਵਨ ਨੇਕੀ-ਬਦੀ ਦਾ ਅਖਾੜਾ ਹੈ। ਬਦੀ ਦੇ ਡਰ ਤੋਂ ਇਸ ਅਖਾੜੇ ਵਿੱਚੋਂ ਵੀ ਆਪਣੇ ਆਪ ਨੂੰ ਹਟਾ ਲੈਣਾ ਪਤਿ ਦਾ ਜੀਵਨ ਨਹੀਂ- ਭਾਂਜ ਹੈ, ਹਾਰ ਹੈ। ਪਤਿ ਦਾ ਜੀਵਨ ਤਾਂ ਬਦੀ ਨਾਲ ਜੂਝਣ ਵਿਚ ਹੀ ਹੈ, ਅਖਾੜੇ ਵਿਚ ਰਹਿੰਦਿਆਂ ਹੀ ਜੂਝ ਮਰਨ ਵਿਚ ਹੈ।

ਸ਼ਾਇਦ ਇਸੇ ਕਾਰਨ ਕਰਕੇ ਹੀ ਗੁਰੂ ਸਾਹਿਬਾਨ ਇਸ ਸਮਾਜ ਤੋਂ ਭਾਂਜ ਜਾਂ ਨੈਤਿਕ ਉਦਾਸੀਨਤਾ ਨੂੰ ਪ੍ਰਵਾਨ ਨਹੀਂ ਕਰਦੇ, ਬਲਕਿ ਸਮਾਜ ਵਿਚ ਸਕਿਰਿਆ ਸ਼ਮੂਲੀਅਤ (Active Participation) ਦੇ ਜੀਵਨ ਦਾ ਪ੍ਰਚਾਰ ਕਰਦੇ ਹਨ। ਜੋਗੀਆਂ ਦੀ ਉਸ ਜੀਵਨ-ਵਿਧੀ ਨੂੰ ਜਿਸ ਅਨੁਸਾਰ ਉਹ ਸਮਾਜ ਤੋਂ ਬਾਹਰ ਰਹਿੰਦੇ ਹਨ, ਪਰ ਮੰਗ ਖਾਣ ਲਈ ਉਹ ਫਿਰ ਸਮਾਜ ਵਿਚ ਰਹਿੰਦੇ ਲੋਕਾਂ ਦੇ ਹੱਥਾਂ ਵੱਲ ਤੱਕਦੇ ਹਨ, ਬੇਪਤੀ ਦਾ ਜੀਵਨ ਆਖਦੇ ਹਨ। ਬਾਬਾ ਫਰੀਦ ਜੀ ਤਾਂ ਪਰਾਏ ਬਾਰ ਬੈਠਣ ਨਾਲੋਂ ਮੌਤ ਨੂੰ ਤਰਜੀਹ ਦਿੰਦੇ ਹਨ:

**ਫਰੀਦਾ ਬਾਰਿ ਪਰਾਇਐ ਬੈਸਣਾ ਸਾਂਈ ਮੁਝੈ ਨ ਦੇਹਿ॥**
**ਜੇ ਤੂ ਏਵੈ ਰਖਸੀ ਜੀਉ ਸਰੀਰਹੁ ਲੇਹਿ॥** *(ਪੰਨਾ ੧੩੮੦)*

ਗੁਰੂ ਸਾਹਿਬ ਡੋਲਦੇ ਮਨ ਨੂੰ ਰੋਕਣ ਦੀ ਅਜਿਹੀ ਜਾਚ ਦੱਸਦੇ ਹਨ, ਜਿਸ ਵਿਚ ਇਸ ਦਾ ਹੱਲ ਸਮਾਜਿਕ ਅਮਲ ਦੀ ਪੱਧਰ 'ਤੇ ਰਹਿੰਦਿਆਂ ਹੀ ਹੋ ਸਕਦਾ ਹੈ। ਉਹ ਜੁਗਤਿ ਹੈ, ਸੱਚ ਆਧਾਰਤ ਕਿਰਤ:

**ਇਹੁ ਮਨੁ ਡੋਲਤ ਤਉ ਠਹਰਾਵੈ॥ ਸਚੁ ਕਰਣੀ ਕਰਿ ਕਾਰ ਕਮਾਵੈ॥** *(ਪੰਨਾ ੧੩੪੪)*

ਇਸ ਸੱਚੀ ਕਿਰਤ ਦਾ ਆਧਾਰ ਕਾਮ, ਕ੍ਰੋਧ, ਲੋਭ, ਮੋਹ, ਹੰਕਾਰ ਆਦਿ ਮਨੁੱਖੀ ਜੀਵਨ ਦੇ ਵਿਕਾਰ ਅਤੇ ਬੇਪੱਤ ਜੀਵਨ ਦੇ ਲੱਛਣ ਨਹੀਂ ਸਗੋਂ ਸਤਿ, ਸੰਤੋਖ, ਦਇਆ ਆਦਿ ਨੈਤਿਕ ਗੁਣ ਹੀ ਹੋ ਸਕਦੇ ਹਨ:

**ਸਤੁ ਸੰਤੋਖੁ ਦਇਆ ਕਮਾਵੈ ਏਹ ਕਰਣੀ ਸਾਰ॥** *(ਪੰਨਾ ੫੧)*

ਅਜਿਹੀ ਨਿਰਮਲ ਕਰਣੀ ਪਾਰਬ੍ਰਹਮ ਨਾਲ ਲੱਗੀ ਪ੍ਰੀਤ ਦਾ ਫਲ ਵੀ ਹੈ ਅਤੇ ਬਾਣੀ ਵਿਚ ਨਿਰਧਾਰਤ ਜੀਵਨ-ਜਾਚ ਦਾ ਮਹੱਤਵਪੂਰਨ ਅੰਗ ਵੀ:

**- ਪਾਰਬ੍ਰਹਮ ਸਿਉ ਲਾਗੀ ਪ੍ਰੀਤਿ॥**
**ਨਿਰਮਲ ਕਰਣੀ ਸਾਚੀ ਰੀਤਿ॥** *(ਪੰਨਾ ੧੯੪)*
**- ਸਰਬ ਧਰਮ ਮਹਿ ਸ੍ਰੇਸਟ ਧਰਮੁ॥**
**ਹਰਿ ਕੋ ਨਾਮੁ ਜਪਿ ਨਿਰਮਲ ਕਰਮੁ॥** *(ਪੰਨਾ ੨੬੬)*

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਜੀਵਨ-ਜਾਚ ਨਿਰਮਲ ਕਿਰਤ ਬਾਰੇ ਇਥੇ ਹੀ ਚੁੱਪ ਨਹੀਂ ਕਰਦੀ, ਇਸ ਤੋਂ ਵੀ ਅਗਾਂਹ ਜਾਂਦੀ ਹੈ। ਮਨੁੱਖ ਦੀ ਮਨੁੱਖਤਾ ਇਸ ਵਿਚ ਨਹੀਂ ਕਿ ਉਸ ਨੂੰ ਜੋ ਪ੍ਰਾਪਤ ਹੋ ਜਾਵੇ, ਪਸ਼ੂ ਦੀ ਤਰ੍ਹਾਂ ਆਪ ਹੀ ਹੜੱਪ ਕਰ ਜਾਵੇ। ਪਸ਼ੂ-ਪੱਧਰ 'ਤੇ ਵਿਚਰਨਾ ਅਜਿਹਾ ਸੁਆਰਥ-ਪੂਰਨ ਜੀਵਨ ਬੇਪਤੀ ਦਾ ਜੀਵਨ ਹੈ। ਪਤਿ ਤਾਂ ਇਸ ਵਿਚ ਹੈ ਕਿ ਆਪ ਕੁਝ ਕਰ ਕੇ ਦੂਜਿਆਂ ਨੂੰ ਦੇਵੇ:

**- ਫਿਟੁ ਇਵੇਹਾ ਜੀਵਿਆ ਜਿਤੁ ਖਾਇ ਵਧਾਇਆ ਪੇਟੁ॥** *(ਪੰਨਾ ੭੯੦)*
**- ਘਾਲਿ ਖਾਇ ਕਿਛੁ ਹਥਹੁ ਦੇਇ॥**
**ਨਾਨਕ ਰਾਹੁ ਪਛਾਣਹਿ ਸੇਇ॥** *(ਪੰਨਾ ੧੨੪੫)*

ਨਿਰਮਲ ਘਾਲ ਕਰ ਕੇ ਹੱਥੋਂ ਦੇਣ ਵਿਚ ਦਇਆ, ਸੰਤੋਖ ਦਾ ਵਰਤਾਰਾ ਹੈ, ਲੋਭ ਮੋਹ ਦਾ ਨਿਸ਼ੇਧ ਹੈ। ਵੰਡ ਛਕਣ ਦੀ ਭਾਵਨਾ ਮਨੁੱਖੀ ਜੀਵਨ ਨੂੰ ਪਿਆਰ ਦੇ ਸੂਤ ਵਿਚ ਪਰੋਂਦੀ ਹੈ, ਏਕਤਾ ਦਾ ਸਥਾਈ ਆਧਾਰ ਬਣਦੀ ਹੈ। ਇਹ ਮਨੁੱਖ ਦੇ ਦੁਰਉਪਯੋਗ ਦੀ ਵਿਰੋਧੀ ਹੈ।

*(ਬਾਕੀ ਪੰਨਾ ੩੩ 'ਤੇ)*

ਫ਼ਾਰਸੀ ਦੇ ਮੂਲ ਸਰੋਤਾਂ ਅਨੁਸਾਰ



# ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ-ਗਾਹ

*-ਡਾ. ਜਸਬੀਰ ਸਿੰਘ ਸਰਨਾ**

ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਦੀ ਪੈਗ਼ੰਬਰੀ-ਅਜ਼ਮਤ ਸਾਹਵੇਂ ਜਦੋਂ ਬਾਬਾ ਬੰਦਾ ਸਿੰਘ ਬਹਾਦਰ ਦਾ ਸੀਸ ਝੁਕ ਗਿਆ ਤਾਂ ਉਸ ਦੇ ਸਰੀਰ ਵਿਚ ਅਨੋਖੀ ਜਿਹੀ ਚੁੰਬਕੀ ਸ਼ਕਤੀ ਨੇ ਜਿਵੇਂ ਪ੍ਰਵੇਸ਼ ਕਰ ਦਿੱਤਾ ਸੀ। ਕਲਗੀਧਰ ਪਿਤਾ ਦਾ ਥਾਪੜਾ ਲੈ ਕੇ ਉਸ ਨੇ ੧੮ਵੀਂ ਸਦੀ ਵਿਚ ਮੁਗ਼ਲ ਹਕੂਮਤ ਦੇ ਖਿਲਾਫ਼ ਜੱਦੋ-ਜਹਿਦ ਹੀ ਨਹੀਂ ਕੀਤੀ ਸਗੋਂ ਸੰਸਾਰ ਦੀ ਤਵਾਰੀਖ਼ ਵਿਚ ਗੌਰਵਮਈ ਵੀਰਤਾ ਅਤੇ ਫ਼ਤਹਿਯਾਬੀਆਂ ਦੇ ਅਜਿਹੇ ਅਧਿਆਇ ਆ ਜੋੜੇ, ਜਿਸ ਨੇ ਉਸ ਨੂੰ ਪੰਜਾਬ ਦੀ ਪਵਿੱਤਰ ਧਰਤੀ ਉੱਤੇ ਸੁਤੰਤਰ ਖਾਲਸਾ ਰਾਜ ਦਾ ਝੰਡਾ ਗੱਡਣ ਵਾਲਾ ਪਹਿਲਾ ਸੰਸਥਾਪਕ ਬਣਾਇਆ। ਬੇਸ਼ੱਕ ਬਹੁਤ ਸਾਰੀਆਂ ਫ਼ਾਰਸੀ ਲਿਖਤਾਂ ਵਿਚ ਸਿੱਖਾਂ ਸਬੰਧੀ ਕੌੜੇ ਬਚਨ ਲਿਖੇ ਮਿਲਦੇ ਹਨ ਪਰ ਨਾਲ ਹੀ ਫ਼ਾਰਸੀ ਸਰੋਤ ਸਿੱਖਾਂ ਦੀ ਬੀਰਤਾ ਅਤੇ ਉੱਚੇ ਆਚਰਣ ਦੀਆਂ ਸਿਫ਼ਤਾਂ ਵੀ ਕਰਦੇ ਨਹੀਂ ਥੱਕਦੇ। ਅਸੀਂ ਇਹ ਵੀ ਵੇਖਿਆ ਹੈ ਕਿ ਬਹੁਤ ਫ਼ਾਰਸੀ ਲੇਖਕ ਤੁਅਸਬੀ ਸਨ। ਉਹ ਮੁਗ਼ਲਾਂ ਦੀਆਂ ਹਾਰਾਂ (ਘਾਟਾਂ) ਨੂੰ ਫ਼ਤਹਿਯਾਬੀਆਂ ਦੇ ਰੂਪ ਵਿਚ ਅੰਕਿਤ ਕਰਦੇ ਸਨ। ਕਈ ਵੇਰਾਂ ਅਸਲੀ ਤੱਥਾਂ ਨੂੰ ਪੂਰੀ ਇਮਾਨਦਾਰੀ ਨਾਲ ਪੇਸ਼ ਕਰਨੋ ਘੁਸੇਲ ਮਾਰ ਛੱਡਦੇ ਸਨ।

ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਦੇ ਬਚਨਾਂ ਅਤੇ ਆਦਰਸ਼ਾਂ ਨੂੰ ਜਿਸ ਸਿਦਕ ਅਤੇ ਨਿਰਭੈ-ਸੂਰਬੀਰਤਾ ਨਾਲ ਬਾਬਾ ਬੰਦਾ ਸਿੰਘ ਬਹਾਦਰ ਨੇ ਆਖ਼ਰੀ ਘੜੀ ਤਕ 'ਅਕਾਲ ਪੁਰਖ ਦਾ ਭਾਣਾ ਮੰਨ ਕੇ' ਜੋ ਤਸੀਹੇ ਖਿੜੇ-ਮੱਥੇ ਝੱਲੇ, ਸੰਸਾਰ ਵਿਚ ਐਸੀ ਵਿਚਿੱਤ੍ਰ-ਅਨੂਠੀ ਦਾਸਤਾਨ ਪੜ੍ਹਨ ਵਿਚ ਅਜੇ ਤਕ ਨਹੀਂ ਆਈ। ਹੁਣ ਅਸੀਂ ਮੁੱਢਲੇ ਫ਼ਾਰਸੀ ਸਰੋਤਾਂ ਦੇ ਰੂਬਰੂ ਹੋਵਾਂਗੇ, ਜਿਨ੍ਹਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦੇ ਪੈਰਾਡਾਇਮ ਆਪਣੀ ਅੱਖੀਂ ਵੇਖ ਕੇ ਆਪਣੀਆਂ ਲਿਖਤਾਂ ਵਿਚ ਅੰਕਿਤ ਕੀਤੇ ਹਨ।

**੧. ਅਖ਼ਬਾਰਾਤ-ਇ-ਦਰਬਾਰ-ਇ-ਮੁੱਅਲਾ:**

ਇਹ ਜੈਪੁਰ ਰਾਜ ਦੀਆਂ ਪੁਰਾਤਨ ਤਵਾਰੀਖ਼ੀ ਲਿਖਤਾਂ (old historical records) ਰਾਜਸਥਾਨ ਦੇ ਆਰਕਾਈਵਜ਼ ਮਹਿਕਮੇ (ਬੀਕਾਨੇਰ) ਵਿਚ ਮੌਜੂਦ ਹਨ। ਇਹ ਸੰਬੰਧਤ ਲਿਖਤਾਂ ਪ੍ਰੋ: ਗੰਡਾ ਸਿੰਘ ਦਸੰਬਰ ੧੯੪੪ ਈ: ਸਮੇਂ ਮਲਕ ਤੇਜਾ ਸਿੰਘ ਇੰਜੀਨੀਅਰ ਦੀ ਮੱਦਦ ਨਾਲ ਨਕਲ ਕਰਕੇ ਲਿਆਏ ਸਨ। ਬਾਅਦ ਵਿਚ ਡਾ. ਭਗਤ ਸਿੰਘ ਨੇ ਅੰਗਰੇਜ਼ੀ ਅਨੁਵਾਦ ਕਰਕੇ ਛਾਪਿਆ ਹੈ। ਪੰਜਾਬ ਅਤੇ ਸਿੱਖਾਂ ਨਾਲ ਸੰਬੰਧਤ ਲਿਖਤਾਂ ਹੀ ਪ੍ਰੋ: ਗੰਡਾ ਸਿੰਘ ਨੇ ਨਕਲ ਕੀਤੀਆਂ ਸਨ। ਇਸ ਦੀਆਂ ਨਕਲਾਂ ਅਜਕਲ੍ਹ ਖਾਲਸਾ ਕਾਲਜ ਅੰਮ੍ਰਿਤਸਰ, ਪੰਜਾਬੀ ਯੂਨੀਵਰਸਿਟੀ ਲਾਇਬ੍ਰੇਰੀ ਪਟਿਆਲਾ, ਰਾਜਸਥਾਨ ਸਟੇਟ ਪੁਰਾਲੇਖ ਵਿਭਾਗ ਬੀਕਾਨੇਰ ਆਦਿ ਵਿਚ ਮੌਜੂਦ ਹਨ।

ਇਨ੍ਹਾਂ ਲਿਖਤਾਂ ਵਿਚ ਜਿਥੇ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਦਾਸਤਾਨ ਅੰਕਿਤ ਹੈ, ਉੱਥੇ ਬਾਦਸ਼ਾਹ ਫ਼ਰੁਖ਼ਸੀਅਰ ਦੇ ਹੁਕਮ ਦਾ ਵੇਰਵਾ ਵੀ ਦਰਜ ਹੈ। ਬਾਬਾ ਬੰਦਾ ਸਿੰਘ ਦੀ ਸ਼ਹਾਦਤ ਦੇ ਦੂਜੇ ਦਿਨ ਦੀ ਤਾਰੀਖ ੧੦ ਜੂਨ ੧੭੧੬ ਈ. ਦਰਜ ਹੈ। ਇਹ ੨੯ ਜਮਾਦੀ-ਉ-ਸਾਨੀ ਪੰਜ ਫ਼ਰੁਖ਼ਸੀਅਰੀ ਜਲੂਸੀ (੧੦ ਜੂਨ, ੧੭੧੬ ਈ.) ਦੇ ਰਿਕਾਰਡ ਮੌਜੂਦ ਹਨ। ਬਾਦਸ਼ਾਹ ਫ਼ਰੁਖ਼ਸੀਅਰ ਨੇ ਜੋ ਬਾਬਾ ਜੀ ਪ੍ਰਤੀ ਹੁਕਮ ਦਿੱਤਾ ਸੀ, ਉਹ 'ਅਖ਼ਬਾਰਾਤ-ਇ-ਦਰਬਾਰ-ਇ-ਮੁੱਅਲਾ' ਦੇ ਰੀਕਾਰਡ 'ਚ ਇਸ ਤਰ੍ਹਾਂ ਅੰਕਿਤ ਹੈ:

"੨੯ ਜਮਾਦੀ-ਉ-ਜਾਨੀ ਸਨ ੫ ਫ਼ਰੁਖ਼ਸੀਅਰ (੯ ਜੂਨ ੧੭੧੬ ਈ.) (ਹਜ਼ੂਰ) ਬਾਦਸ਼ਾਹ ਦਾ ਹੁਕਮ

*ਸੰਤ ਨਿਵਾਸ, ਆਰ-੧੧, ਸਵਰਨ ਕਲੋਨੀ, ਗੋਲ-ਗੁਜਰਾਲ, ਜੰਮੂ ਤਵੀ-੧੮੦੦੦੨ (ਮੋ) ੦੯੯੦੬੫੬੬੬੦੪

ਹੋਇਆ ਕਿ ਇਬਰਾਹੀਮ-ਦੀਨ ਖਾਨ ਮੀਰੇ-ਇ-ਆਤਿਸ਼ ਅਤੇ ਸਰਬਰਾਹ ਖਾਨ ਕੋਤਵਾਲ ਬੰਦਾ ਸਿੰਘ ਨੂੰ ਜੋ ਕਿ ਕਿਲ੍ਹਾ ਮੁਬਾਰਿਕ (ਬਾਦਸ਼ਾਹੀ ਕਿਲ੍ਹੇ) ਵਿਚ ਤ੍ਰਿਪੋਜੀਏ ਦੇ ਉੱਪਰ ਕੈਦ ਹੈ, ਖ਼ੁਆਜਾ ਕੁਤਬੁਦੀਨ ਦੀ ਦਰਗਾਹ ਤੇ ਹਜ਼ਰਤ ਖੁਲਦਿ ਮੰਜ਼ਲ (ਬਾਦਸ਼ਾਹ ਬਹਾਦੁਰ ਸ਼ਾਹ) ਦੇ ਮੱਕਬਰੇ ਦੇ ਲਾਗੇ ਲਿਜਾ ਕੇ ਉਸ ਦੀ ਜੀਭ ਅਤੇ ਅੱਖਾਂ ਕੱਢ ਦੇਣ ਅਤੇ ਉਸ ਦੀ ਖੱਲ ਨਾਲੋਂ ਉਸ ਦਾ ਮਾਸ ਤੋੜ ਦੇਣ ਅਤੇ ਹੱਡੀਆਂ ਵੱਖ-ਵੱਖ ਕਰ ਦੇਣ ਅਤੇ ਉਸ ਦੇ ਪੁੱਤਰ ਨੂੰ ਕਤਲ ਕਰ ਦੇਣ।"

੯ ਜੂਨ ੧੭੧੬ ਈ. ਨੂੰ ਜਦੋਂ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹੀਦੀ ਹੋ ਜਾਂਦੀ ਹੈ ਤਾਂ ਉਸ ਦੇ ਦੂਜੇ ਦਿਨ 'ਅਖ਼ਬਾਰਾਤ-ਇ-ਦਰਬਾਰ-ਇ-ਮੁੱਅਲਾ' (੧੦ ਜੂਨ ੧੭੧੬ ਈ.) ਵਿਚ ਇਸ ਤਰ੍ਹਾਂ ਦਰਜ ਹੈ:

"ਗੁਰਾ (ਚੰਦ ਦੀ ਪਹਿਲੀ) ਰਜਬ ਸਨ ੫ ਫ਼ਰੁਖ਼ਸੀਅਰੀ (੧੦ ਜੂਨ, ੧੭੧੬ ਈ.) (ਬਾਦਸ਼ਾਹ ਦੀ ਸੇਵਾ ਵਿਚ) ਬੇਨਤੀ ਹੋਈ ਕਿ ਇਬਰਾਹੀਮ-ਦੀਨ ਖਾਨ ਮੀਰੇ-ਇ-ਆਤਿਸ਼ ਅਤੇ ਸਰਬਰਾਹ ਖਾਨ ਕੋਤਵਾਲ ਨੇ ਬੰਦਾ ਸਿੰਘ ਨੂੰ, ਸਣੇ ਪੁੱਤਰ ਅਤੇ ਅਠਾਰਾਂ ਉਸ ਦੇ ਸਾਥੀਆਂ ਨੂੰ ਹਜ਼ਰਤ ਬਾਦਸ਼ਾਹ ਦੇ ਹੁਕਮ ਅਨੁਸਾਰ ਖ਼ੁਆਜਾ ਕੁਤਬ ਦੀ ਦਰਗਾਹ ਵੱਲ ਖੋਜਾ ਫ਼ੱਤੂ ਦੀ ਪਾਣੀ ਦੀ ਛਬੀਲ ਦੇ ਲਾਗੇ ਲਿਜਾ ਕੇ ਪਹਿਲਾਂ ਉਸ ਦੇ ਪੁੱਤਰ ਨੂੰ ਕਤਲ ਕਰ ਕੇ ਉਸ ਦੇ ਸਾਹਮਣੇ ਰੱਖ ਦਿੱਤਾ। ਉਸ ਤੋਂ ਬਾਅਦ ਉਸ ਨੂੰ ਅਨੰਤ ਤਸੀਹੇ ਦੇ ਕੇ ਕਤਲ ਕਰ ਕੇ ਉਸ ਦੇ ਅੰਗ-ਅੰਗ ਜੁਦਾ ਕਰ ਦਿੱਤੇ ਅਤੇ ਉਸ ਦੇ ਸਾਥੀਆਂ ਨੂੰ ਭੀ ਕਤਲ ਕਰ ਦਿੱਤਾ।" ਵਰਨਣ ਕੀਤੇ ਹਾਲਾਤ ਅੱਖੀਂ ਵੇਖ ਕੇ ਸਰਕਾਰੀ ਨਾਮਾ ਨਿਗਾਰ ਨੇ ਰਿਕਾਰਡ ਕੀਤੇ ਸਨ।

**੨.ਇਬਰਤਨਾਮਾ**: ਇਸ ਨੂੰ 'ਸਵਾਨਿਹ ਮਿਰਜ਼ਾ ਮੁਹੰਮਦ ਹਾਰਸ਼ੀ' ਕਰ ਕੇ ਵੀ ਲਿਖਿਆ ਜਾਂਦਾ ਹੈ। ਇਸ ਦਾ ਲੇਖਕ ਮਿਰਜ਼ਾ ਮੁਹੰਮਦ ਬਿਨ ਮੁਤਮਿਦ ਖ਼ਾਨ ਬਿਨ ਦਿਆਨਤ ਖ਼ਾਨ ਹੈ। ਇਹ ਲਿਖਤ ਮਿਰਜ਼ਾ ਹਾਰਸ਼ੀ ਨੇ ੮ ਦਸੰਬਰ ੧੭੧੮ ਈ. ਨੂੰ ਮੁਕੰਮਲ ਕੀਤੀ। ਇਸ ਹੱਥ ਲਿਖਤ ਦੀਆਂ ਨਕਲਾਂ ਖ਼ੁਦਾਬਖਸ਼ ਲਾਇਬ੍ਰੇਰੀ ਬਾਂਕੀਪੁਰ (ਪਟਨਾ), ਏਸ਼ੀਆ ਸੁਸਾਇਟੀ ਕਲਕੱਤਾ ਆਦਿ ਵਿਚ ਮੌਜੂਦ ਹਨ। ਇਸ ਵਿਚ ਬਾਬਾ ਬੰਦਾ ਸਿੰਘ ਬਹਾਦਰ ਅਤੇ ਸਿੰਘਾਂ ਦੇ ਅੱਖੀਂ ਵੇਖ ਕੇ ਹਾਲਾਤ ਕਲਮਬੰਦ ਕੀਤੇ ਹਨ। ਇਸ ਵਿਚ ਤਾਰੀਖ਼, ਮਹੀਨਾ, ਸਾਲ ਅਤੇ ਦਿਨ ਤਕ ਲਿਖੇ ਹਨ। ਇਸ ਵਿਚ ਦਰਜ ਸ਼ਬਦ ਇੰਝ ਹਨ:

"ਇਕ ਸ਼ੰਬੇ (ਐਤਵਾਰ) ਵਾਲੇ ਦਿਨ ਚੰਦ ਦੀ ਆਖ਼ਰੀ ਤਾਰੀਖ ੨੯ ਜਮਾਦੀ ਉਲ-ਆਖਰ ਸਨ (੧੧੨੮) ਹਿਜਰੀ, ਜਿਸ ਦਾ ਜ਼ਿਕਰ ਕੀਤਾ ਜਾ ਚੁੱਕਾ ਹੈ। ਸ਼ਾਹੀ ਹੁਕਮ ਅਨੁਸਾਰ ਬੰਦਾ ਸਿੰਘ ਨੂੰ, ਕਿ ਜਿਸ ਦੇ ਫ਼ੜੇ ਜਾਣ ਅਤੇ ਲਿਆਉਣ ਦਾ ਵੇਰਵੇ ਸਹਿਤ ਜ਼ਿਕਰ ਪਿਛੇ ਕੀਤਾ ਜਾ ਚੁੱਕਾ ਹੈ। ਪੁਰਾਣੇ ਸ਼ਹਿਰ ਵਿੱਚੋਂ ਲੰਘ ਕੇ ਅੱਲਾ ਨੂੰ ਪਿਆਰੇ ਹੋ ਚੁੱਕੇ ਸੁਰਗਵਾਸੀ ਹਜ਼ਰਤ ਖ਼ੁਆਜਾ ਕੁਤਬੁਦੀਨ ਬਖਤਿਆਰ ਕਾਕੀ ਦੇ ਮਜ਼ਾਰ 'ਤੇ ਲੈ ਗਏ ਅਤੇ ਸੁਰਗਵਾਸੀ ਸ਼ਾਹ ਆਲਮ ਬਹਾਦੁਰ ਸ਼ਾਹ ਦੀ ਕਬਰ ਦੇ ਇਰਦ ਗਿਰਦ ਚੱਕਰ ਲੁਆ ਕੇ ਪਹਿਲਾਂ ਉਸ ਦੇ ਛੋਟੇ ਜਿਹੇ ਪੁੱਤਰ ਨੂੰ ਉਸ ਦੀਆਂ ਅੱਖਾਂ ਦੇ ਸਾਹਮਣੇ ਕਤਲ ਕੀਤਾ, ਫੇਰ ਉਸ ਵੇਲੇ ਉਸ ਦੇ ਸਰੀਰ ਨੂੰ ਦੋ ਹੋਰ (ਸਿੱਖਾਂ) ਸਮੇਤ ਜੋ ਹਾਲ ਤਕ ਬਦਲੇ ਲਈ ਜਿਉਂਦੇ ਰੱਖੇ ਹੋਏ ਸਨ, ਜੀਵਨ ਤੋਂ ਮਿੱਟਾ ਦਿੱਤਾ।"

ਅੱਗੇ ਜਾ ਕੇ ਮਿਰਜ਼ਾ ਹਾਰਸ਼ੀ ਹੋਰ ਵਿਸਥਾਰ ਨਾਲ ਬਿਆਨ ਕਰਦਾ ਹੈ, "ਉਸ ਦਿਨ ਮੈਂ ਇਹ ਤਮਾਸ਼ਾ ਦੇਖਣ 'ਲੂਣ ਮੰਡੀ' ਗਿਆ ਸੀ ਅਤੇ ਉਥੋਂ ਕਿਲ੍ਹਾ ਮੁਬਾਰਕ ਤਕ ਨਾਲ ਗਿਆ। ਸ਼ਹਿਰੀਆਂ ਵਿੱਚੋਂ ਕੋਈ ਵਿਰਲਾ ਹੀ ਸੀ, ਜਿਸ ਨੇ ਉਨ੍ਹਾਂ (ਸਿੱਖਾਂ) ਦਾ ਇਹ ਜੜ-ਮਾਰ ਤਮਾਸ਼ਾ ਨਹੀਂ ਵੇਖਿਆ। ਗਲੀ-ਬਾਜ਼ਾਰਾਂ ਵਿਚ ਅਜਬ ਭੀੜ ਸੀ, ਅਜਿਹਾ ਕਦੀ ਘੱਟ ਹੀ ਹੋਇਆ ਸੀ। ਮੁਸਲਮਾਨਾਂ ਨੂੰ ਤਾਂ ਬੜਾ ਸਰੂਰ ਤੇ ਅਨੰਦ ਪ੍ਰਾਪਤ ਹੋਇਆ। ਐਪਰ ਉਹ (ਸਿੱਖ) ਜੋ ਇਸ ਸੰਕਟ ਵਿਚ ਫਸੇ ਹੋਏ ਸਨ ਵਿੱਚੋਂ ਬਹੁਤੇ ਆਪਣੀ ਇਸ ਮੰਦਹਾਲੀ ਪੁਰ ਅਭਿਮਾਨ (ਗੌਰਵ) ਕਰ ਰਹੇ ਸਨ ਅਤੇ ਉਨ੍ਹਾਂ ਦੇ ਮੁੱਖੜਿਆਂ 'ਤੇ ਕਿਸੇ ਤਰ੍ਹਾਂ ਦੀ ਨਮੋਸ਼ੀ ਤੇ ਭੈ ਦੇ ਨਿਸ਼ਾਨ ਨਹੀਂ ਸਨ ਦਿਸਦੇ। ਸਗੋਂ ਅਕਸਰ ਊਠਾਂ 'ਤੇ ਬੈਠੇ (ਸ਼ਬਦ/ਸਿਮਰਨ) ਗਾਉਣ ਵਿਚ ਮਸਤ ਸਨ। ਜੇ ਗਲੀ ਕੂਚੇ ਵਿੱਚੋਂ ਕੋਈ ਉਨ੍ਹਾਂ ਨੂੰ ਕਹਿੰਦਾ, ਕਿ ਤੁਹਾਨੂੰ ਤਾਂ ਹੁਣੇ ਮਾਰ ਦੇਣਗੇ। ਉਹ ਉੱਤਰ ਦਿੰਦੇ, 'ਮਾਰੋ ਨਿਸ਼ੰਗ! ਅਸੀਂ ਕੋਈ ਮਰਨੋ ਡਰਦੇ ਆਂ? ਜੇ ਡਰਦੇ, ਤਾਂ ਤੁਹਾਡੇ ਨਾਲ

ਏਨੇ ਘੋਰ ਜੰਗ ਕਿਉਂ ਕਰਦੇ। ਅਸੀਂ ਤਾਂ ਭੁੱਖ ਤੇ ਖੁਰਾਕ ਦੀ ਥੁੜ ਦੇ ਕਾਰਨ, ਤੁਹਾਡੇ ਕਾਬੂ ਆ ਗਏ ਹਾਂ, ਨਹੀਂ ਤਾਂ ਸਾਡੀ ਬਹਾਦਰੀ ਦੀ ਹਕੀਕਤ ਜੋ ਤੁਸਾਂ ਵੇਖੀ ਹੈ, ਇਸ ਤੋਂ ਵੱਧ ਤੁਹਾਨੂੰ ਮਾਲੂਮ ਹੋ ਜਾਂਦੀ।"

**੩.ਇਬਰਤਨਾਮਾ**: ਇਹ ਹੱਥ-ਲਿਖਤ ਸਈਦ ਮੁਹੰਮਦ ਕਾਸਿਮ ਲਾਹੌਰੀ ਦੀ ਹੈ ਜੋ ੧੭੧੯ ਈ. (੧੧੩੧ ਹਿਜਰੀ) ਨੂੰ ਮੁਕੰਮਲ ਹੋਈ ਸੀ। ਇਸੇ ਲੇਖਕ ਦੀ ਦੂਜੀ ਲਿਖਤ 'ਇਬਰਤ-ਮਕਾਲ' ਹੈ, ਜੋ ੧੭੩੧ ਈ. ਨੂੰ ਮੁਕੰਮਲ ਹੋਈ। ਸਰਕਾਰੀ ਨੌਕਰ ਹੋਣ ਦੇ ਨਾਤੇ ਇਹ ਆਰਿਫ਼ ਬੇਗ ਖਾਨ, ਨਾਇਬ ਸੂਬੇ ਦੇ ਪਾਸ ਸੀ। ਇਸ ਨੇ ਵੀ ਅੱਖੀਂ ਵੇਖੇ ਹਾਲਾਤ ਨੂੰ ਕਲਮਬੰਦ ਕੀਤਾ ਹੈ। ਇਸ ਵਿਚ ਦਰਜ ਫ਼ਾਰਸੀ ਲਿਖਤ ਦੇ ਅਰਥ ਇਸ ਤਰ੍ਹਾਂ ਹਨ:

"ਬੰਦਾ ਸਿੰਘ ਉਸ ਦੇ ਪੁੱਤਰ ਅਤੇ ਦੂਸਰੇ ਬੰਦਿਆਂ ਬਾਬਤ, ਜਿਹੜੇ ਕਿ ਬਗ਼ਾਵਤ ਵਿਚ ਉਸ ਦੇ ਸਾਥੀ ਸਨ, ਕਤਲ ਦਾ ਹੁਕਮ ਹੋਇਆ, ਹਜ਼ਰਤ ਖੁਆਜਾ ਕੁਤਬਦੀਨ ਬਖ਼ਤਿਆਰ ਕਾਕੀ ਦੇ ਮਜ਼ਾਰ ਦੇ ਲਾਗੇ ਉਸ (ਬੰਦਾ ਸਿੰਘ) ਨੂੰ ਸਣੇ ਉਸ ਦੇ ਪੁੱਤਰ ਦੇ ਕਤਲ ਕਰ ਦਿੱਤਾ।"

ਇਸ ਲਿਖਤ ਦੇ ਨੱਸਕੇ ਖਾਲਸਾ ਕਾਲਜ ਅੰਮ੍ਰਿਤਸਰ, ਬ੍ਰਿਟਿਸ਼ ਮਿਊਜ਼ੀਅਮ ਲਾਇਬ੍ਰੇਰੀ ਲੰਡਨ ਇੰਗਲੈਂਡ, ਪੰਜਾਬ ਯੂਨੀਵਰਸਿਟੀ ਲਾਇਬ੍ਰੇਰੀ ਲਾਹੌਰ ਆਦਿ ਵਿਚ ਮੌਜੂਦ ਹਨ। ਗੁਰਦਾਸ ਨੰਗਲ ਦੇ ਘੇਰੇ ਸਮੇਂ ਲੇਖਕ ਮੁਹੰਮਦ ਕਾਸਿਮ ਲਾਹੌਰੀ ਚਸ਼ਮਦੀਦ ਗਵਾਹ ਸੀ, ਜਦੋਂ ਉਨ੍ਹਾਂ ਨੂੰ ਕੈਦ ਕਰ ਕੇ ਦਿੱਲੀ ਰਵਾਨਾ ਕੀਤਾ ਗਿਆ ਸੀ।

**੪. ਤਜ਼ਕਰਾ-ਇ-ਚੁਗੱਤਵੀ**: ਇਸ ਨੂੰ 'ਤਜ਼ਕਮ-ਇ-ਸੁਲਤਾਨ-ਇ-ਚੁਗੱਤਵੀ' ਵੀ ਆਖਿਆ ਜਾਂਦਾ ਹੈ। ਇਸ ਦਾ ਲੇਖਕ ਮੁਹੰਮਦ ਹਾਦੀ ਕਮਰ ਖ਼ਾਨ ਹੈ। ਇਸ ਲਿਖਤ ਦੀਆਂ ਨਕਲਾਂ ਮੁਸਲਿਮ ਯੂਨੀਵਰਸਿਟੀ ਲਾਇਬ੍ਰੇਰੀ ਅਲੀਗੜ੍ਹ, ਪੰਜਾਬ ਪਬਲਿਕ ਲਾਇਬ੍ਰੇਰੀ ਲਾਹੌਰ, ਬ੍ਰਿਟਿਸ਼ ਮਿਊਜ਼ੀਅਮ ਲਾਇਬ੍ਰੇਰੀ ਲੰਡਨ ਇੰਗਲੈਂਡ, ਖੁਦਾ ਬਖਸ਼ ਉਰੀਐਂਟਲ ਪਬਲਿਕ ਲਾਇਬ੍ਰੇਰੀ ਬਾਂਕੀਪੁਰ ਪਟਨਾ ਆਦਿ ਵਿਚ ਮੌਜੂਦ ਹਨ। ਇਸ ਲਿਖਤ ਅਨੁਸਾਰ:

"ਸਰਬਰਾਹ ਖਾਂ ਕੋਤਵਾਲ ਤੇ ਇਬਰਾਹੀ ਮੁੱਦੀਨ ਖ਼ਾਨ 'ਮੀਰ-ਆਤਿਸ਼' ਨੇ ਬੰਦਾ ਸਿੰਘ ਤੇ ਉਸ ਦੇ ਪੁੱਤਰ ਨੂੰ ਉਸ ਦੇ ਛੱਬੀ ਹੋਰ ਸਾਥੀਆਂ (ਸਿੰਘਾਂ) ਸਣੇ, ਖ਼ਵਾਜਾ ਕੁਤਬੁੱਦੀਨ ਦੇ ਮਿਜ਼ਾਰ (ਕਬਰ) ਪਾਸ ਲੈ ਜਾ ਕੇ, ਅਤਿ ਤਸੀਹੇ ਦੇ ਕੇ, ਕਤਲ ਕਰ ਦਿੱਤਾ।

**੫. ਮੁੰਤਖ਼ਬ-ਉਲ-ਲਬਾਬ**: ਇਸ ਲਿਖਤ ਦਾ ਲੇਖਕ ਮੁਹੰਮਦ ਹਾਸ਼ਮ ਬਿਨ ਖ਼ਾਫ਼ੀ-ਖ਼ਾਨ ਹੈ। ਇਹ ਲੇਖਕ ਖਾਫ਼ੀ-ਖ਼ਾਨ ਦੇ ਨਾਂ ਨਾਲ ਬਹੁਤ ਪ੍ਰਸਿੱਧ ਹੈ। ਇਹ ਲਿਖਤ ਇਸ ਨੇ ੧੭੨੨ ਈ: (੧੧੩੪ ਹਿਜਰੀ) ਵਿਚ ਮੁਕੰਮਲ ਕੀਤੀ। ਇਸ ਦੀ ਇਕ ਕਾਪੀ ਏਸ਼ੀਆ ਸੁਸਾਇਟੀ, ਕਲਕਤਾ ਆਦਿ ਥਾਂ 'ਤੇ ਮੌਜੂਦ ਹੈ। ਇਸ ਲਿਖਤ ਦਾ ਉਰਦੂ ਅਨੁਵਾਦ ਮਹਿਮੂਦ ਅਹਿਮਦ ਫ਼ਾਰੂਕੀ ਨੇ ਕਰ ਕੇ ੧੯੬੩ ਈ: ਵਿਚ ਨਫ਼ੀਸ ਅਕੈਡਮੀ, ਕਰਾਚੀ ਨੇ ਛਾਪਿਆ ਹੈ। ਖਾਫ਼ੀ ਖਾਂ ਬਾਬਾ ਬੰਦਾ ਸਿੰਘ ਬਹਾਦਰ ਬਾਰੇ ਜੋ ਲਿਖਦਾ ਹੈ। ਸੰਖੇਪ ਜਿਹੇ ਸ਼ਬਦਾਂ ਵਿਚ ਇਸ ਦੇ ਅਰਥ ਹਨ:

"ਕਹਿੰਦੇ ਕਿ, ਮਿਲਣ ਸਮੇਂ ਏਤਮਾਦੁ ਦੌਲਾ ਮੁਹਮਦ ਅਮੀਨ ਖਾਨ ਨੇ ਸਿੱਖਾਂ ਦੇ ਸਰਦਾਰ (ਬੰਦਾ ਸਿੰਘ) ਪਾਸੋਂ ਪੁਛਿਆ ਕਿ 'ਤੇਰੇ ਚਿਹਰੇ ਤੋਂ ਤਾਂ ਬੁੱਧਿ ਤੇ ਸੁਭਾਚਰਨਿ ਟੱਪਕਦੇ ਹਨ। ਤੈਨੂੰ ਕਿਸ ਕਰਕੇ ਇਸ ਲਈ ਮਜ਼ਬੂਰ ਹੋਣਾ ਪਿਆ। ਉੱਤਰ ਵਿਚ (ਬੜੇ ਠਰੱਮੇ ਨਾਲ) ਆਖਿਓ ਸੁ: ਹਰਿਕ ਦੀਨ-ਧਰਮ ਵਿਚ ਭੁੱਲਾਂ ਦੇ ਪੜੁੱਲ ਮਨੁੱਖ ਵੱਲੋਂ ਜਦ ਬੇ-ਮੁੱਖਤਾ ਤੇ ਪਾਪ ਹੱਦੋਂ ਵਧ ਜਾਂਦੇ ਹਨ ਤਾਂ ਸੱਚਾ (ਅਕਾਲਪੁਰਖ) ਉਸ ਦੇ ਪਾਪਾਂ ਦਾ ਫਲ ਭੁਗਤਾਣ ਵਾਸਤੇ ਮੇਰੇ ਵਰਗਾ ਮੁਕਰੱਰ ਕਰ ਦਿੰਦਾ ਹੈ।"

ਖਾਫ਼ੀ ਖਾਂ ਨੇ ਸਾਰੇ ਅੱਖੀਂ ਡਿੱਠੇ ਹਾਲ ਲਿਖੇ ਹਨ। ਇਸੇ ਲਿਖਤ ਵਿਚ ਹੀ ਉਸ ਸਿੱਖ ਭੁਜੰਗੀ ਦੀ ਸਿਦਕ ਤੇ ਦਲੇਰੀ ਦੀ ਦਾਸਤਾਨ ਦਰਜ ਕੀਤੇ ਹਨ। ਸੰਖੇਪ ਵਿਚ ਇਸ ਲਿਖਤ ਦੇ ਅਰਥ ਇਸ ਤਰ੍ਹਾਂ ਹਨ:

" ਉਸ ਫ਼ਿਰਕੇ (ਸਿੰਘਾਂ) ਦੇ ਕਤਲ ਕੀਤੇ ਜਾਣ ਸਮੇਂ, ਉਨ੍ਹਾਂ 'ਚੋਂ ਇੱਕ ਅਲੂਏ ਗਭਰੂ ਦੀ ਮਾਤਾ, ਕਿਸੇ ਵਸੀਲੇ ਤੇ ਮੁਰੱਬੀ ਰਾਹੀਂ ਬਾਦਸ਼ਾਹ ਤੇ ਵੱਡੇ ਵਜ਼ੀਰ ਪਾਸ ਪਹੁੰਚ ਗਈ। ਉਸ ਨੇ ਬੜੇ ਮਿਨਤਾਂ-ਤਰਲੇ ਕਰਕੇ ਫ਼ਰਿਆਦ ਕੀਤੀ ਕਿ 'ਮੇਰਾ ਪੁੱਤਰ ਉਸ (ਬੰਦਾ ਸਿੰਘ) ਵੱਲੋਂ ਕਾਬੂ ਕੀਤੇ ਲੋਕਾਂ ਵਿਚ ਸੀ, ਉਹ ਨਿਰਦੋਖ ਉਸ ਟੋਲੇ (ਸਿੰਘਾਂ) ਦੇ ਨਾਲ ਹੀ ਫੜਿਆ ਗਿਆ ਹੈ।"

"ਮੁਹਮਦ ਫ਼ਰਖ਼ਸੀਅਰ ਨੂੰ ਉਸ ਛਲੀਆ ਬੁਢੜੀ ਦੀਆਂ ਗੱਲਾਂ ਅਰੁ ਹਾਲ 'ਤੇ ਤਰਸ ਆ ਗਿਆ। ਉਸ ਦੇ ਬੱਚੇ ਦੀ ਖਲਾਸੀ ਵਾਸਤੇ ਹਜ਼ੂਰੋਂ ਖਾਸ ਬੰਦਾ ਉਸ ਮਾਈ ਨਾਲ ਤੋਰਿਆ। ਪੁੱਤਰ ਦੀ ਖਲਾਸੀ ਦੀ ਪ੍ਰਵਾਨਗੀ ਮਾਈ ਨੇ ਐਨ ਉਸ ਮੌਕੇ ਪਹੁੰਚਾਈ, ਜਦੋਂ ਜਲਾਦ ਰਤ-ਵਿਰਤੀ ਨੰਗੀ ਤਲਵਾਰ ਉਸ ਦੇ ਸਿਰ ਤੇ ਲਾਈ ਖਲੋਤਾ ਸੀ।"

"ਉਸ ਦੇ ਪੁੱਤਰ ਨੇ ਪੁਕਾਰ ਕੀਤੀ: 'ਮੇਰੀ ਮਾਂ ਝੂਠ ਬੋਲਦੀ ਹੈ। ਮੈਂ ਦਿਲੋ-ਜਾਨ ਤੋਂ ਆਪਣੇ ਸਤਿਗੁਰੂ ਦਾ ਸਿਦਕੀ ਸੇਵਕ ਤੇ ਜਿੰਦ ਵਾਰਨ ਵਾਲਾ ਸਿੱਖ (ਮੁਰੀਦ) ਹਾਂ। ਮੈਨੂੰ ਛੇਤੀ (ਸ਼ਹੀਦ ਕਰਕੇ) ਆਪਣੇ ਸਾਥੀਆਂ ਨਾਲ ਰਲਾਇਆ ਜਾਵੇ।"

**੬. ਮਿਰਤਿ-ਵਾਰਿਦਾਤ**:- ਇਹ ਲਿਖਤ ਮੁਹੰਮਦ ਸ਼ਫੀ ਬਿਨ ਮੁਹੰਮਦ ਸ਼ਰੀਫ ਵਾਰਦ ਦੀ ਹੈ, ਜੋ ੧੭੨੯ ਈ. (੧੧੪੨ ਹਿਜਰੀ) ਵਿਚ ਸੰਪੂਰਨ ਕੀਤੀ ਸੀ। ਇਸ ਦੀਆਂ ਨਕਲਾਂ ਖਾਲਸਾ ਕਾਲਜ ਅੰਮ੍ਰਿਤਸਰ, ਬ੍ਰਿਟਿਸ ਮਿਊਜ਼ੀਅਮ ਲਾਇਬ੍ਰੇਰੀ ਲੰਡਨ (ਇੰਗਲੈਂਡ) ਆਦਿ ਵਿਚ ਮੌਜੂਦ ਹਨ। ਇਹ ਲੇਖਕ ਦਿੱਲੀ ਵਿਚ ਰਹਿੰਦਾ ਸੀ ਅਤੇ ਆਪਣੇ ਵੱਡੇ ਅਹਿਲਕਾਰ ਦੀ ਬੇਨਤੀ 'ਤੇ ਇਹ ਕਿਤਾਬ ਲਿਖੀ ਸੀ। ਇੱਕ ਹੋਰ ਇਸ ਦੀ ਕਿਤਾਬ 'ਤਾਰੀਖ਼-ਇ-ਚੁਗਤਾਈ' ਵੀ ਹੈ। ਮੂਲ ਫ਼ਾਰਸੀ ਲਿਖਤ ਦਾ ਸੰਖੇਪ ਵਿਚ ਸ਼ਾਰ-ਅੰਸ਼ ਇਹ ਹੈ ਕਿ ਉਨ੍ਹਾਂ (ਸਿੱਖਾਂ) ਨੂੰ ਬਾਜ਼ਾਰਾਂ ਅਤੇ ਗਲੀ-ਕੋਚਿਆਂ, ਵਿੱਚੋਂ ਫ਼ੇਰ ਕੇ ਖ਼ਵਾਜ਼ਾ ਕੁਤਬੁਦੀਨ ਕਾਕੀ ਦੇ ਦਰਗਾਹ ਕੋਲ, ਜਿਥੇ ਚਿਸ਼ਮਾ ਹੈ, ਪੁੱਤਰ ਸਮੇਤ ਮਾਰ ਦਿੱਤਾ ਗਿਆ।

**੭. ਤਾਰੀਖ਼-ਇ-ਬਹਾਦਰਸ਼ਾਹੀ**: ਇਸ ਲਿਖਤ ਦਾ ਦੂਜਾ ਨਾਂ 'ਤਾਰੀਖ਼-ਇ-ਮੁਹੰਮਦ ਸ਼ਾਹੀ ਨਾਦੀਰ-ਉਜ਼-ਜ਼ਮਾਨੀ' ਹੈ। ਇਹ ੧੭੪੯ ਈ. (੧੧੬੧ ਹਿਜਰੀ) ਵਿਚ ਮੁਕੰਮਲ ਕੀਤੀ ਗਈ ਸੀ। ਇਸ ਲਿਖਤ ਦੀਆਂ ਨਕਲਾਂ ਪੰਜਾਬ ਪਬਲਿਕ ਲਾਇਬ੍ਰੇਰੀ ਲਾਹੌਰ, ਬ੍ਰਿਟਿਸ਼ ਮਿਊਜ਼ੀਅਮ ਲਾਇਬ੍ਰੇਰੀ ਲੰਡਨ (ਇੰਗਲੈਂਡ) ਆਦਿ ਵਿਚ ਮੌਜੂਦ ਹਨ। ਇਸ ਲਿਖਤ ਵਿਚ ਬਾਬਾ ਬੰਦਾ ਸਿੰਘ ਬਹਾਦਰ ਅਤੇ ਸਿੱਖਾਂ ਦੇ ਕਤਲੇਆਮ ਜ਼ਿਕਰ ਤੋਂ ਇਲਾਵਾ ਉਸ ਨੌਜਵਾਨ ਸਿੱਖ ਬਹਾਦਰ ਬੱਚੇ ਦਾ ਜ਼ਿਕਰ ਕੀਤਾ ਗਿਆ ਹੈ ਜਿਸ ਨੇ ਰਿਹਾਈ ਦਾ ਹੁਕਮ ਠੁਕਰਾ ਦਿੱਤਾ ਸੀ।

ਫ਼ਾਰਸੀ ਸ਼ਬਦਾਂ ਦੇ ਅਰਥਾਂ ਨੂੰ ਸੰਖੇਪ ਵਿਚ ਇਸ ਤਰ੍ਹਾਂ ਬਿਆਨ ਕੀਤਾ ਜਾ ਸਕਦਾ ਹੈ। "ਮੈਂ ਨਹੀਂ ਜਾਣਦਾ ਕਿ ਇਹ ਮਾਂ ਕਿਸ ਦੀ ਹੈ, ਤੇ ਇਹ ਵਹੁਟੀ ਕਿਥੋਂ ਲਿਆਈ ਹੈ। ਅਰੁ ਇਹ ਕਿਹੋ ਜਿਹੀਆਂ ਗੱਲਾਂ ਪਈ ਮਾਰਦੀ ਐ। ਮੇਰੇ ਸਾਥੀ (ਸ਼ਹਾਦਤ ਲਈ ਦੂਰ) ਲੰਘ ਗਏ ਹਨ; ਤੇ ਹੁਣ ਮੇਰਾ ਵਕਤ ਹੱਥੋਂ ਜਾ ਰਿਹਾ ਹੈ। ਇਹ ਘੜੀ (ਪਛੜੇਵਾਂ) ਮੇਰੇ ਵਾਸਤੇ ਦੁਖਦਾਈ ਹੈ।"

ਇਨ੍ਹਾਂ ਫ਼ਾਰਸੀ ਲਿਖਤਾਂ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਲਿਖਤਾਂ ਹਨ, ਜਿਨ੍ਹਾਂ ਵਿਚ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦਾ ਵਰਨਣ ਆਇਆ ਹੈ ਜਿਵੇਂ ਅਸਮਰਿ ਸਮਦੀ, ਅਹਿਵਾਲ-ਇ-ਸਿੱਖਾਂ ਉ-ਬੰਦਾ, ਹਾਲਾਤ-ਇ-ਸਲਤਨਤ-ਇ-ਫ਼ਰਖਸੀਅਰ-ਵਾ-ਮੁਹੰਮਦ ਸ਼ਾਹ, ਜੰਗ-ਇ-ਬਹਾਦਰ ਸ਼ਾਹੀ, ਤਾਰੀਖ਼-ਇ-ਅਲੀ, ਹਕੀਦਤ-ਉਲ-ਅਕਵਾਲਿਮ, ਤਵਾਰੀਖ਼ ਫਰਾਹ ਬਖਸ਼, ਨਾਜ਼ਰ ਉਸਮਾਨੀ, ਅਹਿਵਾਲ-ਇ-ਜੰਗ-ਇ-ਅਬਦੁਸ ਸਮਦ ਖਾਨ ਬਰ ਖਿਲਾਫ਼ ਇ-ਸਿੱਖਾਂ-ਵਾ-ਬੰਦਾ, ਸ਼ਾਹਨਾਮਾ, ਤਵਾਰੀਖ਼-ਇ-ਮੁਹੰਮਦ ਸ਼ਾਹ ਨਾਦਰ ਜ਼ਾਮਨੀ, ਤਵਾਰੀਖ਼-ਇ-ਪੰਜਾਬ, ਤਵਾਰੀਖ਼-ਇ-ਇਰਾਬਤ ਖ਼ਾਨੀ ਤਵਾਰੀਖ਼-ਇ ਮੁਬਾਰਖ, ਬਹਿਰ-ਉਲ-ਮਵਾਜ, ਫਤੂਹਤਨਾਮਾ ਸਮਦੀ, ਮੁਨਵਰ-ਉਲ-ਕਲਾਮ, ਜਾਮਿ-ਉਤ-ਤਵਾਰੀਖ਼, ਤਬਸੀਗਤ-ਉਲ-ਨਾਜ਼ਰੀਨ, ਤਵਾਰੀਖ਼-ਇ-ਜਾਨਸ਼ੀਨ-ਇ-ਔਰੰਗਜ਼ੇਬ, ਦਸਤੂਰ-ਉਲ-ਇਨਸ਼ਾ-ਇ-ਜਲੰਧਰ, ਰੋਜ਼ਨਾਮਚਾ, ਤਾਰੀਖ਼-ਏ-ਪੰਜਾਬ, ਤਜ਼ਕਰਤ ਅਲ ਮਲੂਕ, ਮੁਆਸਰ-ਉਜ-ਉਮਰਾ, ਜਾਮਏ-ਤੁ-ਤਵਾਰੀਖ਼, ਅਮਾਦ-ਉਸ-ਆਦਾਤ ਆਦਿ ਵਿਚ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਦਾ ਕਿਤੇ ਵਿਸਥਾਰ ਨਾਲ ਅਤੇ ਕਿਤੇ ਸੰਕੋਚਵੇਂ ਢੰਗ ਨਾਲ ਜ਼ਿਕਰ ਆਇਆ ਹੈ।

**ਉੱਪਰ ਦਿੱਤੀਆਂ ਫ਼ਾਰਸੀ ਲਿਖਤਾਂ ਵਿੱਚੋਂ ਜੋ ਸਿੱਟੇ ਸਾਹਮਣੇ ਆਏ ਹਨ, ਉਹ ਇਸ ਪ੍ਰਕਾਰ ਹਨ:**

੧. ਬਾਬਾ ਬੰਦਾ ਸਿੰਘ ਬਹਾਦਰ ਅਤੇ ਸਾਥੀਆਂ ਨੂੰ ਸਰਬਰਾਹ ਖ਼ਾਨ ਕੋਤਵਾਲ ਅਤੇ ਮੀਰੇ-ਆਤਿਸ਼ ਅਤੇ ਇਬਰਾਹੀਮੁ-ਦੀਨ ਖਾਨ ਦੀ ਨਿਗਰਾਨੀ ਹੇਠ ਜਲੂਸ ਦੀ ਸ਼ਕਲ ਵਿਚ ਕਿਲ੍ਹੇ ਤੋਂ ਬਾਹਰ ਲਿਆਇਆ ਗਿਆ। ਸਾਰਿਆਂ ਨੂੰ ਬੇੜੀਆਂ ਨਾਲ ਜਕੜਿਆ ਹੋਇਆ ਸੀ। ਬਾਬਾ ਬੰਦਾ ਸਿੰਘ ਬਹਾਦਰ ਨੂੰ ਤਿੱਲੇਦਾਰ ਲਾਲ ਰੰਗ ਦੀ ਪਗੜੀ ਅਤੇ ਲਿਬਾਸ

ਪਹਿਨਾਈ ਗਈ ਸੀ ਅਤੇ ਹਾਥੀ ਉੱਤੇ ਪਿੰਜਰੇ ਵਿਚ ਬਿਠਾਇਆ ਗਿਆ ਸੀ। ਬਾਕੀ ਸਿੰਘ ਉਸ ਦੇ ਪਿੱਛੇ ਲੋਹੇ ਦੀਆਂ ਸੰਗਲਾਂ ਨਾਲ ਜਕੜੇ ਹੋ ਕੇ ਤੁਰ ਰਹੇ ਸਨ। ਇਨ੍ਹਾਂ ਸਾਰਿਆਂ ਨੂੰ ਪੁਰਾਣੇ ਸ਼ਹਿਰ ਦੀਆਂ ਗਲੀਆਂ, ਬਾਜ਼ਾਰਾਂ ਵਿੱਚੋਂ ਤੋਰ ਕੇ ਜਲੂਸ ਦੀ ਸ਼ਕਲ ਦਿੱਤੀ ਗਈ।

੨. ਬਾਬਾ ਬੰਦਾ ਸਿੰਘ ਬਹਾਦਰ ਅਤੇ ਚੋਣਵੇਂ ਸਿੱਖਾਂ ਨੂੰ ਬਾਕੀ ਸਿੱਖਾਂ ਨਾਲੋਂ ਵੱਖ ਕੀਤਾ ਗਿਆ, ਜਿਨ੍ਹਾਂ ਨੂੰ ਤ੍ਰਿਪੋਲੀ ਜੇਲ੍ਹ ਵਿਚ ਕੋਤਵਾਲ ਸਰਬਰਾਹ ਖਾਨ ਦੇ ਹਵਾਲੇ ਕਰ ਦਿੱਤਾ ਗਿਆ, ਜਿਥੇ ਬਾਦਸ਼ਾਹ ਦੇ ਹੁਕਮ ਨਾਲ ਸ਼ਹੀਦੀਆਂ ਦਾ ਸਿਲਸਿਲਾ ਸ਼ੁਰੂ ਹੋਇਆ। ਰੋਜ਼ ਕੋਤਵਾਲੀ ਦੇ ਚਬੂਤਰੇ ਕੋਲ ਸੌ-ਸੌ ਸਿੰਘਾਂ ਨੂੰ ਕੱਢ ਕੇ ਸ਼ਹੀਦ ਕੀਤਾ ਗਿਆ ਅਤੇ ਇਹ ਸਾਰਾ ਕੰਮ ਇੱਕ ਹਫਤੇ ਅੰਦਰ ਅੰਜਾਮ ਦਿੱਤਾ ਗਿਆ।

੩. ਬਾਬਾ ਬੰਦਾ ਸਿੰਘ ਬਹਾਦਰ, ਉਸ ਦੇ ਸਪੁੱਤਰ ਅਜੈ ਸਿੰਘ ਅਤੇ ਚੌਣਵੇਂ ਸਿੰਘਾਂ ਨੂੰ ਬੜੇ ਤਸੀਹੇ ਦਿੱਤੇ ਗਏ, ਤਾਂ ਜੋ ਲੋਹਗੜ੍ਹ ਆਦਿ ਥਾਵਾਂ ਤੇ ਰੱਖੇ ਖਜ਼ਾਨਿਆਂ ਦੀ ਸੂਹ ਇਨ੍ਹਾਂ ਤੋਂ ਪ੍ਰਾਪਤ ਹੋ ਸਕੇ। ਪਰ ਮੁਗਲਾਂ ਦੇ ਮਨਸੂਬੇ ਕਾਮਯਾਬ ਨਾ ਹੋ ਸਕੇ। ਇਨ੍ਹਾਂ ਨੂੰ ਤ੍ਰਿਪੋਲੀਆ ਗੇਟ ਦੇ ਪਾਸ ਬਣੀ ਜੇਲ੍ਹ ਵਿਚ ਰੱਖਿਆ ਗਿਆ ਸੀ।

੪. ਬਾਬਾ ਬੰਦਾ ਸਿੰਘ ਬਹਾਦਰ, ਬੇਟੇ ਅਜੈ ਸਿੰਘ ਅਤੇ ਚੋਣਵੇਂ ਸਿੰਘਾਂ ਜਿਵੇਂ ਸਰਦਾਰ ਬਾਜ ਸਿੰਘ, ਭਾਈ ਫ਼ਤਹਿ ਸਿੰਘ, ਭਾਈ ਆਲੀ ਸਿੰਘ, ਭਾਈ ਮਾਲੀ ਸਿੰਘ, ਭਾਈ ਗੁਲਾਬ ਸਿੰਘ ਆਦਿ ਨੂੰ ਖ਼ੁਆਜਾ ਕੁਤਬੁਦੀਨ ਦੇ ਮਜ਼ਾਰ ਪਾਸ ਭਾਵ ਕੁਤਬੁਦੀਨ ਬਖਤਿਆਰ ਕਾਕੀ ਦੇ ਰੋਜ਼ੇ ਪਾਸ ਸਾਰਿਆਂ ਨੂੰ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ।

੫. ਫ਼ਾਰਸੀ ਲਿਖਤਾਂ ਵਿਚ ਉਸ ਨੌਜਵਾਨ ਦਾ ਬਾ-ਖ਼ੂਬੀ ਜ਼ਿਕਰ ਆਇਆ ਹੈ, ਜਿਸ ਨੇ ਆਖ਼ਰੀ ਸਮੇਂ 'ਤੇ ਰਿਹਾਈ ਠੁਕਰਾ ਦਿੱਤੀ ਸੀ।

■

---

*(ਪੰਨਾ ੨੮ ਦਾ ਬਾਕੀ)*

# ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਜੀਵਨ-ਜਾਚ

ਇਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਅਧਿਆਤਮਿਕ ਆਦਰਸ਼ ਦੀ ਆੜ ਵਿਚ ਬਾਣੀ ਵਿਚ ਇਕ ਬੜੇ ਉੱਚੇ ਤੇ ਸੁੱਚੇ ਸਦਾਚਾਰਕ ਵਿਧਾਨ ਦਾ ਸਿਰਜਨ ਹੋਇਆ ਹੈ ਜੋ ਵਿਅਕਤੀਗਤ ਅਤੇ ਸਮਾਜਿਕ ਜੀਵਨ ਨੂੰ ਕਿਰਿਆਤਮਿਕ ਅਤੇ ਸਿਰਜਨਾਤਮਿਕ ਸੇਧ ਪ੍ਰਦਾਨ ਕਰਨ ਦੇ ਸਮਰੱਥ ਹੈ। ਗੁਰੂ ਸਾਹਿਬਾਨ ਇਸ ਗੱਲ ਦਾ ਦਾਅਵੇ ਨਾਲ ਐਲਾਨ ਕਰਦੇ ਹਨ ਕਿ ਅਜਿਹਾ ਆਚਾਰ ਹੋਰ ਪ੍ਰਕਾਰ ਦੇ ਧਰਮਾਂ-ਕਰਮਾਂ ਆਦਿ ਤੋਂ ਉੱਤਮ ਹੈ:

**ਕਰਮ ਧਰਮ ਅਨੇਕ ਕਿਰਿਆ ਸਭ ਊਪਰਿ ਨਾਮੁ ਅਚਾਰੁ॥** *(ਪੰਨਾ ੪੦੫)*

ਇਹ ਸਮਾਜਿਕ ਜੀਵਨ-ਜਾਚ ਦਾ ਪਤਿ ਮਾਪ ਹੋਣ ਕਰਕੇ ਹੀ ਹੈ ਕਿ ਸਿੱਖ ਇਤਿਹਾਸ ਦਾ ਰੰਗ-ਰੂਪ ਵੱਖਰਾ ਹੀ ਹੈ। ਇਨ੍ਹਾਂ ਨੂੰ ਪਤਿ ਦਾ ਜੀਵਨ ਜੀਉਣ ਲਈ ਬਹੁਤ ਸਾਰਾ ਸਮਾਂ ਕਈ ਪ੍ਰਕਾਰ ਦੇ ਮੋਰਚੇ ਲਾਉਣੇ ਪਏ ਹਨ। ਜਿੱਥੇ ਕਿਤੇ ਵੀ ਇਨ੍ਹਾਂ 'ਤੇ ਭੀੜ ਪਈ, ਸੰਕਟ ਕਾਲ ਆਇਆ, ਇਨ੍ਹਾਂ ਨੇ ਬੇਪਤੀ ਅਤੇ ਪਤਿ ਵਿੱਚੋਂ ਪਤਿ ਨੂੰ ਚੁਣਿਆ, ਭਾਵੇਂ ਇਸ ਬਦਲੇ ਉਨ੍ਹਾਂ ਨੂੰ ਕਿਤਨਾ ਭੀ ਭਾਰੀ ਮੁੱਲ ਚੁਕਾਉਣਾ ਪਿਆ।

ਇਸ ਜੀਵਨ-ਜਾਚ ਦੀ ਰਖਿਆ ਲਈ ਗੁਰੂ ਸਾਹਿਬਾਨ ਨੇ ਸ਼ਹਾਦਤਾਂ ਦਿੱਤੀਆਂ। ਮਾਸੂਮ ਸਾਹਿਬਜ਼ਾਦਿਆਂ ਨੂੰ ਨੀਹਾਂ ਵਿਚ ਚਿਣਵਾਇਆ, ਘਰ-ਬਾਰ ਤੋਂ ਉਜੜਨਾ ਪ੍ਰਵਾਨ ਕੀਤਾ। ਸਿੱਖਾਂ ਨੇ ਭੁੱਖਿਆਂ ਰਹਿਣਾ ਸਵੀਕਾਰ ਕੀਤਾ ਅਤੇ ਲੋੜ ਪੈਣ 'ਤੇ ਅਨਗਿਣਤ ਜਾਨਾਂ ਕੁਰਬਾਨ ਕੀਤੀਆਂ, ਪਰ ਕਦੇ ਇਸ ਤੋਂ ਡਿੱਗੇ-ਡੋਲੇ ਨਹੀਂ ਅਤੇ ਇਸ ਪਤਿ ਦੇ ਜੀਵਨ ਦੀ ਪ੍ਰਾਪਤੀ ਨੂੰ ਇਨ੍ਹਾਂ ਕੇਵਲ ਆਪਣੀ ਕੌਮ ਨੂੰ ਹੀ ਆਦਰਸ਼ ਨਹੀਂ ਰੱਖਿਆ ਬਲਕਿ ਜਿੱਥੇ ਕਿਤੇ ਵੀ ਅਜਿਹੇ ਜੀਵਨ ਲਈ ਹੋਰ ਲੋਕਾਂ ਨੇ ਲੋਚਾ ਪ੍ਰਗਟ ਕੀਤੀ, ਉਥੇ ਮੋਢੇ ਨਾਲ ਮੋਢਾ ਜੋੜ ਕੇ ਆਪਣੀ ਨਿਰਮਲ ਘਾਲ 'ਚੋਂ ਉਨ੍ਹਾਂ ਨੂੰ ਵੀ ਹੱਥੋਂ ਬਹੁਤ ਕੁਝ ਦਿੱਤਾ।

*ਸ੍ਰੋਤ: ਗੁਰਮਤਿ ਪ੍ਰਕਾਸ਼ (ਅਪ੍ਰੈਲ, ੨੦੦੮)*

■

ਖ਼ਬਰਨਾਮਾ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

ਅੰਮ੍ਰਿਤਸਰ- ਸਾਹਿਬੇ-ਕਮਾਲ, ਕਲਗੀਧਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ।ਸਵੇਰੇ ੮-੩੦ ਵਜੇ ਤੋਂ ੧੨-੦੦ ਵਜੇ ਤੱਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਜੀ ਵਿਖੇ ਸੁੰਦਰ ਜਲੌ ਸਜਾਏ ਗਏ। ਅੰਮ੍ਰਿਤ ਵੇਲੇ ਤੋਂ ਲੈ ਕੇ ਸਾਰਾ ਦਿਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਇਲਾਹੀ ਬਾਣੀ ਦੇ ਕੀਰਤਨ ਦਾ ਪ੍ਰਵਾਹ ਨਿਰੰਤਰ ਚੱਲਦਾ ਰਿਹਾ।

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ੍ਰੀ ਅਖੰਡਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਭਾਈ ਅਵਤਾਰ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਧੁਰ ਕੀ ਬਾਣੀ ਦੇ ਰਸਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਹੁਕਮਨਾਮਾ ਲਿਆ। ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਜਦੋਂ ਸੰਸਾਰ ਵਿੱਚ ਧਰਮ ਦੀ ਹਾਨੀ ਹੋ ਕੇ ਅਧਰਮ ਫੈਲ ਜਾਵੇ ਇਨਸਾਨ ਹੈਵਾਨ ਬਣ ਜਾਵੇ, ਜ਼ੁਲਮ ਦੀ ਇੰਤਹਾ ਹੋ ਜਾਵੇ ਤਾਂ ਪਾਪੀ ਜਰਵਾਨਿਆਂ ਤੋਂ ਗਰੀਬਾਂ ਅਨਾਥਾਂ ਦੀ ਰੱਖਿਆ ਕਰਨ ਹਿੱਤ ਕਿਸੇ ਇਲਾਹੀ ਜੋਤ ਦਾ ਪ੍ਰਕਾਸ਼ ਹੁੰਦਾ ਹੈ। ਐਸੇ ਸਮੇਂ ੨੩ ਪੋਹ ਸੰਮਤ ੧੭੨੩ ਨੂੰ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਮਾਤਾ ਗੁਜਰੀ ਜੀ ਦੇ ਗ੍ਰਹਿ ਸ੍ਰੀ ਪਟਨਾ ਸਾਹਿਬ ਵਿਖੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪ੍ਰਕਾਸ਼ ਲਿਆ। ਐਸੇ ਮਹਾਨ ਸਤਿਗੁਰੂ, ਮਾਨਵਤਾ ਦੇ ਰਾਖੇ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਪਿਤਾ, ਆਪਣੀ ਮਾਤਾ, ਆਪਣੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜੋਰਾਵਰ ਸਿੰਘ ਜੀ ਤੇ ਬਾਬਾ ਫਤਿਹ ਸਿੰਘ ਜੀ ਭਾਵ ਸਾਰਾ ਸਰਬੰਸ ਵਾਰ ਕੇ ਜਬਰ ਤੇ ਜ਼ੁਲਮ ਦਾ ਟਾਕਰਾ ਕੀਤਾ ਤੇ ਸਿੱਖੀ ਦੇ ਬੂਟੇ ਨੂੰ ਪ੍ਰਫੁੱਲਤ ਕਰਨ ਲਈ ਆਪਣੇ ਜਾਨ ਤੋਂ ਵੀ ਪਿਆਰੇ ਸਿੰਘਾਂ ਦੀਆਂ ਕੁਰਬਾਨੀਆਂ ਧਰਮ ਲੇਖੇ ਲਾਈਆਂ। ਉਨ੍ਹਾਂ ਕਿਹਾ ਕਿ ਦੁਨੀਆਂ ਦੇ ਇਤਿਹਾਸ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹੀ ਸਨ ਜਿਨ੍ਹਾਂ ਜਬਰ ਤੇ ਜ਼ੁਲਮ ਖਿਲਾਫ ਜੰਗ ਵਿੱਚ ਜੂਝਦੇ ਹੋਏ ਉਸ ਵੇਲੇ ਦੀ ਜਾਬਰ ਹਕੂਮਤ ਦੀਆਂ ਜੜ੍ਹਾਂ ਉਖਾੜੀਆਂ ਤੇ ਆਪਣਾ ਸਰਬੰਸ ਵਾਰਿਆ। ਉਨ੍ਹਾਂ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਬੱਚੇ-ਬੱਚੀਆਂ ਨੂੰ ਗੁਰੂ ਸਾਹਿਬਾਨ, ਸ਼ਹੀਦ ਸਿੰਘਾਂ- ਸਿੰਘਣੀਆਂ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਛੋਟੇ ਲਾਲਾਂ ਦੀਆਂ ਸਾਖੀਆਂ ਸੁਣਾ ਕੇ ਕੁਰਬਾਨੀਆਂ ਭਰੇ ਸਿੱਖ ਇਤਿਹਾਸ ਤੋਂ ਜਾਣੂੰ ਕਰਵਾਉਣ ਤਾਂ ਜੋ ਉਹ ਵੀ ਉਨ੍ਹਾਂ ਸ਼ਹੀਦਾਂ ਤੋਂ ਸਬਕ ਲੈਣ ਜਿਨ੍ਹਾਂ ਧਰਮ ਨਹੀਂ ਹਾਰਿਆ ਤੇ ਸਿੱਖੀ ਕੇਸਾਂ ਸੁਆਸਾਂ ਸੰਗ ਨਿਭਾਈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਸਿੱਖੀ ਤੋਂ ਬੇਮੁੱਖ ਹੋਈ ਨੌਜਵਾਨ ਪੀੜ੍ਹੀ ਨੂੰ ਖੰਡੇ ਬਾਟੇ ਦੀ ਪਾਹੁਲ ਛੱਕ ਗੁਰੂ ਵਾਲੇ ਬਨਣ ਦੀ। ਰਾਤ ਸਮੇਂ ਸਜੇ ਦੀਵਾਨ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਇਲਾਹੀ ਬਾਣੀ ਦੇ ਕੀਰਤਨ ਦੀਆਂ ਛਹਿਬਰਾਂ ਲਗਾਈਆਂ ਤੇ ਪੰਥ ਪ੍ਰਸਿੱਧ ਕਵੀਆਂ ਨੇ ਆਪਣੀਆਂ ਕਵਿਤਾਵਾਂ ਰਾਹੀਂ ਕਲਗੀਧਰ ਦਸਮੇਸ਼ ਪਿਤਾ ਦੇ ਜੀਵਨ 'ਤੇ ਚਾਨਣਾ ਪਾਉਂਦੇ ਹੋਏ ਸੰਗਤਾਂ ਨੂੰ ਗੁਰ-ਇਤਿਹਾਸ ਨਾਲ ਜੋੜਿਆ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੀਪਮਾਲਾ ਕੀਤੀ ਗਈ ਅਤੇ ਸ੍ਰੀ ਰਹਰਾਸਿ ਸਾਹਿਬ ਜੀ ਦੇ ਪਾਠ ਉਪਰੰਤ ਆਤਿਸ਼ਬਾਜੀ ਚਲਾਈ ਗਈ।

*੧੬ ਜਨਵਰੀ*

# ਦਸਮੇਸ਼ ਪਿਤਾ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜ੍ਹੇ ਨੂੰ ਸਮਰਪਿਤ ਪੰਜਾਬ ਤੇ ਹਰਿਆਣਾ ਵਿੱਚ ਵਿਸ਼ੇਸ਼ ਸਮਾਗਮ ਕਰਵਾਏ ਜਾਣਗੇ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ- ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਧਰਮ ਪ੍ਰਚਾਰ ਕਮੇਟੀ) ਵੱਲੋਂ ਪੰਜਾਬ ਅਤੇ ਹਰਿਆਣਾ ਵਿੱਚ ਗੁਰਮਤਿ ਪ੍ਰਚਾਰ ਲਹਿਰ ਪ੍ਰਚੰਡ ਕਰਨ ਲਈ ਵੱਖ-ਵੱਖ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਨਾਨਕਸ਼ਾਹੀ ਕੈਲੰਡਰ ਰੀਲੀਜ਼ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਗੁਰਮਤਿ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਪੰਜਾਬ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵਿੱਚ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਜਾਣਗੇ। ਜਿਨ੍ਹਾਂ ਵਿੱਚ ਪਹਿਲੇ ਜੋਨ ਵਿੱਚ ੫ਵੀਂ ਤੋਂ ੯ਵੀਂ ਤੱਕ ਦੇ ਵਿਦਿਆਰਥੀ ਤੇ ਦੂਜੇ ਜੋਨ ਵਿੱਚ ੯ਵੀਂ ਤੋਂ ੧੦ਵੀਂ ਤੱਕ ਦੇ ਵਿਦਿਆਰਥੀ ਭਾਗ ਲੈਣਗੇ।

ਉਨ੍ਹਾਂ ਕਿਹਾ ਕਿ ਹਰਿਆਣੇ ਵਿੱਚ ਗੁਰਮਤਿ ਕੈਂਪ ਦਾ ਸਿਲਸਿਲਾ ਜਾਰੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਇਹ ਮੁਕਾਬਲੇ ਜ਼ਿਲ੍ਹਾ ਪੱਧਰ ਤੇ ਫੇਰ ਰਾਜ ਪੱਧਰ 'ਤੇ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਹੈਡ ਕੁਆਟਰਾਂ ਵਿੱਚ ਵੱਖ-ਵੱਖ ਸਥਾਨਾ 'ਤੇ ਰਾਗੀ, ਢਾਡੀ, ਕਵੀਸ਼ਰ, ਕਵੀ, ਕਥਾਵਾਚਕ ਗੁਰਬਾਣੀ-ਗੁਰਮਤਿ ਵਿਚਾਰਧਾਰਾ ਤੇ ਗੁਰ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦੇ ਨਾਲ-ਨਾਲ ਧਾਰਮਿਕ ਫਿਲਮਾਂ ਤੇ ਨਾਟਕਾਂ ਰਾਹੀਂ ਵੀ ਸਿੱਖ ਕੌਮ ਦੇ ਗੌਰਵਮਈ ਇਤਿਹਾਸ ਨੂੰ ਦੁਹਰਾਇਆ ਜਾਵੇਗਾ।

ਜਥੇਦਾਰ ਅਵਤਾਰ ਸਿੰਘ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਸ਼ੇਸ਼ ਉਪਰਾਲੇ ਸਦਕਾ ਸੰਗਤਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ-ਇਸ਼ਨਾਨ ਕਰਵਾਉਣ ਲਈ ਫਰੀ ਬੱਸ ਸੇਵਾ ਸ਼ੁਰੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਵਿਸ਼ੇਸ਼ ਬੱਸਾਂ ਵੱਖ-ਵੱਖ ਸਥਾਨਾਂ, ਪਿੰਡਾਂ ਤੇ ਸ਼ਹਿਰਾਂ ਤੋਂ ਸੰਗਤਾਂ ਨੂੰ ਲਿਆਉਣ ਤੇ ਲਿਜਾਣ ਦੀ ਸੇਵਾ ਨਿਭਾਉਣਗੀਆਂ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ੮ ਫਰਵਰੀ ਨੂੰ ਤਖ਼ਤ ਸ੍ਰੀ ਹਰਮਿੰਦਰ ਜੀ ਪਟਨਾ ਸਾਹਿਬ ਦੀ ਇਕ ਵਿਸ਼ੇਸ਼ ਇਕੱਤਰਤਾ ਬੁਲਾਈ ਗਈ ਹੈ। ਜਿਸ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਸਬੰਧੀ ਪ੍ਰੋਗਰਾਮ ਉਲੀਕੇ ਜਾਣਗੇ। ਉਨ੍ਹਾਂ ਕਿਹਾ ਕਿ ਅਕਾਲੀ ਭਾਜਪਾ ਸਰਕਾਰ ਵੱਲੋਂ ਸਾਹਿਬ ਸ੍ਰੀ ਗੁਰੂ ਗੋਬਿਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ ਹੋਣ ਵਾਲੇ ਸਮਾਗਮਾ ਲਈ ੧੦੦ ਕਰੋੜ ਰੁਪਏ ਪ੍ਰਵਾਨ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸ੍ਰੀ ਨਿਤੀਸ਼ ਕੁਮਾਰ ਵਾਲੀ ਬਿਹਾਰ ਸਰਕਾਰ ਵੱਲੋਂ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਮਾਗਮਾ 'ਚ ਬੜੇ ਉਤਸ਼ਾਹ ਨਾਲ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਬਜਟ ਵਿੱਚ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੀ ਸੁੰਦਰਤਾ, ਆਵਾਜਾਈ ਤੇ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਪੈਕੇਜ ਰੱਖਣ ਦੀ ਅਪੀਲ ਕੀਤੀ।

ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਦਿੱਲੀ ਸਰਕਾਰ ਵੱਲੋਂ ੧੯੮੪ ਦੇ ਦਿੱਲੀ ਸਿੱਖ ਦੰਗਿਆਂ ਦੀ ਰਿਪੋਰਟ ਫਾਈਲ ਗੁੰਮ ਹੋਣਾ ਮੰਦਭਾਗੀ ਘਟਨਾ ਹੈ। ਉਨ੍ਹਾਂ ਕਿਹਾ ਕਿ ਦਿੱਲੀ ਦੰਗੇ ਹੋਏ ਨੂੰ ੩੨ ਸਾਲ ਹੋ ਗਏ ਨੇ, ਪਰ ਅਜੇ ਤੀਕ ਕੋਈ ਇਨਸਾਫ਼ ਨਹੀਂ ਮਿਲਿਆ। ਉਨ੍ਹਾਂ ਭਾਰਤ ਦੇ ਗ੍ਰਹਿ ਮੰਤਰੀ ਸ੍ਰੀ ਰਾਜਨਾਥ ਸਿੰਘ ਨੂੰ ਇਸ ਫਾਈਲ ਦੇ ਰਿਕਾਰਡ ਨਾਲ ਸਬੰਧਤ ਵਿਅਕਤੀਆਂ ਖਿਲਾਫ਼ ਸਖ਼ਤ ਕਾਰਵਾਈ ਕਰਨ ਦੀ ਅਪੀਲ ਕੀਤੀ।

*੨੨ ਜਨਵਰੀ*

# ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਆਯੋਜਿਤ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇ-ਅਦਬੀ ਨੂੰ ਨਾ ਸਹਾਰਦੇ ਹੋਏ ਰਣ-ਤੱਤੇ ਵਿੱਚ ਜੂਝਣ ਵਾਲੇ ਮਹਾਨ ਸੂਰਬੀਰ, ਕਹਿਣੀ ਤੇ ਕਥਨੀ ਦੇ ਸੂਰੇ, ਸਿਰਲੱਥ ਯੋਧੇ ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਉਪਰੰਤ ਵਿਸ਼ਾਲ ਨਗਰ ਕੀਰਤਨ ਆਯੋਜਿਤ ਕੀਤਾ ਗਿਆ। ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਚੌਰ ਸਾਹਿਬ ਦੀ ਸੇਵਾ ਕਰ ਰਹੇ ਸਨ।

ਇਹ ਨਗਰ ਕੀਰਤਨ ਸਰਾਂ ਸ੍ਰੀ ਗੁਰੂ ਰਾਮਦਾਸ, ਜਲ੍ਹਿਆਂਵਾਲਾ ਬਾਗ, ਲੱਕੜ ਮੰਡੀ ਬਾਜ਼ਾਰ, ਸੁਲਤਾਨਵਿੰਡ ਗੇਟ, ਪਾਣੀ ਵਾਲੀ ਟੈਂਕੀ, ਸਵਰਨ ਹਾਊਸ, ਗੋਲਡਨ ਕਲਾਥ ਮਾਰਕੀਟ, ਸੁਲਤਾਨਵਿੰਡ ਰੋਡ, ਤੇਜ਼ ਨਗਰ ਚੌਂਕ, ਬਾਜ਼ਾਰ ਸ਼ਹੀਦ ਊਧਮ ਸਿੰਘ ਨਗਰ, ਬਾਜ਼ਾਰ ਕੋਟ ਮਾਹਣਾ ਸਿੰਘ ਤੇ ਤਰਨਤਾਰਨ ਰੋਡ ਤੋਂ ਹੁੰਦਾ ਹੋਇਆ ਚਾਟੀਵਿੰਡ ਗੇਟ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਸੰਪੰਨ ਹੋਇਆ।

ਨਗਰ ਕੀਰਤਨ ਵਿੱਚ ਸ. ਹਰਜਾਪ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਸਕੱਤਰ, ਸ.ਦਿਲਜੀਤ ਸਿੰਘ ਬੇਦੀ, ਸ. ਪ੍ਰਤਾਪ ਸਿੰਘ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ, ਸ. ਸਤਿੰਦਰ ਸਿੰਘ ਨਿਜੀ ਸਹਾਇਕ, ਸ. ਸੰਤੋਖ ਸਿੰਘ, ਸ. ਜਗਜੀਤ ਸਿੰਘ, ਸ. ਜਸਵਿੰਦਰ ਸਿੰਘ ਦੀਨਪੁਰ ਤੇ ਸ. ਤਰਵਿੰਦਰ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਤੇ ਸ. ਗੁਰਿੰਦਰ ਸਿੰਘ ਮੈਨੇਜਰ, ਸ. ਸਤਬੀਰ ਸਿੰਘ ਓ.ਐੱਸ.ਡੀ. ਧਰਮ ਪ੍ਰਚਾਰ ਕਮੇਟੀ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ, ਸ.ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ. ਸਤਨਾਮ ਸਿੰਘ ਤੇ ਸ. ਬਲਕਾਰ ਸਿੰਘ ਜੌੜਾ ਇੰਚਾਰਜ, ਸ. ਬਘੇਲ ਸਿੰਘ, ਸ. ਮਹਿੰਦਰ ਸਿੰਘ ਤੇ ਸ. ਜਤਿੰਦਰ ਸਿੰਘ ਐਡੀਸ਼ਨਲ ਮੈਨੇਜਰ, ਮਾਸਟਰ ਬਲਦੇਵ ਸਿੰਘ ਪ੍ਰਚਾਰਕ ਤੋਂ ਇਲਾਵਾ ਸਮੂਹ ਧਾਰਮਿਕ ਸਭਾ-ਸੁਸਾਇਟੀਆਂ, ਟਕਸਾਲਾਂ, ਨਿਹੰਗ ਸਿੰਘ ਜਥੇਬੰਦੀਆਂ, ਵੱਖ-ਵੱਖ ਸਕੂਲਾਂ/ਕਾਲਜਾਂ ਦੇ ਵਿਦਿਆਰਥੀ ਤੇ ਅਧਿਆਪਕ, ਵੱਖ-ਵੱਖ ਗੱਤਕਾ ਪਾਰਟੀਆਂ, ਧਾਰਮਿਕ ਜਥੇਬੰਦੀਆਂ ਤੇ ਵੱਡੀ ਗਿਣਤੀ ਵਿੱਚ 'ਸਤਿਨਾਮੁ-ਵਾਹਿਗੁਰੂ' ਦਾ ਜਾਪ ਕਰਦੀਆਂ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ।

ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਸਿੱਖ ਇਤਿਹਾਸ ਲਾਸਾਨੀ ਸ਼ਹਾਦਤਾਂ ਦੀਆਂ ਗਾਥਾਵਾਂ ਨਾਲ ਭਰਿਆ ਪਿਆ ਹੈ। ਅਨਿਆਂ ਦੇ ਵਿਰੁੱਧ ਲੜਦਿਆਂ ਅਤੇ ਦੇਸ਼ ਕੌਮ ਦੀ ਰਾਖੀ ਕਰਦਿਆਂ ਸਾਡੇ ਗੁਰੂਆਂ ਨੇ ਆਪਣੀ ਜਾਨ ਕੁਰਬਾਨ ਕਰ ਦਿੱਤੀ। ਉਨ੍ਹਾਂ ਕਿਹਾ ਕਿ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਖੰਡੇ ਬਾਟੇ ਦੀ ਪਾਹੁਲ ਲੈ ਕੇ ਸਿੰਘ ਸਜੇ ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਆਪਣੇ ਆਪ ਵਿੱਚ ਇਕ ਅਦੁੱਤੀ ਮਿਸਾਲ ਹੈ।

*੨੫ ਜਨਵਰੀ*

# ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਗੁਰਮਤਿ ਸਮਾਗਮ

ਅੰਮ੍ਰਿਤਸਰ- ਮਹਾਨ ਸੂਰਬੀਰ, ਸਿਰਲੱਥ ਯੋਧੇ, ਕਹਿਣੀ ਤੇ ਕਥਨੀ ਦੇ ਸੂਰੇ, ਧੰਨ-ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਦੇ ਜਨਮ ਦਿਹਾੜੇ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ

ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਚਾਟੀਵਿੰਡ ਗੇਟ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਭਾਈ ਜਗਜੀਤ ਸਿੰਘ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਨੇ ਰਸ-ਭਿੰਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਭਾਈ ਮਲਕੀਤ ਸਿੰਘ ਗ੍ਰੰਥੀ ਨੇ ਅਰਦਾਸ ਕੀਤੀ ਤੇ ਹੁਕਮਨਾਮਾ ਲਿਆ। ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਤੋਂ ਆਏ ਮੁਖਵਾਕ ਦੀ ਕਥਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਨੇ ਕੀਤੀ। ਇਸ ਉਪਰੰਤ ਗੁਰਦੁਆਰਾ ਸ਼ਹੀਦ ਗੰਜ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿੱਚ ਤਕਰੀਬਨ ਇਕ ਹਜ਼ਾਰ ਪ੍ਰਾਣੀ ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੇ। ਰਾਤ ਸਮੇਂ ਕਰਵਾਏ ਗਏ ਗੁਰਮਤਿ ਸਮਾਗਮ ਵਿੱਚ ਪੰਥ ਪ੍ਰਸਿੱਧ ਰਾਗੀ ਜਥਿਆਂ ਵਿੱਚ ਭਾਈ ਸਰਬਜੀਤ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਹਰਚਰਨ ਸਿੰਘ ਖਾਲਸਾ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਗੰਜ ਸਾਹਿਬ, ਭਾਈ ਹਰਜੋਤ ਸਿੰਘ ਜ਼ਖਮੀ, ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਜੀ ਭਲਾਈ ਕੇਂਦਰ, ਭਾਈ ਅਮਰਜੀਤ ਸਿੰਘ ਤਾਨ ਪਟਿਆਲਾ, ਭਾਈ ਅਨੂਪ ਸਿੰਘ ਊਨਾ ਵਾਲੇ, ਭਾਈ ਕੁਲਦੀਪ ਸਿੰਘ ਦੇਹਰਾਦੂਨ, ਭਾਈ ਤਰਜਿੰਦਰ ਸਿੰਘ ਅੰਮ੍ਰਿਤਸਰ ਸੰਗੀਤ ਸਭਾ, ਭਾਈ ਗੁਰਪ੍ਰੀਤ ਸਿੰਘ, ਪ੍ਰੋ. ਪੁਸ਼ਪਿੰਦਰ ਕੌਰ ਬੇਬੇ ਨਾਨਕੀ ਗੁਰਮਤਿ ਸੰਗੀਤ ਐਕਡਮੀ, ਬੀਬਾ ਪਰਨੀਤ ਕੌਰ ਕਾਦੀਆਂ ਦੇ ਜਥੇ ਨੇ ਅੰਮ੍ਰਿਤਮਈ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸ. ਚਮਨਜੀਤ ਸਿੰਘ ਚਮਨ ਹਰਿਗੋਬਿੰਦਪੁਰੀ, ਸ. ਗੁਰਬਚਨ ਸਿੰਘ 'ਖੇਮਕਰਨੀ', ਸ. ਤਰਲੋਕ ਸਿੰਘ 'ਦੀਵਾਨਾ', ਸ. ਅਵਤਾਰ ਸਿੰਘ 'ਤਾਰੀ', ਸ. ਰਣਜੀਤ ਸਿੰਘ 'ਰਾਣਾ', ਸ. ਅਜੀਤ ਸਿੰਘ 'ਰਤਨ', ਸ. ਕੁਲਦੀਪ ਸਿੰਘ, ਸ. ਪਿਆਰਾ ਸਿੰਘ 'ਜਾਚਕ', ਸ. ਸਤਬੀਰ ਸਿੰਘ 'ਸ਼ਾਨ', ਸ. ਪ੍ਰੇਮ ਸਿੰਘ 'ਵਡਾਲੀ' ਤੇ ਸ. ਕੁਲਵੰਤ ਸਿੰਘ 'ਪੱਟੀ' ਆਦਿ ਕਵੀਆਂ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜੀਵਨ 'ਤੇ ਰੌਸ਼ਨੀ ਪਾਈ ਗਈ।

ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ ਸਾਬਕਾ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਕਿਹਾ ਕਿ ਧਰਮ ਹੇਤ ਸੀਸ ਦੇਣ ਵਾਲੇ ਸੂਰਮੇ ਸਮੇ-ਸਮੇਂ ਸੰਸਾਰ ਵਿੱਚ ਪੈਦਾ ਹੁੰਦੇ ਰਹਿੰਦੇ ਹਨ ਇਸ ਮਾਰਗ ਦੇ ਪਾਂਧੀਆਂ ਦੀ ਲੜੀ ਬੜੀ ਲੰਮੀ ਹੈ। ਇਨ੍ਹਾਂ ਸੂਰਮਿਆਂ ਦੀ ਕਤਾਰ ਵਿੱਚ ਇਕ ਨਾਮ ਬਾਬਾ ਦੀਪ ਸਿੰਘ ਜੀ ਸ਼ਹੀਦ ਦਾ ਵੀ ਹੈ, ਜਿਨ੍ਹਾਂ ਨੇ ਪਾਵਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਰਾਖੀ ਲਈ ਸ਼ਹਾਦਤ ਦੇ ਅਦੁੱਤੀ ਪੂਰਨੇ ਪਾਏ। ਉਨ੍ਹਾਂ ਸੰਗਤਾਂ ਨੂੰ ਸਤਿਗੁਰਾਂ ਦੀਆਂ ਖੁਸ਼ੀਆਂ ਦੇ ਪਾਤਰ ਬਣਨ ਲਈ ਬਾਬਾ ਦੀਪ ਸਿੰਘ ਜੀ ਦੇ ਆਸ਼ੇ ਅਨੁਸਾਰ ਪਾਵਨ ਗੁਰਧਾਮਾਂ ਦੀ ਸੇਵਾ-ਸੰਭਾਲ ਅਤੇ ਪਹਿਰੇਦਾਰੀ ਨੂੰ ਯਕੀਨੀ ਬਣਾਉਣ ਲਈ ਕਿਹਾ।

ਸਮਾਗਮ ਵਿੱਚ ਸ਼ਾਮਲ ਸੰਤਾਂ-ਮਹਾਂਪੁਰਖਾਂ, ਧਾਰਮਿਕ ਸ਼ਖ਼ਸੀਅਤਾਂ, ਸਮੂਹ ਰਾਗੀ ਅਤੇ ਕਵੀਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਸਨਮਾਨਿਤ ਕੀਤਾ ਗਿਆ। ਸਟੇਜ ਸਕੱਤਰ ਦੀ ਸੇਵਾ ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਭਾਈ ਸਰਵਣ ਸਿੰਘ ਤੇ ਭਾਈ ਤਰਸੇਮ ਸਿੰਘ ਪ੍ਰਚਾਰਕ ਨੇ ਬਾਖੂਬੀ ਨਿਭਾਈ। ਰਾਤ ਨੂੰ ਦੀਪਮਾਲਾ ਕੀਤੀ ਗਈ ਤੇ ਰਹਰਾਸਿ ਸਾਹਿਬ ਦੀ ਸਮਾਪਤੀ ਉਪਰੰਤ ਆਤਿਸ਼ਬਾਜੀ ਵੀ ਚਲਾਈ ਗਈ।

ਇਸ ਮੌਕੇ ਸ. ਮਗਵਿੰਦਰ ਸਿੰਘ ਖਾਪੜਖੇੜੀ ਤੇ ਭਾਈ ਰਾਮ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਸ. ਸਕੱਤਰ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ. ਮਨਜਿੰਦਰ ਸਿੰਘ ਮੰਡ ਮੈਨੇਜਰ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ, ਸ. ਦਰਸ਼ਨ ਸਿੰਘ ਮੀਤ ਮੈਨੇਜਰ, ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

*੨੭ ਜਨਵਰੀ*

# ਜਥੇ. ਅਵਤਾਰ ਸਿੰਘ ਨੇ ਅਮਰੀਕਾ ਦੇ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ 'ਤੇ ਸ਼ਰਾਰਤੀ ਅਨਸਰਾਂ ਵੱਲੋਂ ਹਮਲੇ ਨੂੰ ਦੁੱਖਦਾਈ ਦੱਸਿਆ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕਾ ਦੇ ਇਕ ਗੁਰਦੁਆਰਾ ਸਾਹਿਬ ਵਿੱਚ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਆਪਸੀ ਖਹਿਬਾਜੀ ਕਾਰਣ ਗੁਰੂ ਘਰ 'ਚ ਕਥਾ ਸਰਵਣ ਕਰ ਰਹੀਆਂ ਸੰਗਤਾਂ ਉੱਪਰ ਹਮਲਾ ਕਰਨ ਅਤੇ ਉਨ੍ਹਾਂ ਦੀਆਂ ਅੱਖਾਂ 'ਚ ਸਪਰੇਅ ਮਾਰਨ ਨੂੰ ਇਕ ਅਤਿਅੰਤ ਦੁਖਦਾਈ ਘਟਨਾ ਦੱਸਿਆ ਹੈ। ਉਨ੍ਹਾਂ ਕਿਹਾ ਕਿ ਐਸੇ ਲੋਕ ਗੁਰੂ ਘਰ ਵਿੱਚ ਨਤਮਸਤਕ ਹੋਣ ਨਹੀਂ ਬਲਕਿ ਖੱਲਲ ਪਾਉਣ ਹੀ ਜਾਂਦੇ ਹਨ, ਜੋ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਵਿੱਚ ਚੌਧਰ ਦੀ ਭੁੱਖ ਕਾਰਣ ਐਸੇ ਲੋਕ ਆਪ ਤਾਂ ਕੁਝ ਕਰ ਨਹੀਂ ਸਕਦੇ ਪਰੰਤੂ ਗੁਰੂ ਘਰ ਦੇ ਪ੍ਰਬੰਧ ਵਿੱਚ ਦਖਲ ਅੰਦਾਜੀ ਕਰਕੇ ਤੇ ਗੁਰੂ ਜੱਸ ਸੁਨਣ ਆਈਆਂ ਸੰਗਤਾਂ ਨੂੰ ਪ੍ਰੇਸ਼ਾਨ ਕਰਕੇ ਬੇਗਾਨੇ ਦੇਸ਼ ਵਿੱਚ ਓਥੋਂ ਦੇ ਲੋਕਾਂ ਲਈ ਤਮਾਸ਼ਾ ਬਣਦੇ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਕਰਨ ਨਾਲ ਪੂਰੀ ਸਿੱਖ ਕੌਮ ਦਾ ਸਿਰ ਸ਼ਰਮ ਨਾਲ ਝੁਕਦਾ ਹੈ ਤੇ ਦੂਸਰੇ ਮੁਲਕਾਂ ਵਿੱਚ ਇਸ ਦਾ ਬੜਾ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਅਮਰੀਕਾ ਦੀਆਂ ਸਿੱਖ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸ਼ਾਂਤੀ ਤੇ ਸੰਜਮ ਨਾਲ ਕੰਮ ਲੈਂਦਿਆਂ ਇਸ ਮਸਲੇ ਦਾ ਤੁਰੰਤ ਕੋਈ ਹੱਲ ਕੱਢਣ ਤਾਂ ਜੋ ਗੁਰੂ ਘਰਾਂ ਵਿੱਚ ਸ਼ਾਂਤੀ ਬਹਾਲੀ ਦੇ ਨਾਲ-ਨਾਲ ਸਿੱਖ ਕੌਮ ਦਾ ਸਿਰ ਉੱਚਾ ਉੱਠ ਸਕੇ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿਚਲੇ ਗੁਰਦੁਆਰਾ ਸਾਹਿਬਾਨ ਵਿੱਚ ਇਸ ਤਰ੍ਹਾਂ ਦੀਆਂ ਘਟਨਾਵਾਂ ਵਾਪਰਨੀਆਂ ਅਤਿ ਦੁੱਖਦਾਈ ਤਾਂ ਹਨ ਹੀ ਨਾਲ ਹੀ ਆਮ ਲੋਕਾਂ ਲਈ ਚਰਚਾ ਦਾ ਵਿਸ਼ਾ ਵੀ ਬਣ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ-ਘਰਾਂ ਵਿੱਚ ਸੇਵਾ ਸਿਮਰਨ ਦੀ ਥਾਂ ਇਸ ਤਰ੍ਹਾਂ ਦਾ ਵਰਤਾਰਾ ਮਾੜਾ ਹੈ। *੧੧ ਜਨਵਰੀ*

# ਜਥੇਦਾਰ ਅਵਤਾਰ ਸਿੰਘ ਨੇ ਕੋਲੰਬੀਆ ਨੇੜੇ ਕਿਸ਼ਤੀ ਹਾਦਸੇ ਦਾ ਸ਼ਿਕਾਰ ਹੋਏ ਨੌਜਵਾਨਾਂ ਲਈ ਚਿੰਤਾ ਜ਼ਾਹਿਰ ਕੀਤੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬੀ ਨੌਜਵਾਨਾਂ ਦੇ ਦੱਖਣੀ ਅਮਰੀਕੀ ਦੇਸ਼ ਕੋਲੰਬੀਆ ਨੇੜੇ ਕਿਸ਼ਤੀ ਪਲਟਣ ਨਾਲ ਡੁੱਬ ਜਾਣ ਦੇ ਖਦਸ਼ੇ ਤੇ ਚਿੰਤਾ ਜ਼ਾਹਿਰ ਕੀਤੀ ਹੈ।

ਇਥੋਂ ਜਾਰੀ ਪ੍ਰੈਸ ਨੋਟ 'ਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਦੇ ਹਵਾਲੇ ਨਾਲ ਕਿਹਾ ਕਿ ਵੱਖ-ਵੱਖ ਮੀਡੀਏ ਰਾਹੀਂ ਖਬਰਾਂ ਤੋਂ ਪਤਾ ਲੱਗਾ ਹੈ ਕਿ ਬਿਹਤਰ ਜ਼ਿੰਦਗੀ ਦਾ ਸੁਪਨਾ ਸੰਜੋਅ ਕੇ ਅਮਰੀਕਾ ਜਾਣ ਵਾਲੇ ਕੁਝ ਨੌਜਵਾਨਾਂ ਦੀ ਕੋਲੰਬੀਆ ਨੇੜੇ ਕਿਸ਼ਤੀ ਪਲਟਣ ਕਾਰਣ ਡੁੱਬ ਜਾਣ ਦਾ ਖਦਸ਼ਾ ਹੈ ਜੋ ਬਹੁਤ ਹੀ ਗੰਭੀਰ ਮਸਲਾ ਹੈ। ਉਨ੍ਹਾਂ ਕਿਹਾ ਕਿ ਹਰ ਮਾਂ ਬਾਪ ਆਪਣੇ ਬੱਚਿਆਂ ਦਾ ਸੁਨਹਿਰੀ ਭਵਿੱਖ ਸਿਰਜਣ ਲਈ ਵਿਦੇਸ਼ਾਂ ਦੇ ਸੁਪਨੇ ਲੈ ਉਨ੍ਹਾਂ ਨੂੰ ਬਾਹਰ ਭੇਜਣ ਦੀ ਚਾਹਤ ਵਿੱਚ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਅਸਲੀਅਤ ਤੋਂ ਅਨਜਾਣ ਮਾਪੇ ਇਹ ਨਹੀਂ ਦੇਖਦੇ ਕਿ ਜਿਨ੍ਹਾਂ ਏਜੰਟਾਂ ਰਾਹੀਂ ਅਸੀਂ ਆਪਣੇ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਪੈਸੇ ਕਮਾਉਣ ਲਈ ਲੱਖਾਂ ਰੁਪਏ ਲਗਾ ਕੇ ਬਾਹਰ ਭੇਜ ਰਹੇ ਹਾਂ ਕੀ ਉਹ ਧੋਖੇਬਾਜ ਤਾਂ ਨਹੀਂ। ਇਸ ਤਰ੍ਹਾਂ ਕਰਨ ਨਾਲ ਜਿੱਥੇ ਕਰਜਾ ਚੁੱਕ ਕੇ ਖਰਚੇ ਧਨ ਦੀ ਬਰਬਾਦੀ ਹੁੰਦੀ ਹੈ ਓਥੇ ਆਪਣੀ ਔਲਾਦ ਵੀ ਗਵਾ ਬੈਠਦੇ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਬਾਹਰ ਭੇਜਣ ਨਾਲੋਂ ਤਾਂ ਚੰਗਾ ਹੈ ਕਿ ਉਹ ਆਪਣੇ ਬੱਚਿਆਂ ਨੂੰ ਆਪਣੇ ਦੇਸ਼ ਵਿੱਚ ਹੀ ਪੈਸੇ ਲਗਾ ਕੇ ਕੋਈ ਕਾਰੋਬਾਰ ਖੋਹਲ ਦੇਣ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਇਹੋ ਜਿਹੇ ਹਾਦਸੇ ਅਕਸਰ ਵਾਪਰਦੇ ਰਹਿੰਦੇ ਰਹੇ ਹਨ ਜਿਨ੍ਹਾਂ ਵੱਲ ਤੁਰੰਤ ਧਿਆਨ ਦੇਣ ਦੀ ਲੋੜ ਹੈ।

ਉਨ੍ਹਾਂ ਅਨੁਸਾਰ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਮੈਂ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਸਭ ਪਰਿਵਾਰਾਂ ਨਾਲ ਸ਼ਰੀਕ ਹਾਂ ਜਿਨ੍ਹਾਂ ਨਾਲ ਇਹ ਦੁੱਖਦਾਈ ਹਾਦਸਾ ਵਾਪਰਿਆ ਹੈ। ਉਨ੍ਹਾਂ ਕਿਹਾ ਕਿ ਮੇਰੀ ਸ੍ਰੀ ਗੁਰੂ

ਰਾਮਦਾਸ ਪਾਤਸ਼ਾਹ ਦੇ ਚਰਨਾ ਵਿੱਚ ਅਰਦਾਸ ਜੋਦੜੀ ਹੈ ਕਿ ਉਹ ਮ੍ਰਿਤਕਾਂ ਨੂੰ ਆਪਣੇ ਚਰਨਾ ਵਿੱਚ ਨਿਵਾਸ ਬਖਸ਼ਣ ਤੇ ਜੋ ਬੱਚੇ ਇਸ ਹਾਦਸੇ ਵਿੱਚੋਂ ਬਚ ਨਿਕਲੇ ਹਨ ਉਹ ਬਹੁਤ ਜਲਦ ਆਪਣੇ ਪਰਿਵਾਰ ਨਾਲ ਮਿਲਣ। ਉਨ੍ਹਾਂ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜਲਦੀ ਹੀ ਧੋਖੇਬਾਜ ਏਜੰਟਾਂ ਵਿਰੁੱਧ ਕਾਰਵਾਈ ਕਰਕੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਦੇਵੇ। ਉਨ੍ਹਾਂ ਕਿਹਾ ਸੈਂਟਰ ਅਤੇ ਸੂਬਿਆਂ ਦੀਆਂ ਸਰਕਾਰਾਂ ਐਸੇ ਨਕਲੀ ਏਜੰਟਾਂ ਦੀ ਇਨਕੁਆਰੀ ਕਰਕੇ ਉਨ੍ਹਾਂ ਨੂੰ ਨੱਥ ਪਾਉਣ ਤੇ ਜੋ ਲੋਕ ਸਹੀ ਹਨ ਉਨ੍ਹਾਂ ਨੂੰ ਹੀ ਮਾਨਤਾ ਦੇਣ। ਉਨ੍ਹਾਂ ਕਿਹਾ ਕਿ ਸਰਕਾਰ ਹਰ ਉਸ ਏਜੰਟ 'ਤੇ ਨਜ਼ਰ ਰੱਖੇ ਜੋ ਵਿਦੇਸ਼ ਭੇਜਣ ਦਾ ਕਾਰੋਬਾਰ ਕਰਦਾ ਹੈ ਤਾਂ ਜੋ ਸੁਨਹਿਰੀ ਭਵਿੱਖ ਦਾ ਸੁਪਨਾ ਸੰਜੋਈ ਨੌਜਵਾਨ ਤੇ ਉਨ੍ਹਾਂ ਦੇ ਮਾਪੇ ਗਲਤ ਅਨਸਰਾਂ ਦੇ ਹੱਥੇ ਚੜ੍ਹ ਕੇ ਮੰਦਭਾਗੀਆਂ ਘਟਨਾਵਾਂ ਦਾ ਸ਼ਿਕਾਰ ਨਾ ਹੋਣ। *੧੮ ਜਨਵਰੀ*

## ਜਥੇਦਾਰ ਅਵਤਾਰ ਸਿੰਘ ਵੱਲੋਂ ਹਰਿਆਣਾ ਦੇ ਸਿਹਤ ਮੰਤਰੀ ਸ੍ਰੀ ਅਨਿਲ ਵਿਜ ਦੇ ਪੱਤਰ ਦਾ ਸਵਾਗਤ

### ਮੈਡੀਕਲ ਸਿੱਖਿਆ ਅਤੇ ਚੰਗੀਆਂ ਸਿਹਤ ਸੇਵਾਵਾਂ ਲਈ ਮੀਰੀ-ਪੀਰੀ ਮੈਡੀਕਲ ਕਾਲਜ ਸਥਾਪਤ ਕੀਤਾ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਰਿਆਣਾ ਸਰਕਾਰ ਦੇ ਸਿਹਤ ਮੰਤਰੀ ਸ੍ਰੀ ਅਨਿਲ ਵਿਜ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਲਿਖੇ ਉਸ ਪੱਤਰ ਦਾ ਧੰਨਵਾਦ ਕੀਤਾ ਹੈ ਜਿਸ ਵਿੱਚ ਸ਼ਾਹਬਾਦ ਸਥਿਤ ਮੀਰੀ-ਪੀਰੀ ਮੈਡੀਕਲ ਕਾਲਜ ਨੂੰ ਚਾਲੂ ਰੱਖਣ ਲਈ ਕਿਹਾ ਗਿਆ ਹੈ। ਇਥੋਂ ਜਾਰੀ ਪ੍ਰੈੱਸ ਨੋਟ ਵਿੱਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਵੱਲੋਂ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ ਕਾਲਜ ਪ੍ਰਤੀ ਦਿਖਾਈ ਗਈ ਸਾਹਨਭੂਤੀ ਚੰਗੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਸ੍ਰੀ ਭੁਪਿੰਦਰ ਸਿੰਘ ਹੁੱਡਾ ਦੀ ਕਾਂਗਰਸ ਸਰਕਾਰ ਨੇ ਇਸ ਮੈਡੀਕਲ ਕਾਲਜ ਨੂੰ ਐਨ.ਓ.ਸੀ. ਨਾ ਦੇ ਕੇ ਲੰਮਾ ਸਮਾਂ ਸ਼੍ਰੋਮਣੀ ਕਮੇਟੀ ਤੇ ਹਰਿਆਣਾ ਦੇ ਲੋਕਾਂ ਨਾਲ ਵੱਡਾ ਧੱਕਾ ਕੀਤਾ ਹੈ। ਉਨ੍ਹਾਂ ਕਿਹਾ ਕਿ ਚੰਗੀ ਗੱਲ ਹੈ ਸ੍ਰੀ ਵਿਜ ਨੇ ਕਾਲਜ ਤੇ ਹਰਿਆਣਾ ਦੇ ਲੋਕਾਂ ਦੀ ਬਿਹਤਰੀ ਬਾਰੇ ਸੋਚਿਆ ਹੈ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰੋੜਾਂ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਮੀਰੀ-ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਜਿੱਥੇ ਵਿਦਿਆਰਥੀਆਂ ਨੂੰ ਉੱਚ ਮੈਡੀਕਲ ਵਿਦਿਆ ਪ੍ਰਦਾਨ ਕਰੇਗਾ ਓਥੇ ਹਰਿਆਣਾ ਦੇ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਵੀ ਮੁਹੱਈਆ ਕਰਵਾਏਗਾ। ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਸ੍ਰੀ ਹੁੱਡਾ ਨਾਲ ਇਸ ਸਬੰਧੀ ਮੁਲਾਕਾਤ ਵੀ ਕੀਤੀ ਅਤੇ ਕਾਲਜ ਦੇ ਮਨੋਰਥ ਬਾਰੇ ਵੀ ਖੁੱਲ੍ਹ ਕੇ ਦੱਸਿਆ ਸੀ। ਉਨ੍ਹਾਂ ਕਿਹਾ ਕਿ ਹੁਣ ਸਿਹਤ ਮੰਤਰੀ ਸ੍ਰੀ ਅਨਿਲ ਵਿਜ ਦੇ ਪੱਤਰ ਅਨੁਸਾਰ ਜਥੇਦਾਰ ਅਵਤਾਰ ਸਿੰਘ ਦੀ ਅਗਵਾਈ ਵਿੱਚ ਸ. ਰਘੂਜੀਤ ਸਿੰਘ ਵਿਰਕ ਨਾਲ ਵਫਦ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਖੱਟੜ ਨੂੰ ਮਿਲੇਗਾ ਅਤੇ ਮੈਡੀਕਲ ਕਾਲਜ ਦੀ ਐਨ ਓ ਸੀ ਬਾਰੇ ਗੱਲਬਾਤ ਕਰੇਗਾ। *੨੦ ਜਨਵਰੀ*

## ਜਥੇਦਾਰ ਅਵਤਾਰ ਸਿੰਘ ਨੇ ਫਰਾਂਸ ਦੇ ਰਾਸ਼ਟਰਪਤੀ ਨਾਲ ਮੁਲਾਕਾਤ ਕਰਨ ਲਈ ਭਾਰਤ ਦੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖਿਆ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਫਰਾਂਸ ਦੇ ਰਾਸ਼ਟਰਪਤੀ ਮਿਸਟਰ ਫਰਾਂਸੋਵਾ ਓਲਾਂਦ ਜੋ ੨੪ ਜਨਵਰੀ ਨੂੰ ਭਾਰਤ ਦੌਰੇ

'ਤੇ ਆ ਰਹੇ ਹਨ ਨਾਲ ਮੁਲਾਕਾਤ ਕਰਨ ਲਈ ਸਮਾਂ ਨਿਸ਼ਚਿਤ ਕਰਨ ਲਈ ਪੱਤਰ ਲਿਖਿਆ ਹੈ। ਦਫ਼ਤਰ ਤੋਂ ਜਾਰੀ ਪ੍ਰੈਸ ਨੋਟ ਵਿੱਚ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਵੱਲੋਂ ਹਵਾਲਾ ਦਿੰਦੇ ਹੋਏ ਦੱਸਿਆ ਕਿ ਫਰਾਂਸ ਵਿੱਚ ਸਿੱਖਾਂ ਨਾਲ ਹੋ ਰਹੇ ਨਸਲੀ ਵਿਤਕਰੇ, ਦਸਤਾਰ ਤੇ ਕਕਾਰਾਂ ਸਬੰਧੀ ਦਰਪੇਸ਼ ਮਸਲਿਆਂ ਦਾ ਕੋਈ ਢੁਕਵਾਂ ਹੱਲ ਕੱਢਣ ਲਈ ਉਹ ਫਰਾਂਸ ਦੇ ਰਾਸ਼ਟਰਪਤੀ ਦੇ ਭਾਰਤ ਦੌਰੇ ਸਮੇਂ ਗੱਲਬਾਤ ਕਰਨੀ ਚਾਹੁੰਦੇ ਹਨ।

ਉਨ੍ਹਾਂ ਕਿਹਾ ਕਿ ਕਲਗੀਧਰ ਦਸਮੇਸ਼ ਪਿਤਾ ਵੱਲੋਂ ਖੰਡੇ ਬਾਟੇ ਦੀ ਪਾਹੁਲ (ਅੰਮ੍ਰਿਤਪਾਨ ਕਰਵਾਉਣ) ਸਮੇਂ ਪੰਜ ਕਕਾਰ ਕਛਹਿਰਾ, ਕੜਾ, ਕ੍ਰਿਪਾਨ, ਕੰਘਾ ਤੇ ਕੇਸਾਂ ਦੇ ਧਾਰਨੀ ਹੋਣ ਲਈ ਪ੍ਰੇਰਿਆ ਗਿਆ ਸੀ ਤਾਂ ਜੋ ਸਿੱਖ ਨੂੰ ਉਸ ਦੀ ਸਹੀ ਪਹਿਚਾਣ ਦਿੱਤੀ ਜਾ ਸਕੇ। ਪਰ ਫਰਾਂਸ ਸਰਕਾਰ ਵੱਲੋਂ ਸਿੱਖਾਂ ਨੂੰ ਨਸਲੀ ਵਿਤਕਰੇ ਦੇ ਨਾਲ-ਨਾਲ ਦਸਤਾਰ ਸਜਾਉਣ ਤੇ ਕਕਾਰ ਪਹਿਨਣ 'ਤੇ ਪਾਬੰਧੀ ਲਗਾਉਣ ਕਾਰਣ ਬੜੇ ਚਿਰ ਤੋਂ ਇਹ ਮਸਲੇ ਲਟਕਦੇ ਆ ਰਹੇ ਹਨ ਜਿਨ੍ਹਾਂ ਦਾ ਕੋਈ ਸਾਰਥਿਕ ਹੱਲ ਲੱਭਣਾ ਜਰੂਰੀ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਵੱਲੋਂ ਪ੍ਰਧਾਨ ਮੰਤਰੀ ਨੂੰ ਲਿਖਿਆ ਹੈ ਕਿ ਇਸ ਮੁਲਾਕਾਤ ਨਾਲ ਉਨ੍ਹਾਂ ਨੂੰ ਫਰਾਂਸ ਦੇ ਰਾਸ਼ਟਰਪਤੀ ਨਾਲ ਓਥੇ ਰਹਿੰਦੇ ਸਿੱਖ ਸਮੁਦਾਏ ਨੂੰ ਪੇਸ਼ ਆਉਂਦੀਆਂ ਸਮੱਸਿਆਵਾਂ ਦਾ ਹੱਲ ਲੱਭਣ ਲਈ ਮੌਕਾ ਮਿਲੇਗਾ ਜਿਸ ਨਾਲ ਅੱਗੇ ਤੋਂ ਕਿਸੇ ਵੀ ਸਿੱਖ ਨੂੰ ਨਸਲੀ ਵਿਤਕਰੇ, ਦਸਤਾਰ ਸਜਾਉਣ ਤੇ ਕਕਾਰ ਪਹਿਨਣ ਦੀ ਸਮੱਸਿਆ ਤੋਂ ਨਜਾਤ ਮਿਲਣ ਦੀ ਆਸ ਬੱਝੇਗੀ।

*੨੧ ਜਨਵਰੀ*

# ਜਥੇਦਾਰ ਅਵਤਾਰ ਸਿੰਘ ਨੇ ਭਾਰਤ ਦੀ ਵਿਦੇਸ਼ ਮੰਤਰੀ ਸ੍ਰੀਮਤੀ ਸੁਸ਼ਮਾ ਸਵਰਾਜ ਨੂੰ ਪੱਤਰ ਲਿਖੇ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਰਤ ਦੀ ਵਿਦੇਸ਼ ਮੰਤਰੀ ਸ੍ਰੀਮਤੀ ਸੁਸ਼ਮਾ ਸਵਰਾਜ ਨੂੰ ਪੰਜਾਬੀ ਨੌਜਵਾਨਾਂ ਦੀ ਦੱਖਣੀ ਅਮਰੀਕਾ ਦੇ ਨੇੜੇ ਕਿਸ਼ਤੀ ਡੁੱਬਣ ਅਤੇ ਅਮਰੀਕਨ ਏਅਰਲਾਈਨਜ਼ ਦੀ ਉਡਾਨ 'ਚੋਂ ਇਕ ਸਿੱਖ ਨੂੰ ਲਾਹੁਣ ਸਬੰਧੀ ਵੱਖ-ਵੱਖ ਪੱਤਰਕਾਵਾਂ ਲਿਖੀਆਂ ਹਨ।

ਕੋਲੰਬੀਆ ਨੇੜੇ ਪੰਜਾਬੀ ਨੌਜਵਾਨਾਂ ਦੀ ਕਿਸ਼ਤੀ ਡੁੱਬਣ ਬਾਰੇ ਲਿਖੇ ਪੱਤਰ ਵਿੱਚ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਵਾਪਰੇ ਦੁੱਖਦਾਈ ਹਾਦਸੇ ਵਿੱਚ ਤਕਰਬਿਨ ੨੨-੨੪ ਨੌਜਵਾਨਾਂ ਦੀ ਡੁੱਬਣ ਦੀ ਖਬਰ ਹੈ। ਉਨ੍ਹਾਂ ਸ੍ਰੀਮਤੀ ਸੁਸ਼ਮਾ ਸਵਰਾਜ ਦਾ ਧਿਆਨ ਇਸ ਮੰਦਭਾਗੀ ਘਟਨਾ ਵੱਲ ਦੁਆਉਂਦਿਆਂ ਕਿਹਾ ਕਿ ਉਹ ਆਪਣੀ ਨਿਜੀ ਦਿਲਚਸਪੀ ਲੈ ਕੇ ਸਬੰਧਤ ਪਰਿਵਾਰਾਂ ਨੂੰ ਰਾਹਤ ਦੇਣ, ਮ੍ਰਿਤਕਾਂ ਦੀਆਂ ਦੇਹਾਂ ਉਨ੍ਹਾਂ ਦੇ ਪਰਿਵਾਰਾਂ ਤੀਕ ਪਹੁੰਚਾਉਣ ਅਤੇ ਡੁੱਬਣ ਵਾਲੇ ਨੌਜਵਾਨਾਂ ਦੀ ਭਾਲ ਲਈ ਠੋਸ ਉਪਰਾਲਿਆਂ ਤਹਿਤ ਯਤਨ ਕਰਨ। ਉਨ੍ਹਾਂ ਭਾਰਤ ਦੀ ਵਿਦੇਸ਼ ਮੰਤਰੀ ਨੂੰ ਇਹ ਮਾਮਲਾ ਭਾਰਤ ਦੇ ਵਿਦੇਸ਼ ਵਿਭਾਗ ਰਾਹੀਂ ਕੋਲੰਬੀਆ ਅਤੇ ਪਨਾਮਾ ਦੀ ਸਰਕਾਰ ਕੋਲ ਉਠਾਉਣ ਲਈ ਵੀ ਕਿਹਾ।

ਜਥੇਦਾਰ ਅਵਤਾਰ ਸਿੰਘ ਨੇ ਸ੍ਰੀਮਤੀ ਸੁਸ਼ਮਾ ਸਵਰਾਜ ਨੂੰ ਲਿਖੇ ਆਪਣੇ ਦੂਜੇ ਪੱਤਰ ਵਿੱਚ ਸਿੱਖ ਸਮੁਦਾਏ ਨਾਲ ਵਾਪਰੀ ਇਕ ਹੋਰ ਨਸਲੀ ਘਟਨਾ ਵੱਲ ਧਿਆਨ ਦੁਆਉਂਦਿਆਂ ਕਿਹਾ ਕਿ ਅਮਰੀਕਾ ਵਿੱਚ ਹੋਏ ੯/੧੧ ਦੇ ਹਮਲੇ ਤੋਂ ਬਾਅਦ ਸਿੱਖਾਂ ਤੇ ਵਿਸ਼ਵ ਪੱਧਰ 'ਤੇ ਨਸਲੀ ਹਮਲਿਆਂ 'ਚ ਬਹੁਤ ਵਾਧਾ ਹੋਇਆ ਹੈ। ਇਹ ਇਕ ਵੱਡੀ ਚਿੰਤਾ ਵਾਲੀ ਗੱਲ ਹੈ। ਉਨ੍ਹਾਂ ਹੁਣੇ-ਹੁਣੇ ਤਾਜੀ ਵਾਪਰੀ ਘਟਨਾ ਵਿੱਚ ਅਮਰੀਕਨ ਏਅਰਲਾਈਨਜ਼ ਦੀ ਉਡਾਨ ਵਿੱਚ ਇਕ ਸਿੱਖ ਨੂੰ ਜਹਾਜ਼ ਦੇ ਕਪਤਾਨ ਵੱਲੋਂ ਅਸੁਰੱਖਿਅਤ ਮਹਿਸੂਸ ਕਰਦਿਆਂ ਉਸ ਜਹਾਜ਼ ਵਿੱਚ ਸਵਾਰ ਨਹੀਂ ਹੋਣ ਦਿੱਤਾ ਗਿਆ। ਉਨ੍ਹਾਂ ਸਪੱਸ਼ਟ ਕੀਤਾ ਕਿ ਪਿਛਲੇ ਮਹੀਨੇ ਟੋਰਾਂਟੋ ਤੋਂ ਨਿਊਯਾਰਕ ਜਾਣ ਵਾਲੀ ਉਡਾਨ ਨੰਬਰ ੪੪੭੧੮ ਤੇ ਇਹ ਘਟਨਾ ਵਾਪਰੀ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨਾਲ ਨਸਲੀ ਘਟਨਾਵਾਂ ਵਾਪਰਨੀਆਂ ਵਿਸ਼ਵ ਦੇ ਹੋਰਨਾਂ ਦੇਸਾਂ ਵਿੱਚ ਇਨ੍ਹਾਂ ਪ੍ਰਤੀ ਜਾਗਰੂਕਤਾ ਦੀ ਘਾਟ ਤੋਂ ਇਲਾਵਾ ਹੋਰ ਕੁਝ ਨਹੀਂ ਹੈ। ਉਨ੍ਹਾਂ ਕਿਹਾ ਕਿ ਇਸ ਲਈ ਮੈਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਪ੍ਰਧਾਨ ਹੋਣ ਦੇ ਨਾਤੇ ਆਪ ਜੀ ਨੂੰ ਬੇਨਤੀ ਕਰਦਾ ਹਾਂ ਕਿ ਤੁਸੀਂ ਆਪਣੀ

ਨਿਜੀ ਦਿਲਚਸਪੀ ਲੈ ਕੇ ਸਬੰਧਤ ਏਅਰ ਕੰਪਨੀ ਦੇ ਪ੍ਰਬੰਧਕਾਂ ਅੱਗੇ ਇਸ ਮਾਮਲੇ ਨੂੰ ਉਠਾਓ ਤਾਂ ਕਿ ਭਵਿੱਖ ਵਿੱਚ ਸਿੱਖਾਂ ਨਾਲ ਅਜਿਹੀਆਂ ਹੋ ਰਹੀਆਂ ਨਸਲੀ ਘਟਨਾਵਾਂ ਨੂੰ ਰੋਕਿਆ ਜਾ ਸਕੇ। *੨੧ ਜਨਵਰੀ*

# ਗਣਤੰਤਰਤਾ ਦਿਵਸ ਦੀ ਪਰੇਡ ਵਿਚ ਸਿੱਖ ਰੈਜੀਮੈਂਟ ਨੂੰ ਸ਼ਾਮਿਲ ਨਾ ਕਰਨ 'ਤੇ ਜਥੇ. ਅਵਤਾਰ ਸਿੰਘ ਨੇ ਭਾਰਤ ਦੇ ਰਾਸ਼ਟਰਪਤੀ ਤੇ ਪ੍ਰਧਾਨ ਮੰਤਰੀ ਨੂੰ ਰੋਸ ਪੱਤਰ ਲਿਖੇ

ਅੰਮ੍ਰਿਤਸਰ– ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਦਿੱਲੀ ਵਿੱਚ ਹੋਣ ਵਾਲੀ ੨੬ ਜਨਵਰੀ ਨੂੰ ਗਣਤੰਤਰਤਾ ਦਿਵਸ ਦੀ ਪਰੇਡ ਸਮੇਂ ਫਰਾਂਸ ਦੇ ਰਾਸ਼ਟਰਪਤੀ ਸਾਹਮਣੇ ਦਸਤਾਰਧਾਰੀ ਸਿੱਖ ਫੌਜੀਆਂ ਦੀ ਰੈਜੀਮੈਂਟ ਨੂੰ ਸ਼ਾਮਿਲ ਨਾ ਕਰਨ 'ਤੇ ਭਾਰਤ ਦੇ ਪ੍ਰਧਾਨ ਮੰਤਰੀ ਤੇ ਰਾਸ਼ਟਰਪਤੀ ਨੂੰ ਰੋਸ ਪੱਤਰ ਲਿਖਿਆ ਗਿਆ ਹੈ।

ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਵਿੱਚ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ੨੬ ਜਨਵਰੀ ਨੂੰ ਗਣਤੰਤਰਤਾ ਦਿਵਸ ਸਮੇਂ ਹੋਣ ਵਾਲੀ ਪਰੇਡ ਵਿੱਚ ਸਿੱਖ ਰੈਜੀਮੈਂਟ ਨੂੰ ਸ਼ਾਮਿਲ ਨਹੀਂ ਕੀਤਾ ਗਿਆ। ਜਦੋਂ ਕਿ ੨੦੧੫ ਦੇ ਗਣਤੰਤਰਤਾ ਦਿਵਸ ਸਮੇਂ ਅਮਰੀਕਾ ਦੇ ਰਾਸ਼ਟਰਪਤੀ ਮਿਸਟਰ ਬਰਾਕ ਓਬਾਮਾ ਦੇ ਪਰੇਡ ਵਿੱਚ ਸ਼ਾਮਿਲ ਹੋਣ ਸਮੇਂ ਬਰੀਗੇਡ ਆਫ਼ ਗਾਰਡ ਰੈਜੀਮੈਂਟ ਦੇ ਨਾਲ ਸਿੱਖ ਰੈਜੀਮੈਂਟ ਨੂੰ ਸਾਂਝੇ ਤੌਰ 'ਤੇ 'ਬੈਸਟ ਮਾਰਚਿੰਗ ਕੋਂਟੀਜੈਂਟਸ ਐਵਾਰਡ' ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸਿੱਖ ਰੈਜੀਮੈਂਟ ਕੇਸਰੀ ਦਸਤਾਰਾਂ ਨਾਲ ਪ੍ਰੇਡ ਦੀ ਸ਼ਾਨ ਬਣਦੀ ਰਹੀ ਹੈ। ਇਥੇ ਹੀ ਬੱਸ ਨਹੀਂ ਪ੍ਰੇਡ ਵਿੱਚ ਸ਼ਾਮਿਲ ਫੌਜ ਦੇ ਤਿੰਨ ਅੰਗਾਂ (ਜਲ ਸੈਨਾ, ਥਲ ਸੈਨਾ ਤੇ ਵਾਯੂ ਸੈਨਾ) ਦੀਆਂ ਵੱਖ-ਵੱਖ ਟੁਕੜੀਆਂ ਦੀ ਅਗਵਾਈ ਵੀ ਕਿਸੇ ਸਿੱਖ ਅਫਸਰ ਨੂੰ ਨਹੀਂ ਸੌਂਪੀ ਗਈ। ਉਨ੍ਹਾਂ ਕਿਹਾ ਕਿ ਭਾਰਤੀ ਫੌਜ ਦੇ ਤਿੰਨਾਂ ਅੰਗਾਂ ਵਿੱਚ ਸਿੱਖ ਅਫ਼ਸਰਾਂ ਦੀ ਗਿਣਤੀ ੩੦ ਫੀਸਦੀ ਤੋਂ ਵਧੇਰੇ ਹੈ।

ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸਿੱਖਾਂ ਵੱਲੋਂ ਆਜ਼ਾਦੀ ਦੀ ਲੜਾਈ ਵਿੱਚ ੮੦ ਫੀਸਦੀ ਤੋਂ ਵੱਧ ਕੁਰਬਾਨੀਆਂ ਦੇਣ ਦਾ ਇਤਿਹਾਸ ਲਾਸਾਨੀ ਹੈ। ਅੰਗਰੇਜ਼ ਸਰਕਾਰ ਦੇ ਖੁਫੀਆ ਰੀਕਾਰਡ ਅਨੁਸਾਰ ਹੀ ੧੯੦੭ ਤੋਂ ੧੯੧੭ ਤੱਕ ਭਾਰਤ ਵਿੱਚ ਫਾਂਸੀ ਤੇ ਚਾੜ੍ਹੇ ਗਏ ਕੁੱਲ ੪੭ ਸ਼ਹੀਦਾਂ ਵਿਚੋਂ ੩੪ ਸਿੱਖ ਸਨ। ਉਮਰ ਕੈਦ ਵਾਲੇ ੩੦ ਘੁਲਾਟੀਆਂ ਵਿਚੋਂ ੨੭ ਸਿੱਖ ਸਨ। ਕਾਲੇਪਾਣੀ ਕੁੱਲ ੨੯ ਸੂਰਮਿਆਂ ਨੂੰ ਭੇਜਿਆ ਗਿਆ, ਉਨ੍ਹਾਂ ਵਿਚੋਂ ੨੬ ਸਿੱਖ ਸਨ। ਸਖਤ ਸਜ਼ਾਵਾਂ ਕੁੱਲ ੪੭ ਨੂੰ ਹੋਈਆਂ ਉਨ੍ਹਾਂ ਵਿਚੋਂ ਵੀ ੩੯ ਸਿੱਖ ਸਨ। ਇਸੇ ਤਰ੍ਹਾਂ ਦੇਸ਼ ਦੇ ਆਜ਼ਾਦ ਹੋਣ ਤਕ ਅੰਗਰੇਜ਼ ਹਕੂਮਤ ਵਿਰੁੱਧ ਜੰਗ ਦੌਰਾਨ ਕੁੱਲ ੧੨੧ ਸ਼ਹੀਦਾਂ ਨੇ ਫਾਂਸੀ ਦੇ ਰੱਸੇ ਚੁੰਮੇ, ਜਿਨ੍ਹਾਂ ਵਿਚੋਂ ੯੩ ਸਿੱਖ ਸਨ। ਉਨ੍ਹਾਂ ਹੋਰ ਦੱਸਿਆ ਕਿ ਉਮਰ ਕੈਦ ਕੱਟਣ ਵਾਲੇ ੨੬੪੬ ਘੁਲਾਟੀਆਂ ਵਿਚੋਂ ੨੧੪੭ ਸਿੱਖ ਸਨ। ਜੱਲ੍ਹਿਆਂ ਵਾਲੇ ਬਾਗ ਦੇ ਸਾਕੇ ਦੇ ੧੩੦੦ ਸ਼ਹੀਦਾਂ ਵਿਚੋਂ ੭੯੯ ਸਿੱਖ ਸਨ। ਬਜਬਜਘਾਟ ਦੇ ਸਾਕੇ ਵਿਚ ਸ਼ਹੀਦ ਹੋਣ ਵਾਲੇ ੧੧੩ ਵਿਚੋਂ ੬੭ ਸਿੱਖ, ਕੂਕਾ ਲਹਿਰ ਦੌਰਾਨ ੯੧ ਦੇ ੯੧ ਸਿੱਖ ਸਨ ਅਤੇ ਅਕਾਲੀ ਲਹਿਰ ਦੌਰਾਨ ਸ਼ਹੀਦ ਹੋਣ ਵਾਲੇ ੫੦੦ ਸਿੱਖ ਹੀ ਸਨ। ਉਨ੍ਹਾਂ ਸਪੱਸ਼ਟ ਕਰਦਿਆਂ ਕਿਹਾ ਕਿ ਇਨ੍ਹਾਂ ਅੰਕੜਿਆਂ ਦੀ ਪੁਸ਼ਟੀ ਮੌਲਾਨਾ ਆਜ਼ਾਦ ਨੇ ਵੀ ਕੀਤੀ ਸੀ। ਇਹ ਆਂਕੜੇ ਵੀ ਆਜ਼ਾਦੀ ਦੀ ਲੜਾਈ ਵਿਚ ਸਿੱਖਾਂ ਦੀਆਂ ਕੁੱਲ ਕੁਰਬਾਨੀਆਂ ਦਾ ਮਹਿਜ਼ ਇੱਕ ਹਿੱਸਾ ਹੀ ਹਨ ਕਿਉਂਕਿ ਇਨ੍ਹਾਂ ਵਿਚ ਉਹ ਕੁਰਬਾਨੀਆਂ ਸ਼ਾਮਲ ਨਹੀਂ ਜੋ ਸਿੰਘਾਂ ਨੇ ਆਜ਼ਾਦ ਹਿੰਦ ਫੌਜ, ਇੰਡੀਅਨ ਨੇਵੀ ਦੇ ਵਿਦਰੋਹ ਅਤੇ ੧੯੪੬ ਵਿਚ ਦਿੱਲੀ ਪੁਲੀਸ ਦੀ ਹੜਤਾਲ ਵੇਲੇ ਦਿੱਤੀਆਂ।

ਉਨ੍ਹਾਂ ਕਿਹਾ ਕਿ ਫਰਾਂਸ ਦੇ ਸਕੂਲਾਂ ਵਿੱਚ ਦਸਤਾਰ ਦੇ ਮੁੱਦੇ ਨੂੰ ਲੈ ਕੇ ਸਿੱਖ ਲੰਬੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ ਅਤੇ ਫ਼ਰਾਂਸੀਸੀ ਰਾਸ਼ਟਰਪਤੀ ਫ਼ਰਾਂਸੋਵਾ ਓਲਾਂਦ ਦੀ ੨੬ ਜਨਵਰੀ ਦੀ ਪ੍ਰੇਡ ਵਿੱਚ ਸ਼ਮੂਲੀਅਤ ਨੂੰ ਵੇਖਦਿਆਂ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ੨੧ ਜਨਵਰੀ ਨੂੰ ਭਾਰਤ ਦੇ ਪ੍ਰਧਾਨ

ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਫਰਾਂਸ ਦੇ ਰਾਸ਼ਟਰਪਤੀ ਨੂੰ ਸਿੱਖਾਂ ਨੂੰ ਫਰਾਂਸ ਵਿੱਚ ਦਰਪੇਸ਼ ਆਉਂਦੀਆਂ ਸਮੱਸਿਆਵਾਂ ਦਾ ਸਮਾਧਾਨ ਕੱਢਣ ਲਈ ਮਿਲਣ ਦੀ ਇੱਛਾ ਜਾਹਿਰ ਕੀਤੀ ਗਈ ਸੀ। ਜਥੇਦਾਰ ਅਵਤਾਰ ਸਿੰਘ ਨੇ ਰੋਸ ਜਾਹਿਰ ਕਰਦਿਆਂ ਕਿਹਾ ਕਿ ਜਦੋਂ ਸਿੱਖ ਦਸਤਾਰ ਦੀ ਮਹਾਨਤਾ ਨੂੰ ਕਿਸੇ ਵਿਦੇਸ਼ੀ ਮੁਲਕ ਦੇ ਮੁਖੀ ਅੱਗੇ ਪੇਸ਼ ਕਰਨ ਲਈ ਯਤਨ ਕਰ ਰਹੇ ਸਨ ਤਾਂ ਕੇਂਦਰ ਸਰਕਾਰ ਨੇ ਦੇਸ਼ ਦੀ ਕੌਮੀ ਪ੍ਰੇਡ ਵਿਚੋਂ ਦਸਤਾਰ ਨੂੰ ਅਲੋਪ ਕਰ ਦਿੱਤਾ ਤਾਂ ਕਿ ਫਰਾਂਸੀਸੀ ਰਾਸ਼ਟਰਪਤੀ ਦਸਤਾਰ ਸਬੰਧੀ ਕੋਈ ਭਾਵਨਾਵਾਂ ਆਪਣੇ ਮਨ ਵਿੱਚ ਨਾ ਲੈ ਕੇ ਜਾਣ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਗਣਤੰਤਰਤਾ ਦਿਵਸ ਸਮੇਂ ਸਿੱਖਾਂ ਨਾਲ ਇਸ ਤਰ੍ਹਾਂ ਦਾ ਵਿਵਹਾਰ ਕਰਨ 'ਤੇ ਦੇਸ਼-ਵਿਦੇਸ਼ ਵਿੱਚ ਵਸਦੇ ਪੂਰੇ ਸਿੱਖ ਸਮੁਦਾਏ ਦੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਸਿੱਖਾਂ ਦਾ ਰੋਲ ਅਹਿਮ ਰਿਹਾ ਹੈ ਤੇ ਸਭ ਤੋਂ ਵੱਧ ਕੁਰਬਾਨੀਆਂ ਸਿੱਖਾਂ ਨੇ ਹੀ ਦਿੱਤੀਆਂ ਹਨ, ਪਰ ਅੱਜ ਗਣਤੰਤਰ ਦਿਵਸ ਤੇ ਸਿੱਖ ਫੌਜ ਨੂੰ ਅੱਖੋਂ-ਪਰੋਖੇ ਕੀਤਾ ਗਿਆ ਹੈ ਜੋ ਸਮੁੱਚੇ ਦੇਸ਼ ਲਈ ਪੱਖਪਾਤੀ ਤੇ ਨਮੋਸ਼ੀ ਭਰੀ ਗੱਲ ਹੈ।

*੨੮ ਜਨਵਰੀ*

# ਕੈਨੇਡਾ ਦੀ ਪ੍ਰੀਮੀਅਰ ਕੈਥਲੀਨ ਵਾਇਨੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ

## ਜਥੇ. ਅਵਤਾਰ ਸਿੰਘ ਵੱਲੋਂ ਮੁੱਖ ਸਕੱਤਰ ਸ. ਹਰਚਰਨ ਸਿੰਘ ਨੇ ਕੈਨੇਡਾ ਵਿਚ ਸਿੱਖਾਂ ਨੂੰ ਦਰਪੇਸ਼ ਮਸਲਿਆਂ ਸਬੰਧੀ ਗੱਲਬਾਤ ਕੀਤੀ

ਅੰਮ੍ਰਿਤਸਰ- ਕੈਨੇਡਾ ਦੇ ਓਂਟਾਰੀਓ ਸੂਬੇ ਦੀ ਪ੍ਰੀਮੀਅਰ ਕੈਥਲਿਨ ਵਾਇਨੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਈ। ਇਸ ਮੌਕੇ ਉਨ੍ਹਾਂ ਨਾਲ ਕੈਨੇਡੀਅਨ ਕੌਂਸਲੇਟ ਜਨਰਲ ਕ੍ਰਿਸਟੋਫਰ ਤੇ ਡਿਪਟੀ ਹਾਈ ਕਮਿਸ਼ਨਰ ਕੈਨੇਡਾ ਵੀ ਮੌਜੂਦ ਸਨ। ਉਨ੍ਹਾਂ ਦਰਸ਼ਨ ਕਰਨ ਉਪਰੰਤ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ ਕੋਲੋਂ ਸ੍ਰੀ ਹਰਿਮੰਦਰ ਸਾਹਿਬ ਅਤੇ ਪਰਿਕਰਮਾ 'ਚ ਸਥਿਤ ਗੁਰ-ਅਸਥਾਨਾਂ ਦੇ ਇਤਿਹਾਸ ਦੀ ਜਾਣਕਾਰੀ ਲਈ। ਮੁੱਖ ਸਕੱਤਰ ਨੇ ਪ੍ਰੀਮੀਅਰ ਕੈਥਲੀਨ ਵਾਇਨੀ ਨੂੰ ਦੁਨੀਆਂ ਦੇ ਪ੍ਰਸਿੱਧ ਕਾਰੀਗਰਾਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਦੀਵਾਰਾਂ ਤੇ ਛੱਤਾਂ ਤੇ ਕੀਤੀ ਮੀਨਾਕਾਰੀ ਦੇ ਵਿਲੱਖਣ ਨਮੂਨਿਆਂ ਬਾਰੇ ਦੱਸਿਆ। ਇਸ ਉਪਰੰਤ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਨਤਮਸਤਕ ਹੋਏ ਤੇ ਸਿੱਖਾਂ ਦੇ ਇਸ ਮਹਾਨ ਤਖ਼ਤ ਦੇ ਸੁਨਹਿਰੀ ਇਤਿਹਾਸ ਦੀ ਜਾਣਕਾਰੀ ਹਾਸਿਲ ਕੀਤੀ। ਇਸ ਉਪਰੰਤ ਸ੍ਰੀ ਕੈਥਲਿਨ ਸ੍ਰੀ ਗੁਰੂ ਰਾਮਦਾਸ ਲੰਗਰ ਵਿੱਚ ਗਏ ਤੇ ਓਥੇ ਉਨ੍ਹਾਂ ਬੜੀ ਸ਼ਰਧਾ-ਭਾਵਨਾ ਨਾਲ ਸ੍ਰੀ ਗੁਰੂ ਰਾਮਦਾਸ ਜੀ ਦੇ ਲੰਗਰ ਵਿਚ ਸੰਗਤਾਂ ਲਈ ਪ੍ਰਸ਼ਾਦਾ ਤਿਆਰ ਹੁੰਦਾ ਦੇਖਿਆ।

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਮੁੱਖ ਸਕੱਤਰ ਨੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਓਂਟਾਰੀਓ ਦੀ ਪ੍ਰੀਮੀਅਰ ਨਾਲ ਕੈਨੇਡਾ ਵਿਖੇ ਸਿੱਖਾਂ ਨੂੰ ਦਰਪੇਸ਼ ਮਸਲਿਆਂ ਬਾਰੇ ਚਰਚਾ ਕੀਤੀ। ਮੁੱਖ ਸਕੱਤਰ ਨੇ ਕਿਹਾ ਕਿ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਖੰਡੇ ਬਾਟੇ ਦੀ ਪਾਹੁਲ (ਅੰਮ੍ਰਿਤਪਾਨ ਕਰਵਾਉਣ) ਉਪਰੰਤ ਸਿੱਖਾਂ ਨੂੰ ਪੰਜ ਕਕਾਰਾਂ ਕੇਸ, ਕੜਾ, ਕਛਹਿਰਾ, ਕ੍ਰਿਪਾਨ ਤੇ ਕੰਘਾ ਦੇ ਧਾਰਨੀ ਹੋਣ ਲਈ ਪ੍ਰੇਰਿਆ ਤੇ ਕੇਸਾਂ ਦੀ ਸੰਭਾਲ ਲਈ ਸਿੱਖੀ ਦੀ ਆਨ ਤੇ ਸ਼ਾਨ 'ਦਸਤਾਰ' ਸਜਾਉਣ ਦਾ ਵੀ ਉਪਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਕੈਨੇਡਾ ਵਿੱਚ ਅੱਜ ਵੀ ਸਿੱਖਾਂ ਨੂੰ ਦਸਤਾਰ ਦੀ ਬਜਾਏ ਹੈਲਮੈਟ ਪਾਉਣ ਲਈ ਕਾਨੂੰਨੀ ਤੌਰ 'ਤੇ ਮਜ਼ਬੂਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸੰਨ ੧੯੭੦ ਤੋਂ ਲੈ ਕੇ ਸਿੱਖ ਬਰਾਬਰਤਾ ਲਈ ਕੈਨੇਡਾ ਵਿਚ ਜੂਝ ਰਹੇ ਹਨ, ਇਸ ਸਮੇਂ ਦੌਰਾਨ ਉਨ੍ਹਾਂ ਕਕਾਰਾਂ ਸਬੰਧੀ ਅਦਾਲਤਾਂ ਦਾ ਦਰਵਾਜਾ ਖੜਕਾ ਕੇ ਰਾਹਤ ਲਈ ਹੈ, ਪਰ ਕੈਨੈਡੀਅਨ ਸਰਕਾਰ ਨੇ ਕੋਈ ਸੰਵਿਧਾਨਿਕ ਮੱਦਾਂ ਨਹੀਂ ਬਣਾਈਆਂ। ਉਨ੍ਹਾਂ ਪ੍ਰੀਮੀਅਰ ਨੂੰ ਇਸ ਗੱਲ ਦਾ ਵੀ ਗਿਆਨ ਕਰਵਾਇਆ ਕਿ ੧੯੯੦ ਤੋਂ ਲੈ ਕੇ ਕੈਨੇਡਾ ਵਿੱਚ ਸਿੱਖਾਂ ਦੀ ਆਬਾਦੀ ਅੱਜ ਤੱਕ ਨਿਰੰਤਰ ਵਧਦੀ

*(ਬਾਕੀ ਪੰਨਾ ੫੧ 'ਤੇ)*




ਦਿੱਲੀ ਤੋਂ ਪ੍ਰਕਾਸ਼ਿਤ ਹੁੰਦੀ ਮਾਸਿਕ ਧਾਰਮਿਕ ਪੱਤ੍ਰਿਕਾ 'ਸੱਚੇ ਪਾਤਸ਼ਾਹ' ਵੱਲੋਂ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ 'ਫ਼ਖ਼ਰ-ਏ-ਕੌਮ' ਐਵਾਰਡ ਨਾਲ ਸਨਮਾਨਿਤ ਕਰਦੇ ਹੋਏ ਪੱਤ੍ਰਿਕਾ ਦੇ ਮੁੱਖ ਸੰਪਾਦਕ ਸ. ਸੁਰਜੀਤ ਸਿੰਘ, ਸ. ਮਹਿੰਦਰ ਸਿੰਘ ਭੁੱਲਰ, ਡਾ. ਗੁਰਬੀਰ ਸਿੰਘ, ਸ. ਦਿਲਜੀਤ ਸਿੰਘ 'ਬੇਦੀ' ਅਤੇ ਹੋਰ।
ਹੇਠਾਂ: ਸਮਾਗਮ ਵਿਚ ਸ਼ਾਮਲ ਸ਼ਖ਼ਸੀਅਤਾਂ। (31 ਜਨਵਰੀ 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਪਹੁੰਚੇ ਸ. ਕੰਵਲਜੀਤ ਸਿੰਘ ਬਖਸ਼ੀ ਮੈਂਬਰ ਪਾਰਲੀਮੈਂਟ ਆਕਲੈਂਡ ਨੂੰ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਸਕੱਤਰ ਡਾ. ਰੂਪ ਸਿੰਘ, ਐਡੀ. ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ, ਮੈਨੇਜਰ ਸ. ਸੁਲੱਖਣ ਸਿੰਘ ਤੇ ਹੋਰ।

(21 ਜਨਵਰੀ 2016)



ਤੇਜਾ ਸਿੰਘ ਸਮੁੰਦਰੀ ਹਾਲ, ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਸਕੂਲਾਂ-ਕਾਲਜਾਂ ਦੇ ਧਾਰਮਿਕ ਅਧਿਆਪਕਾਂ ਨਾਲ ਵਿਚਾਰਾਂ ਕਰਦੇ ਹੋਏ ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ।

(12 ਜਨਵਰੀ 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਬੁੱਕ ਕਰਵਾਉਣ ਲਈ ਨਵੇਂ ਬਣੇ ਦਫ਼ਤਰ ਦੇ ਉਦਘਾਟਨ ਸਮੇਂ ਅਰਦਾਸ ਕਰਦੇ ਹੋਏ ਭਾਈ ਸੁਲਤਾਨ ਸਿੰਘ। ਅਰਦਾਸ 'ਚ ਸ਼ਾਮਲ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਤੇ ਹੋਰ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਸ੍ਰੀ ਰਮੇਸ਼ਵਰ ਸੰਘਾ ਮੈਂਬਰ ਪਾਰਲੀਮੈਂਟ ਕੈਨੇਡਾ ਨੂੰ
ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ,
ਸ. ਗੁਰਬਚਨ ਸਿੰਘ ਮੁੱਖ ਸੂਚਨਾ ਅਧਿਕਾਰੀ ਤੇ ਹੋਰ।



ਗੁਰਦੁਆਰਾ ਸ੍ਰੀ ਪਰਿਵਾਰ ਵਿਛੋੜਾ ਸਾਹਿਬ ਵਿਖੇ ਲਗਾਏ ਗਏ ਖ਼ੂਨਦਾਨ ਕੈਂਪ ਸਮੇਂ ਖ਼ੂਨਦਾਨੀਆਂ ਦੀ ਹੌਂਸਲਾ ਅਫਜ਼ਾਈ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਉਨ੍ਹਾਂ ਨਾਲ ਮੈਂਬਰ ਸ. ਅਮਰਜੀਤ ਸਿੰਘ ਚਾਵਲਾ, ਸ. ਰੇਸ਼ਮ ਸਿੰਘ ਮੈਨੇਜਰ ਅਤੇ ਹੋਰ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਗਵਰਨਮੈਂਟ ਆਫ ਕੈਨੇਡਾ ਕੌਂਸਲੇਟ ਜਨਰਲ ਦੀ ਪ੍ਰੋਗਰਾਮ ਮੈਨੇਜਰ ਮਿਸ ਕਰੋਲ ਮੈਕਨੇ ਨੂੰ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ ਸ. ਸਤਿੰਦਰ ਸਿੰਘ ਨਿੱਜੀ ਸਹਾਇਕ ਤੇ ਸ. ਗੁਰਬਚਨ ਸਿੰਘ ਮੁੱਖ ਸੂਚਨਾ ਅਧਿਕਾਰੀ। (7 जनवरी 2016)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਓਂਟਾਰੀਓ ਕੈਨੇਡਾ ਦੀ ਪ੍ਰੀਮੀਅਰ ਕੈਥਲਿਨ ਵਾਇਨੀ ਨੂੰ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਇਤਿਹਾਸ ਦੀ ਜਾਣਕਾਰੀ ਦਿੰਦੇ ਹੋਏ ਮੁੱਖ ਸਕੱਤਰ ਸ. ਹਰਚਰਨ ਸਿੰਘ।
(31 ਜਨਵਰੀ 2016)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਢਾਡੀ ਭਾਈ ਗੁਰਚਰਨ ਸਿੰਘ ਚੰਨ ਮੱਦੂਛਾਂਗੀਆ ਨੂੰ
ਪੰਜਾਹ ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦਾ ਚੈੱਕ ਦਿੰਦੇ ਹੋਏ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ।
(23 ਜਨਵਰੀ 2016)



ਧਰਮ ਪ੍ਰਚਾਰ ਕਮੇਟੀ ਵੱਲੋਂ 'ਸਿੱਖ ਇਤਿਹਾਸ ਤੇ ਗੁਰਬਾਣੀ ਕੰਠ ਲਹਿਰ' ਤਹਿਤ ਸ੍ਰੀ ਗੁਰੂ ਰਾਮਦਾਸ ਖਾਲਸਾ ਸੀਨੀ. ਸੈਕੰਡਰੀ ਸਕੂਲ ਅੰਮ੍ਰਿਤਸਰ ਵਿਖੇ ਕਰਵਾਏ ਗਏ ਮੁਕਾਬਲਿਆਂ 'ਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਸ. ਕੁਲਵਿੰਦਰ ਸਿੰਘ ਰਮਦਾਸ ਮੀਤ ਸਕੱਤਰ, ਪ੍ਰਿੰਸੀਪਲ ਬਲਵਿੰਦਰ ਸਿੰਘ ਤੇ ਹੋਰ।

(18 ਜਨਵਰੀ 2016)



ਧਰਮ ਪ੍ਰਚਾਰ ਕਮੇਟੀ ਵੱਲੋਂ 'ਸਿੱਖ ਇਤਿਹਾਸ ਤੇ ਗੁਰਬਾਣੀ ਕੰਠ ਲਹਿਰ' ਤਹਿਤ ਸ੍ਰੀ ਗੁਰੂ ਰਾਮਦਾਸ ਪਬਲਿਕ ਸਕੂਲ, ਸੁਲਤਾਨਵਿੰਡ ਰੋਡ ਵਿਖੇ ਕਰਵਾਏ ਗਏ ਮੁਕਾਬਲਿਆਂ ਸਮੇਂ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਸ. ਸੁਖਦੇਵ ਸਿੰਘ ਭੂਰਾ ਕੋਹਨਾ ਵਧੀਕ ਸਕੱਤਰ, ਮੀਤ ਸਕੱਤਰ ਸ. ਜਗਜੀਤ ਸਿੰਘ ਤੇ ਸ. ਕੁਲਵਿੰਦਰ ਸਿੰਘ ਰਮਦਾਸ, ਪ੍ਰਿੰਸੀਪਲ ਚਰਨਜੀਤ ਕੌਰ ਤੇ ਹੋਰ।

(12 ਜਨਵਰੀ 2016)



ਸ੍ਰੀ ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਘਿਉ ਮੰਡੀ ਵਿਖੇ ਕਰਵਾਏ ਗਏ ਗੁਰਬਾਣੀ ਕੰਠ ਮੁਕਾਬਲੇ ਉਪਰੰਤ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ , ਪ੍ਰਿੰਸੀਪਲ ਮਨਿੰਦਰਪਾਲ ਕੌਰ ਅਤੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ। (19 ਜਨਵਰੀ 2016)



ਸ੍ਰੀ ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਜ਼ਿਲ੍ਹਾ ਪੱਧਰੀ ਸਹਿਤ ਸਿਰਜਣ ਮੁਕਾਬਲੇ ਸਮੇਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ। ਉਨ੍ਹਾਂ ਨਾਲ ਡਾ. ਭੁਪਿੰਦਰ ਸਿੰਘ ਮੱਟੂ ਜ਼ਿਲ੍ਹਾ ਭਾਸ਼ਾ ਅਫ਼ਸਰ, ਪ੍ਰਿੰਸੀਪਲ ਮਨਿੰਦਰਪਾਲ ਕੌਰ ਤੇ ਹੋਰ। (3 ਫਰਵਰੀ 2016)




ਭਾਈ ਨਿਗਾਹੀਆ ਸਿੰਘ ਜੀ ਖ਼ਾਲਸਾ ਪਬਲਿਕ ਸਕੂਲ ਫਾਰ ਡੈਂਫ, ਗੁ: ਸ੍ਰੀ ਮੰਜੀ ਸਾਹਿਬ, ਆਲਮਗੀਰ (ਲੁਧਿਆਣਾ) ਵਿਖੇ ਗੂੰਗੇ-ਬਹਰੇ ਬੱਚਿਆਂ ਨੂੰ ਵਰਦੀਆਂ ਵੰਡਦੇ ਹੋਏ ਸਕੂਲ ਦੇ ਡਾਇਰੈਕਟਰ ਸ੍ਰੀ ਪਦਮ ਪਾਸੀ ਤੇ ਹੋਰ।



ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਗੁਰੂ ਗੋਬਿੰਦ ਸਿੰਘ ਖ਼ਾਲਸਾ ਤ੍ਰੈ-ਸ਼ਤਾਬਦੀ ਕਾਲਜ, ਅੰਮ੍ਰਿਤਸਰ ਦੇ ਵਿਦਿਆਰਥੀਆਂ ਵੱਲੋਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇੰਟਰ ਕਾਲਜ ਹਾਕੀ ਟੂਰਨਾਮੈਂਟ 'ਚੋਂ ਦੂਸਰਾ ਸਥਾਨ ਹਾਸਲ ਕਰਨ 'ਤੇ ਉਨ੍ਹਾਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਿੰਸੀਪਲ ਬੀਬੀ ਜਤਿੰਦਰ ਕੌਰ ਤੇ ਹੋਰ। (9 ਜਨਵਰੀ 2016)

*(ਪੰਨਾ ੪੨ ਦਾ ਬਾਕੀ)*

ਗਈ ਹੈ, ਪਰ ਸਰਕਾਰੀ ਕਾਨੂੰਨਾਂ ਤੇ ਸਿੱਖਾਂ ਦੇ ਹੱਕਾਂ ਸਬੰਧੀ ਕੋਈ ਢੁਕਵੀਂ ਕਾਰਵਾਈ ਨਹੀਂ ਹੋਈ। ਆਪਣੀ ਗੱਲਬਾਤ ਦੌਰਾਨ ਮੁੱਖ ਸਕੱਤਰ ਨੇ ਇਸ ਗੱਲ ਵਲ ਵੀ ਧਿਆਨ ਦਿਵਾਇਆ ਕਿ ਹਿੰਦੁਸਤਾਨ ਵਿਚ ਕੋਈ ਸਿੱਖ ਜੇ ਦਸਤਾਰ ਸਜਾਉਂਦਾ ਹੈ ਤਾਂ ਉਸ ਲਈ ਹੈਲਮੈਟ ਪਾਉਣਾ ਜਰੂਰੀ ਨਹੀਂ। ਇਥੋਂ ਤੱਕ ਕਿ ਸਿਖ ਬੀਬੀਆਂ ਨੂੰ ਵੀ ਇਸ ਤੋਂ ਛੋਟ ਦਿਤੀ ਗਈ ਹੈ। ਇਸ ਗੱਲਬਾਤ ਦੌਰਾਨ ਪ੍ਰੀਮੀਅਰ ਨੇ ਮੁੱਖ ਸਕੱਤਰ ਨੂੰ ਦੱਸਿਆ ਕਿ ਇਹ ਸਾਰਾ ਕੁਝ ਸਰੀਰਕ ਹਿਫਾਜ਼ਤ ਲਈ ਕੀਤਾ ਗਿਆ ਸੀ। ਇਸ ਗੱਲ ਦੇ ਜਵਾਬ ਵਿੱਚ ਮੁੱਖ ਸਕੱਤਰ ਨੇ ਉਨ੍ਹਾਂ ਨੂੰ ਦੱਸਿਆ ਕਿ ਕਲਗੀਧਰ ਦਸਮੇਸ਼ ਪਿਤਾ ਵੱਲੋਂ ਬਖਸ਼ੀ ਹੋਈ ਸਿੱਖ ਦੀ ਦਸਤਾਰ ਜੋ ਉਸ ਦੀ ਵਿਰਾਸਤੀ ਸ਼ਾਨ ਦਾ ਹਿੱਸਾ ਵੀ ਹੈ, ਹੈਲਮੈਟ ਤੋਂ ਵੱਧ ਹਿਫ਼ਾਜ਼ਤ ਕਰਦੀ ਹੈ। ਇਹ ਵੀ ਦੱਸਿਆ ਕਿ ਦੁਨੀਆਂ ਦੇ ਕਈ ਮੁਲਕਾਂ ਵਿੱਚ ਸਿੱਖ ਦੀ ਦਸਤਾਰ ਦਾ ਸਤਿਕਾਰ ਕਰਦਿਆਂ ਹੋਇਆਂ ਹੈਲਮੈਟ ਪਾਉਣ ਤੋਂ ਛੋਟ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਯੂ. ਕੇ. ਵਿਚ ਵੀ ਸਿੱਖਾਂ ਨੂੰ ਹੈਲਮੈਟ ਪਾਉਣ ਤੋਂ ਛੋਟ ਦਿੱਤੀ ਗਈ ਹੈ। ਸਾਰੀ ਗੱਲਬਾਤ ਸੁਣਨ ਤੋਂ ਬਾਅਦ ਪ੍ਰੀਮੀਅਰ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਸਬੰਧੀ ਯੋਗ ਤੇ ਠੋਸ ਨੀਤੀ ਅਪਨਾਉਣ ਦਾ ਉਪਰਾਲਾ ਕਰਨਗੇ। ਇਸ ਸਬੰਧੀ ਸ਼੍ਰੋਮਣੀ ਕਮੇਟੀ ਵਲੋਂ ਪ੍ਰੀਮੀਅਰ ਨੂੰ ਸਿੱਖਾਂ ਨੂੰ ਦਰਪੇਸ਼ ਮਸਲਿਆਂ ਦਾ ਯੋਗ ਹੱਲ ਕੱਢਣ ਲਈ ਇਕ ਪੱਤਰ ਵੀ ਦਿਤਾ ਗਿਆ।

ਲਿਬਰਨ ਪਾਰਟੀ ਨਾਲ ਸਬੰਧਤ ਪ੍ਰੀਮੀਅਰ ਕੈਥਲਿਨ ਵਾਇਨੀ ਨੇ ਕਿਹਾ ਕਿ ਮੇਰੇ ਨਾਲ ਕਰੀਬ ੭੦ ਪ੍ਰਮੁੱਖ ਸਖਸ਼ੀਅਤਾਂ ਦਾ ਵਫ਼ਦ ਭਾਰਤ ਦੇ ਦੌਰੇ 'ਤੇ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖੀ ਦਾ ਧੁਰਾ ਤੇ ਸਾਂਝੀਵਾਲਤਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਏਥੇ ਆ ਕੇ ਮਨ ਨੂੰ ਆਤਮਿਕ ਸਕੂਨ ਮਿਲਦਾ ਹੈ। ਉਨ੍ਹਾਂ ਕਿਹਾ ਕਿ ਆਪਣੇ ਭਾਰਤ ਦੌਰੇ 'ਤੇ ਆਉਣ ਉਪਰੰਤ ਮੈਂ ਉਚੇਚੇ ਤੌਰ 'ਤੇ ਰੂਹਾਨੀਅਤ ਦੇ ਇਸ ਕੇਂਦਰ ਦੇ ਦਰਸ਼ਨ ਕਰਨ ਆਈ ਹਾਂ। ਇਸ ਮੌਕੇ ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਗੁਰਬਚਨ ਸਿੰਘ ਮੁੱਖ ਸੂਚਨਾ ਅਧਿਕਾਰੀ ਤੇ ਸ. ਜਸਵਿੰਦਰ ਸਿੰਘ ਸੂਚਨਾ ਅਧਿਕਾਰੀ ਆਦਿ ਮੌਜੂਦ ਸਨ। *੩੧ ਜਨਵਰੀ*

## ਜਥੇਦਾਰ ਅਵਤਾਰ ਸਿੰਘ ਵੱਲੋਂ ਅਮਰੀਕਾ 'ਚ ਰਾਸ਼ਟਰਪਤੀ ਦੀ ਚੋਣ ਸਮੇਂ ਟਰੰਪ ਦੀ ਰੈਲੀ ਦੌਰਾਨ ਸਿੱਖ ਨੂੰ ਬਾਹਰ ਕੱਢਣ ਦੀ ਨਿਖੇਧੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕਾ ਦੇ ਰਾਸ਼ਟਰਪਤੀ ਅਹੁਦੇ ਲਈ ਰਿਪਬਲਿਕਨ ਪਾਰਟੀ ਦੀ ਉਮੀਦਵਾਰੀ ਦੇ ਦਾਅਵੇਦਾਰ ਡੋਨਾਲਡ ਟ੍ਰੰਪ ਦੇ ਭਾਸ਼ਣ ਦੌਰਾਨ ਸ਼ਾਂਤੀਪੂਰਵਕ ਮੁਜ਼ਾਹਰਾ ਕਰ ਰਹੇ ਇਕ ਸਿੱਖ ਨੂੰ ਰੈਲੀ 'ਚੋਂ ਬਾਹਰ ਕੱਢਣ ਦੀ ਨਿਖੇਧੀ ਕੀਤੀ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ ਵਿੱਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਦੇ ਹਵਾਲੇ ਨਾਲ ਕਿਹਾ ਕਿ ਅਮਰੀਕਾ ਦੇ ਆਯੋਵਾ ਰਾਜ ਵਿੱਚ ਡੈਨਾਲਡ ਟ੍ਰੰਪ ਦੇ ਭਾਸ਼ਨ ਦੌਰਾਨ ਇਹ ਸਿੱਖ ਹੱਥ ਵਿਚ 'ਨਫ਼ਰਤ ਬੰਦ ਕਰੋ' (ਸਟਾਪ ਹੇਟ) ਦਾ ਬੈਨਰ ਫੜੀ ਸ਼ਾਂਤੀਪੂਰਵਕ ਰੋਸ ਮੁਜ਼ਾਹਰਾ ਕਰ ਰਿਹਾ ਸੀ, ਪਰ ਟਰੰਪ ਦੇ ਭਾਸ਼ਣ ਦੌਰਾਨ ਇਸ ਵਿਅਕਤੀ ਨੂੰ ਰੈਲੀ 'ਚੋਂ ਬਾਹਰ ਕੱਢ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਅਮਰੀਕਾ ਵਰਗੇ ਵਿਕਾਸਸ਼ੀਲ ਦੇਸ਼ ਵਿੱਚ ਐਸੀਆਂ ਅਨਹੋਣੀਆਂ ਦਾ ਹੋਣਾ ਬਹੁਤ ਹੀ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਇਹ ਸਰਾਸਰ ਲੋਕਤੰਤਰ ਦਾ ਗਲਾ ਘੁੱਟਣ ਵਾਲੀ ਅਤੇ ਨਿੰਦਣਯੋਗ ਗੱਲ ਹੈ।

ਉਨ੍ਹਾਂ ਕਿਹਾ ਕਿ ਲੋਕਤੰਤਰ ਦਾ ਇਹੋ ਮਤਲਬ ਹੁੰਦਾ ਹੈ ਕਿ ਕੋਈ ਸ਼ਖ਼ਸ ਆਪਣੀ ਗੱਲ ਸਭ ਦੇ ਸਾਹਮਣੇ ਸ਼ਾਂਤੀਪੂਰਵਕ ਤਰੀਕੇ ਨਾਲ ਰੱਖ ਸਕਦਾ ਹੈ, ਪਰ ਕਿਸੇ ਨੂੰ ਆਪਣੀ ਗੱਲ ਨਾ ਕਹਿਣ ਦੇਣਾ ਲੋਕਤੰਤਰ ਰਾਜ ਦੇ ਨਿਯਮਾਂ ਨੂੰ ਛਿੱਕੇ 'ਤੇ ਟੰਗਣਾ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਹਰ ਕਿਸੇ ਨੂੰ ਆਪਣੇ ਵਿਚਾਰ ਰੱਖਣ ਦੀ ਪੂਰੀ ਖੁੱਲ ਹੋਣੀ ਚਾਹੀਦੀ ਹੈ। *੨੨ ਜਨਵਰੀ*

# ਜਥੇਦਾਰ ਅਵਤਾਰ ਸਿੰਘ ਨੇ ਸ. ਗੁਰਬੀਰ ਸਿੰਘ ਗਰੇਵਾਲ ਨੂੰ ਨਿਊਜਰਸੀ 'ਚ ਸਰਕਾਰੀ ਵਕੀਲ ਬਣਨ 'ਤੇ ਵਧਾਈ ਦਿੱਤੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕਾ ਦੇ ਸੂਬੇ ਨਿਊਜਰਸੀ ਦੇ ਟਾਊਨ ਗਲੈਨਰਾਕ ਵਿੱਚ ਰਹਿਣ ਵਾਲੇ ਭਾਰਤੀ ਮੂਲ ਦੇ ਸਿੱਖ ਸ. ਗੁਰਬੀਰ ਸਿੰਘ ਗਰੇਵਾਲ ਨੂੰ ਬਰਗਨ ਕਾਊਂਟੀ ਦੀ ਅਦਾਲਤ ਵਿੱਚ ਸਰਕਾਰੀ ਵਕੀਲ ਬਣਨ 'ਤੇ ਵਧਾਈ ਦਿੱਤੀ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਸ. ਗੁਰਬੀਰ ਸਿੰਘ ਗਰੇਵਾਲ ਨੂੰ ਸਰਕਾਰੀ ਵਕੀਲ ਦੇ ਅਹੁਦੇ ਤੇ ਬਿਰਾਜਮਾਨ ਕਰਨ ਨਾਲ ਦੇਸ਼-ਵਿਦੇਸ਼ ਵਿੱਚ ਵੱਸਦੇ ਸਿੱਖਾਂ ਦਾ ਸਿਰ ਮਾਣ ਨਾਲ ਉੱਚਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਅਹੁਦੇ ਤੋਂ ਪਹਿਲਾਂ ਸ. ਗੁਰਬੀਰ ਸਿੰਘ ਗਰੇਵਾਲ ਸਾਊਥ ਏਸ਼ੀਆ ਬਾਰ ਐਸੋਸੀਏਸ਼ਨ ਨਿਊਯਾਰਕ ਦੇ ਪ੍ਰਧਾਨ ਅਤੇ ਨਿਊਜਰਸੀ ਏਸ਼ੀਅਨ ਅਮਰੀਕਨ ਕਾਨੂੰਨੀ ਸਲਾਹਕਾਰਾਂ ਦੇ ਮੈਂਬਰ ਵੀ ਰਹਿ ਚੁੱਕੇ ਹਨ ਜੋ ਬਹੁਤ ਪ੍ਰਸੰਸਾਯੋਗ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖ ਵਿਸ਼ਵ ਪੱਧਰ 'ਤੇ ਆਪਣੀ ਮਿਹਨਤ ਸਦਕਾ ਪੰਜਾਬ ਅਤੇ ਪੰਜਾਬੀਅਤ ਦਾ ਪੂਰੀ ਦੁਨੀਆਂ ਵਿੱਚ ਨਾਮ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਬੇਸ਼ੱਕ ਸਿੱਖ ਕੌਮ ਘੱਟ ਗਿਣਤੀ ਵਜੋਂ ਜਾਣੀ ਜਾਂਦੀ ਹੈ, ਪਰ ਇਨ੍ਹਾਂ ਦੀ ਕਾਰਗੁਜ਼ਾਰੀ ਨੇ ਦੁਨੀਆਂ ਵਿੱਚ ਇਨ੍ਹਾਂ ਦੇ ਅਕਸ ਨੂੰ ਵੱਡੇ ਪੱਧਰ 'ਤੇ ਉਭਾਰਿਆ ਹੈ।

੮ ਜਨਵਰੀ

# ਜਥੇਦਾਰ ਅਵਤਾਰ ਸਿੰਘ ਵੱਲੋਂ ਡਾ. ਹਰਦੇਵ ਸਿੰਘ ਦੀਆਂ ਲਿਖੀਆਂ ਪੁਸਤਕਾਂ 'ਗੁਰਮਤਿ ਗਿਆਨ' ਲੋਕ ਅਰਪਣ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਡਾ. ਹਰਦੇਵ ਸਿੰਘ ਪ੍ਰਿੰਸੀਪਲ ਦੀਆਂ ਲਿਖੀਆਂ ਤੇ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਪ੍ਰਕਾਸ਼ਿਤ ਪੁਸਤਕਾਂ 'ਗੁਰਮਤਿ ਗਿਆਨ ਚੌਥਾ ਦਰਜਾ ਭਾਗ ਪਹਿਲਾ ਤੇ ਦੂਜਾ' ਲੋਕ ਅਰਪਣ ਕੀਤੀਆਂ।

ਪ੍ਰੈੱਸ ਦੇ ਨਾਮ ਬਿਆਨ ਜਾਰੀ ਕਰਦਿਆਂ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇਸ਼-ਵਿਦੇਸ਼ 'ਚ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਲਈ ਸਦਾ ਹੀ ਕਾਰਜਸ਼ੀਲ ਹੈ। ਅਜੋਕੇ ਅਗਾਂਹਵਧੂ ਯੁੱਗ ਵਿੱਚ ਸੰਸਥਾ ਵੱਲੋਂ ਨੌਜਵਾਨ ਪੀੜ੍ਹੀ ਨੂੰ ਅਨੇਕਾਂ ਹੀ ਸਾਧਨਾਂ ਰਾਹੀਂ ਸਿੱਖ ਵਿਰਸੇ ਨਾਲ ਜੋੜਿਆ ਜਾ ਰਿਹਾ ਹੈ। ਇਹ ਜਿੱਥੇ ਗੁਰਮਤਿ ਸਮਾਗਮਾਂ, ਕੈਂਪਾਂ, ਸੈਮੀਨਾਰਾਂ, ਧਾਰਮਿਕ ਫਿਲਮਾਂ, ਨਾਟਕਾਂ ਰਾਹੀਂ ਸੰਗਤਾਂ ਨੂੰ ਬਹੁਪੱਖੀ ਜਾਣਕਾਰੀ ਪ੍ਰਦਾਨ ਕਰਦੀ ਹੈ, ਓਥੇ ਆਪਣੇ ਧਾਰਮਿਕ ਪ੍ਰੀਖਿਆ ਵਿਭਾਗ ਰਾਹੀਂ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਸਰਕਾਰੀ ਤੇ ਗੈਰ ਸਰਕਾਰੀ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੂੰ ਆਪਣੇ ਗੌਰਵਮਈ ਇਤਿਹਾਸ ਤੇ ਮਰਯਾਦਾ ਸਬੰਧੀ ਗਿਆਨ ਦ੍ਰਿੜ੍ਹ ਕਰਵਾਉਣ ਦਾ ਕਾਰਜ ਵੀ ਕਰਦੀ ਹੈ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਕਮੇਟੀ ਹਰ ਸਾਲ ਧਾਰਮਿਕ ਪ੍ਰੀਖਿਆ ਕਰਵਾ ਕੇ ਇਸ ਵਿਚ ਸਫਲ ਹੋਣ ਵਾਲੇ ਵਿਦਿਆਰਥੀਆਂ ਨੂੰ ਪ੍ਰਮਾਣ ਪੱਤਰ ਅਤੇ ਵਜ਼ੀਫੇ ਪ੍ਰਦਾਨ ਕਰਦੀ ਹੈ।

ਉਨ੍ਹਾਂ ਕਿਹਾ ਕਿ ਹੱਥਲੀਆਂ ਦੋਵੇਂ ਪੁਸਤਕਾਂ ਸ੍ਰੀ ਗੁਰੂ ਰਾਮਦਾਸ ਖ਼ਾਲਸਾ ਸੀਨੀਅਰ ਸੈਕੰਡਰੀ ਸਕੂਲ, ਰਾਮਸਰ ਰੋਡ ਦੇ ਸਾਬਕਾ ਪ੍ਰਿੰਸੀਪਲ ਡਾ. ਹਰਦੇਵ ਸਿੰਘ ਨੇ ਬਹੁਤ ਹੀ ਲਗਨ ਤੇ ਮਿਹਨਤ ਨਾਲ ਤਿਆਰ ਕੀਤੀਆਂ ਹਨ, ਇਨ੍ਹਾਂ ਨੂੰ ਦੋ ਭਾਗਾਂ ਵਿਚ ਪ੍ਰਕਾਸ਼ਿਤ ਕੀਤਾ ਗਿਆ ਹੈ। ਪਹਿਲੇ ਭਾਗ ਵਿਚ ਗੁਰ-ਇਤਿਹਾਸ ਤੇ ਗੁਰਬਾਣੀ ਅਤੇ ਦੂਜੇ ਭਾਗ ਵਿੱਚ ਸਿੱਖ ਇਤਿਹਾਸ ਤੇ ਰਹਿਤ ਮਰਯਾਦਾ ਸਬੰਧੀ ਭਾਵ ਪੂਰਤ ਜਾਣਕਾਰੀ ਦਿੱਤੀ ਗਈ ਹੈ ਜੋ ਕਿ ਪਾਠਕਾਂ ਤੇ ਵਿਦਿਆਰਥੀਆਂ ਲਈ ਲਾਹੇਵੰਦ ਹੋਵੇਗੀ।

ਇਸ ਮੌਕੇ ਸ. ਰਜਿੰਦਰ ਸਿੰਘ ਮਹਿਤਾ ਮੈਂਬਰ ਅੰਤ੍ਰਿੰਗ ਕਮੇਟੀ, ਸ. ਮਨਜੀਤ ਸਿੰਘ ਸਕੱਤਰ, ਸ.

ਮਹਿੰਦਰ ਸਿੰਘ ਆਹਲੀ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ, ਸ. ਸਤਿੰਦਰ ਸਿੰਘ ਨਿਜੀ ਸਹਾਇਕ, ਸ. ਸਿਮਰਜੀਤ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ, ਸ. ਭੂਪਿੰਦਰ ਸਿੰਘ ਇੰਚਾਰਜ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ. ਅਰਵਿੰਦਰ ਸਿੰਘ ਸਾਸਨ ਏ ਪੀ ਆਰ ਓ ਪਬਲੀਸਿਟੀ, ਸ. ਗੁਰਿੰਦਰ ਸਿੰਘ ਨਿਜੀ ਸਹਾਇਕ, ਸ. ਕਾਰਜ ਸਿੰਘ ਤੇ ਸ. ਗੁਰਪ੍ਰੀਤ ਸਿੰਘ ਸੁਪਰਵਾਈਜ਼ਰ ਆਦਿ ਮੌਜੂਦ ਸਨ। *੮ ਜਨਵਰੀ*

## ਨਸ਼ੀਲੇ ਪਦਾਰਥਾਂ 'ਤੇ ਪਾਬੰਦੀ ਲਗਾਉਣਾ ਸ਼ਲਾਘਾਯੋਗ- ਜਥੇ. ਅਵਤਾਰ ਸਿੰਘ

ਅੰਮ੍ਰਿਤਸਰ – ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਦੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਵੱਲੋਂ ਗੁਟਖ਼ਾ, ਪਾਨ ਮਸਾਲਾ, ਤੰਬਾਕੂ ਅਤੇ ਨਿਕੋਟੀਨ ਵਰਤੋਂ ਵਾਲੇ ਪਦਾਰਥਾਂ 'ਤੇ ਪਾਬੰਦੀ ਲਗਾਉਣ ਨੂੰ ਸ਼ਲਾਘਾਯੋਗ ਉਪਰਾਲਾ ਦੱਸਿਆ ਹੈ।

ਦਫ਼ਤਰ ਤੋਂ ਜਾਰੀ ਪ੍ਰੈੱਸ ਦੇ ਨਾਮ ਬਿਆਨ ਵਿਚ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ, ਉੱਪ ਮੁੱਖ ਮੰਤਰੀ ਸ. ਸੁਖਬੀਰ ਸਿੰਘ ਬਾਦਲ ਤੇ ਪੰਜਾਬ ਸਰਕਾਰ ਇਸ ਲਈ ਵਧਾਈ ਦੀ ਪਾਤਰ ਹੈ। ਉਨ੍ਹਾਂ ਕਿਹਾ ਕਿ ਗੁਟਖ਼ਾ, ਪਾਨ ਮਸਾਲਾ, ਤੰਬਾਕੂ ਤੇ ਨਿਕੋਟੀਨ ਵਰਗੇ ਨਸ਼ੀਲੇ ਪਦਾਰਥਾਂ 'ਤੇ ਪਾਬੰਦੀ ਲਗਾਉਣ ਨਾਲ ਪੰਜਾਬ ਵਿੱਚੋਂ ਮੂੰਹ ਦੇ ਕੈਂਸਰ, ਫੇਫੜਿਆਂ ਦੇ ਕੈਂਸਰ, ਛਾਤੀ ਦੇ ਕੈਂਸਰ, ਪੇਟ ਦੇ ਕੈਂਸਰ ਤੇ ਤੰਬਾਕੂ ਤੋਂ ਲੱਗਣ ਵਾਲੀਆਂ ਭਿਅੰਕਰ ਤੇ ਨਾ-ਮੁਰਾਦ ਬੀਮਾਰੀਆਂ ਦਾ ਖਾਤਮਾ ਹੋਵੇਗਾ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੀ ਨੌਜਵਾਨ ਪੀੜ੍ਹੀ ਜੋ ਤੰਬਾਕੂਨੋਸ਼ੀ ਵਰਗੇ ਖਤਰਨਾਕ ਪਦਾਰਥਾਂ ਦਾ ਸੇਵਨ ਕਰਕੇ ਆਪਣੀ ਜਵਾਨੀ ਨੂੰ ਕੌਡੀਆਂ ਦੇ ਭਾਅ ਗਵਾ ਰਹੀ ਹੈ ਇਹ ਪਾਬੰਦੀ ਲੱਗਣ ਨਾਲ ਰਿਸ਼ਟ-ਪੁਸ਼ਟ ਹੋਣ ਦੇ ਨਾਲ-ਨਾਲ ਅੱਗੇ ਜਾ ਕੇ ਪੰਜਾਬ ਦੀ ਵਾਗਡੋਰ ਸੰਭਾਲਣ ਦੇ ਕਾਬਿਲ ਹੋਵੇਗੀ।

ਉਨ੍ਹਾਂ ਕਿਹਾ ਕਿ ਕਿਸੇ ਦੇਸ਼ ਦਾ ਭਵਿੱਖ ਨੌਜਵਾਨ ਪੀੜ੍ਹੀ ਨਾਲ ਜੁੜਿਆ ਹੁੰਦਾ ਹੈ ਤੇ ਜੇ ਉਹ ਹੀ ਨਸ਼ਿਆਂ ਵਿੱਚ ਗਲਤਾਨ ਹੋ ਕੇ ਆਪਣੀ ਜਵਾਨੀ ਨੂੰ ਅਜਾਈਂ ਗਵਾ ਲਵੇ ਤਾਂ ਉਸ ਕੌਮ ਤੇ ਦੇਸ਼ ਦਾ ਭਵਿੱਖ ਖਤਰੇ ਵਿੱਚ ਪੈ ਜਾਂਦਾ ਹੈ। ਉਨ੍ਹਾਂ ਸਮੁੱਚੇ ਪੰਜਾਬ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਇਸ ਮੁਹਿੰਮ ਵਿੱਚ ਸਾਥ ਦਿੰਦੇ ਹੋਏ ਤੰਬਾਕੂਨੋਸ਼ੀ ਵਰਗੇ ਭਿਆਨਕ ਨਸ਼ਿਆਂ ਨੂੰ ਤਿਆਗ ਕੇ ਨਿਰੋਗ ਤੇ ਸੁਖੀ ਜੀਵਨ ਜਿਊਣ ਤਾਂ ਜੋ ਉਹ ਆਪਣੇ ਦੇਸ਼ ਤੇ ਕੌਮ ਦੀ ਰੱਖਿਆ ਕਰ ਸਕਣ। *੮ ਜਨਵਰੀ*

## ਤ੍ਰੈ-ਸ਼ਤਾਬਦੀ ਕਾਲਜ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇੰਟਰ ਕਾਲਜ ਹਾਕੀ ਟੂਰਨਾਮੈਂਟ ਵਿੱਚ ਦੂਸਰਾ ਸਥਾਨ ਹਾਸਿਲ ਕੀਤਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਚਲਾਏ ਜਾ ਰਹੇ ਤ੍ਰੈ-ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇੰਟਰ ਕਾਲਜ ਹਾਕੀ ਟੂਰਨਾਮੈਂਟ 'ਚੋਂ ਦੂਸਰਾ ਸਥਾਨ ਹਾਸਿਲ ਕੀਤਾ। ਹਾਕੀ ਟੀਮ ਦੇ ਕਾਲਜ ਪਹੁੰਚਣ 'ਤੇ ਕਾਲਜ ਦੀ ਪ੍ਰਿੰਸੀਪਲ ਬੀਬੀ ਜਤਿੰਦਰ ਕੌਰ ਨੇ ਖਿਡਾਰੀਆਂ ਨੂੰ ਇਸ ਸ਼ਾਨਦਾਰ ਜਿੱਤ ਦੀ ਵਧਾਈ ਦਿੱਤੀ ਤੇ ਸਨਮਾਨਿਤ ਕੀਤਾ।

ਪ੍ਰਿੰਸੀਪਲ ਜਤਿੰਦਰ ਕੌਰ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੁਚੱਜੀ ਅਗਵਾਈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਸਟਾਫ਼ ਤੇ ਹਾਕੀ ਟੀਮ ਦੀ ਦਿਨ ਰਾਤ ਦੀ ਮਿਹਨਤ ਸਦਕਾ ਹੀ ਇੰਟਰ ਕਾਲਜ ਹਾਕੀ ਟੂਰਨਾਮੈਂਟ 'ਚੋਂ ਦੂਸਰਾ ਸਥਾਨ ਪ੍ਰਾਪਤ ਹੋ ਸਕਿਆ ਹੈ। ਉਨ੍ਹਾਂ ਕਿਹਾ ਕਿ ਇਸ ਕਾਲਜ ਵਿੱਚ

ਉੱਚ ਵਿਦਿਆ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਬਾਣੀ ਤੇ ਬਾਣੇ ਨਾਲ ਜੋੜ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਲਈ ਪ੍ਰੇਰਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕਾਲਜ ਦੇ ਮਿਹਨਤੀ ਦੇ ਤਜਰਬੇਕਾਰ ਸਟਾਫ਼ ਅਤੇ ਵਿਦਿਆਰਥੀਆਂ ਦੀ ਲਗਨ ਸਦਕਾ ਇਸ ਕਾਲਜ ਨੇ ਸੱਭਿਆਚਾਰ ਤੇ ਖੇਡਾਂ ਦੇ ਖੇਤਰ ਵਿੱਚ ਵੀ ਵੱਡਮੁੱਲਾ ਯੋਗਦਾਨ ਪਾ ਕੇ ਨਾਮਨਾ ਖੱਟਿਆ ਹੈ। ਉਨ੍ਹਾਂ ਕਿਹਾ ਕਿ ਕਾਲਜ ਦੇ ਵਿਦਿਆਰਥੀਆਂ ਵੱਲੋਂ ਹਾਕੀ ਵਿੱਚ ਦੂਸਰਾ ਸਥਾਨ ਹਾਸਿਲ ਕਰਨ ਦੇ ਨਾਲ-ਨਾਲ ਬੈਡਮਿੰਟਨ ਵਿੱਚ ਤੀਸਰਾ, ਬਾਲ ਬੈਡਮਿੰਟਨ ਵਿੱਚ ਦੂਸਰਾ, ਫੁੱਟਬਾਲ ਵਿੱਚ ਪੰਜਵਾਂ ਤੇ ਟੇਬਲ ਟੈਨਿਸ ਵਿੱਚ ਪੰਜਵਾਂ ਸਥਾਨ ਹਾਸਿਲ ਕੀਤਾ ਹੈ। ਖਿਡਾਰੀਆਂ ਨੂੰ ਸਨਮਾਨਿਤ ਕਰਨ ਮੌਕੇ ਪ੍ਰਿੰਸੀਪਲ ਜਤਿੰਦਰ ਕੌਰ ਦੇ ਨਾਲ ਪ੍ਰੋ. ਗੁਰਜੀਤ ਸਿੰਘ, ਸ. ਅਮਰ ਸਿੰਘ ਸੁਪ੍ਰਿੰਟੈਂਡੈਂਟ ਤੇ ਸ. ਸੁਖਦੀਪ ਸਿੰਘ ਡੀ.ਪੀ.ਈ. ਮੌਜੂਦ ਸਨ। *੯ ਜਨਵਰੀ*

## ਸ਼੍ਰੋਮਣੀ ਕਮੇਟੀ ਵੱਲੋਂ ਕਰਵਾਇਆ ਜਾਣ ਵਾਲਾ ਵਿਸ਼ਵ ਪੰਜਾਬੀ ਭਾਸ਼ਾ ਸੰਮੇਲਨ ਮੁਲਤਵੀ- ਬੇਦੀ

ਅੰਮ੍ਰਿਤਸਰ- ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਸ਼੍ਰੋਮਣੀ ਕਮੇਟੀ ਵੱਲੋਂ ੫ ਤੋਂ ੭ ਫਰਵਰੀ ੨੦੧੬ ਨੂੰ ਹੋਣ ਵਾਲਾ ਤਿੰਨ ਰੋਜ਼ਾ ਵਿਸ਼ਵ ਪੰਜਾਬੀ ਭਾਸ਼ਾ ਸੰਮੇਲਨ ਮੁਲਤਵੀ ਕਰ ਦਿੱਤਾ ਗਿਆ ਹੈ। ਦਫ਼ਤਰ ਤੋਂ ਜਾਰੀ ਪ੍ਰੈਸ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਾਣਕਾਰੀ ਦਿੱਤੀ ਕਿ ਵਿਦੇਸ਼ਾਂ ਤੋਂ ਆਉਣ ਵਾਲੇ ਬੁੱਧੀਜੀਵੀਆਂ, ਵਿਦਵਾਨਾਂ ਤੇ ਪੰਜਾਬੀ ਭਾਸ਼ਾ ਮਾਹਿਰਾਂ ਦੇ ਸੁਝਾਅ ਆਉਣ ਕਾਰਣ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ੫ ਤੋਂ ੭ ਫਰਵਰੀ ਨੂੰ ਹੋਣ ਵਾਲਾ ਤਿੰਨ ਰੋਜਾ ਵਿਸ਼ਵ ਪੰਜਾਬੀ ਭਾਸ਼ਾ ਸੰਮੇਲਨ ਮੁਲਤਵੀ ਕਰ ਦਿੱਤਾ ਗਿਆ ਹੈ। ਸ. ਬੇਦੀ ਨੇ ਦੱਸਿਆ ਕਿ ਕਿ ਇਹ ਸੰਮੇਲਨ ਪਹਿਲਾਂ ੨੩-੨੪ ਅਕਤੂਬਰ ੨੦੧੫ ਨੂੰ ਹੋਣਾ ਸੀ, ਪਰ ਪੰਜਾਬ ਵਿੱਚ ਅਣ-ਸੁਖਾਵੇਂ ਹਾਲਾਤ ਪੈਦਾ ਹੋਣ ਕਾਰਣ ਅੱਗੇ ਪਾ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਵਾਰ ਵੀ ਇਸ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਸਨ, ਪਰ ਵਿਦੇਸ਼ਾਂ ਤੋਂ ਮਿਲਣ ਵਾਲੇ ਸੁਜਾਵਾਂ ਕਾਰਣ ਇਸ ਨੂੰ ਫਿਲਹਾਲ ਮੁਲਤਵੀ ਕਰ ਦਿੱਤਾ ਗਿਆ ਹੈ। *੧੧ ਜਨਵਰੀ*

## ਧਾਰਮਿਕ ਪ੍ਰੀਖਿਆ ਲੈਣ ਵਾਲੇ ਅਧਿਆਪਕ ਨਿਗਰਾਨ ਵਜੋਂ ਨਿਰਪੱਖ ਭੂਮਿਕਾ ਨਿਭਾਉਣ- ਡਾ. ਰੂਪ ਸਿੰਘ

### ਧਰਮ ਪ੍ਰਚਾਰ ਕਮੇਟੀ ਵੱਲੋਂ ਵੱਖ-ਵੱਖ ਕਾਲਜਾਂ ਦੇ ਅਧਿਆਪਕਾਂ ਨਾਲ ਇਕੱਤਰਤਾ

ਅੰਮ੍ਰਿਤਸਰ- ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਦੀ ਦਰਜਾ ਤੀਜਾ ਤੇ ਦਰਜਾ ਚੌਥਾ ਦੀ ਧਾਰਮਿਕ ਪ੍ਰੀਖਿਆ ਸਬੰਧੀ ਵੱਖ-ਵੱਖ ਕਾਲਜਾਂ ਦੇ ਅਧਿਆਪਕਾਂ ਨਾਲ ਵਿਸੇਸ਼ ਇਕੱਤਰਤਾ ਸਥਾਨਕ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਈ।

ਇਕੱਤਰਤਾ ਸਮੇਂ ਡਾ. ਰੂਪ ਸਿੰਘ ਸਕੱਤਰ ਨੇ ਧਾਰਮਿਕ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਵੱਲੋਂ ਧਾਰਮਿਕ ਪ੍ਰੀਖਿਆ ਲੈਣ ਦਾ ਮੁੱਖ ਮਕਸਦ ਵਿਦਿਆਰਥੀਆਂ ਦੀ ਯੋਗਤਾ ਪਰਖਣ ਤੱਕ ਸੀਮਤ ਨਹੀਂ ਹੈ ਬਲਕਿ ਆਪਣੇ ਆਪ ਦੀ ਸਵੈ-ਪੜਚੋਲ ਕਰਨਾ ਵੀ ਹੈ। ਉਨ੍ਹਾਂ ਕਿਹਾ ਕਿ ਨੈਤਿਕ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਣ ਲਈ ਅਧਿਆਪਕਾਂ ਤੋਂ ਗੁਰੂ ਪਾਤਸ਼ਾਹ ਵੱਲੋਂ ਸੌਂਪੀ ਗਈ ਇਹ ਸੇਵਾ ਨਿਗਰਾਨ ਵਜੋਂ ਲਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦਾ ਵੀ ਇਹ ਮੁੱਢਲਾ ਫਰਜ਼ ਹੈ ਕਿ ਉਹ ਆਪਣੇ ਵਿਸ਼ੇ ਵਿੱਚ ਪਰੱਪਕ ਹੋਣ ਤਾਂ

ਹੀ ਉਹ ਵਿਦਿਆਰਥੀਆਂ ਨੂੰ ਧਰਮ ਨਾਲ ਜੋੜਣ ਵਿੱਚ ਕਾਮਯਾਬ ਹੋ ਸਕਦੇ ਹਨ। ਇਸ ਸਮੇਂ ਉਨ੍ਹਾਂ ਇਕੱਤਰਤਾ 'ਚ ਸ਼ਾਮਲ ਹੋਣ ਆਏ ਕਾਲਜ ਦੇ ਅਧਿਆਪਕਾਂ ਦਾ ਧਰਮ ਪ੍ਰਚਾਰ ਕਮੇਟੀ ਵੱਲੋਂ ਧੰਨਵਾਦ ਵੀ ਕੀਤਾ।

ਧਾਰਮਿਕ ਪ੍ਰੀਖਿਆ ਸਬੰਧੀ ਅਧਿਆਪਕਾਂ ਨੂੰ ਜ਼ਰੂਰੀ ਹਦਾਇਤਾਂ ਦਿੰਦਿਆਂ ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ ਧਰਮ ਪ੍ਰਚਾਰ ਕਮੇਟੀ ਨੇ ਕਿਹਾ ਕਿ ਪ੍ਰਸ਼ਨ ਪੱਤਰ ਪ੍ਰਿੰਸੀਪਲ ਜਾਂ ਉਨ੍ਹਾਂ ਦੇ ਨੁਮਾਇੰਦੇ ਦੀ ਹਾਜ਼ਰੀ ਵਿੱਚ ਹੀ ਖੋਲ੍ਹੇ ਜਾਣ। ਉਨ੍ਹਾਂ ਕਿਹਾ ਕਿ ਪ੍ਰੀਖਿਆ ਲਈ ਹਾਜ਼ਰ ਹੋਏ ਵਿਦਿਆਰਥੀਆਂ ਦੀ ਰੋਜ਼ਾਨਾ ਹਾਜ਼ਰੀ, ਨੀਯਤ ਫਾਰਮ ਪੁਰ ਲਗਾਈ ਜਾਵੇ ਤੇ ਹੱਲ ਹੋਈਆਂ ਉੱਤਰ ਕਾਪੀਆਂ ਸਮੇਤ ਤਸਦੀਕ ਫਾਰਮ ਪੇਪਰ ਖਤਮ ਹੋਣ ਤੋਂ ਤੁਰੰਤ ਬਾਅਦ ਸੀਲ ਕਰ ਦਿੱਤੀਆਂ ਜਾਣ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਤਰ੍ਹਾਂ ਦੀ ਅਣਗਹਿਲੀ ਹੋਣ 'ਤੇ ਸਬੰਧਤ ਖੁਦ ਜ਼ਿੰਮੇਵਾਰ ਤੇ ਜਵਾਬਦੇਹ ਹੋਵੇਗਾ।

*੧੨ ਜਨਵਰੀ*

## ਜਥੇਦਾਰ ਅਵਤਾਰ ਸਿੰਘ ਨੇ ਸੜਕ ਹਾਦਸੇ 'ਚ ਮਾਰੇ ਗਏ ਸਕੂਲੀ ਬੱਚਿਆਂ ਪ੍ਰਤੀ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਫਤਹਿਗੜ੍ਹ ਚੂੜੀਆਂ ਤੋਂ ਦੋ ਕਿਲੋਮੀਟਰ ਦੂਰ ਮਜੀਠਾ ਰੋਡ 'ਤੇ ਪਿੰਡ ਪਿੰਡੀ ਦੇ ਨਜ਼ਦੀਕ ਪੈਂਦੀ ਡਰੇਨ ਵਿੱਚ ਸਕੂਲੀ ਬੱਚਿਆਂ ਦੀ ਬੱਸ ਡਿੱਗਣ ਕਾਰਨ ਦਰਦਨਾਕ ਹਾਦਸੇ ਵਿੱਚ ਮਾਰੇ ਗਏ ਤਿੰਨ ਬੱਚਿਆਂ ਪ੍ਰਤੀ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਜ਼ਖਮੀ ਹੋਏ ਬੱਚਿਆਂ ਦੇ ਜਲਦੀ ਤੰਦਰੁਸਤ ਹੋਣ ਦੀ ਕਾਮਨਾ ਕੀਤੀ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਦੇ ਪਿੰਡ ਵਡਾਲਾ ਦੇ ਰਹਿਣ ਵਾਲੇ ਸੜਕ ਹਾਦਸੇ ਵਿੱਚ ਮਾਰੇ ਗਏ ਬੱਚਿਆਂ ਦੇ ਪਰਿਵਾਰਾਂ ਲਈ ਇਹ ਬਹੁਤ ਦੁੱਖਦਾਈ ਤੇ ਅਸਹਿ ਘਟਨਾ ਹੈ। ਉਨ੍ਹਾਂ ਕਿਹਾ ਕਿ ਹਰ ਮਾਂ-ਬਾਪ ਦਾ ਆਪਣੇ ਬੱਚਿਆਂ ਨਾਲ ਬੇਹੱਦ ਮੋਹ ਹੁੰਦਾ ਹੈ, ਪਰ ਜਦੋਂ ਅਜਿਹੀਆਂ ਦਿਲ ਨੂੰ ਡੂੰਘੀ ਸੱਟ ਪਹੁੰਚਾਉਣ ਵਾਲੀਆਂ ਘਟਨਾਵਾਂ ਵਾਪਰਦੀਆਂ ਹਨ ਤਦ ਸਥਿਤੀ ਨੂੰ ਸੰਭਾਲਣਾ ਬਹੁਤ ਮੁਸ਼ਕਿਲ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਬੱਚੇ ਇਸ ਸੜਕ ਹਾਦਸੇ 'ਚ ਮਾਰੇ ਗਏ ਹਨ ਉਨ੍ਹਾਂ ਪ੍ਰਤੀ ਅਰਦਾਸ ਹੈ ਕਿ ਪਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਤੇ ਜ਼ਖਮੀ ਹੋਏ ਬੱਚੇ ਜਲਦੀ ਸਿਹਤਯਾਬ ਹੋ ਕੇ ਆਪਣੇ-ਆਪਣੇ ਪਰਿਵਾਰਾਂ ਵਿੱਚ ਵਿਚਰਨ।

*੧੩ ਜਨਵਰੀ*

## ਜਥੇਦਾਰ ਅਵਤਾਰ ਸਿੰਘ ਨੇ ਗੋਲੀ ਲੱਗਣ ਕਾਰਨ ਜ਼ਖਮੀ ਹੋਏ ਭਾਈ ਗੁਰਪ੍ਰੀਤ ਸਿੰਘ ਦਾ ਹਾਲ-ਚਾਲ ਪੁੱਛਿਆ- ਬੇਦੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੁਰੱਖਿਆ ਦਸਤੇ ਦੇ ਸੇਵਾਦਾਰ ਭਾਈ ਗੁਰਪ੍ਰੀਤ ਸਿੰਘ ਜੱਬੋਵਾਲ ਨੂੰ ਡਿਊਟੀ ਦੌਰਾਨ ਗੋਲੀ ਲੱਗਣ 'ਤੇ ਮੰਦਭਾਗੀ ਘਟਨਾ ਦੱਸਿਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਕੀਤਾ। ਸ. ਬੇਦੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਈ ਗੁਰਪ੍ਰੀਤ ਸਿੰਘ ਦੁੱਖ ਭੰਜਨੀ ਬੇਰੀ ਕੋਲ ਆਪਣੀ ਡਿਊਟੀ 'ਤੇ ਤਾਇਨਾਤ ਸੀ ਕਿ ਅਚਾਨਕ ਬਾਹਰੋਂ ਹਵਾਈ ਫਾਇਰ ਰਾਹੀਂ ਆਈ ਗੋਲੀ ਉਸਦੀ ਦਸਤਾਰ 'ਚੋਂ ਲੰਘਦੀ ਹੋਈ ਛਾਤੀ ਦੇ ਖੱਬੇ ਪਾਸੇ ਜਾ ਲੱਗੀ। ਜਿਸ ਨਾਲ ਭਾਈ ਗੁਰਪ੍ਰੀਤ ਸਿੰਘ ਮਾਮੂਲੀ ਜ਼ਖ਼ਮੀ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਭਾਈ ਗੁਰਪ੍ਰੀਤ ਸਿੰਘ ਇਸ ਸਮੇਂ ਸ੍ਰੀ ਗੁਰੂ ਰਾਮਦਾਸ ਹਸਪਤਾਲ, ਨੇੜੇ ਗੁਰਦੁਆਰਾ ਸ਼ਹੀਦ ਗੰਜ ਵਿਖੇ ਐਮਰਜੈਂਸੀ ਵਾਰਡ ਵਿੱਚ ਦਾਖਲ ਹੈ ਤੇ ਉਸਦੀ ਹਾਲਤ ਬਿਲਕੁਲ ਸਥਿਰ ਹੈ। ਉਨ੍ਹਾਂ ਦੱਸਿਆ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪਤਾ ਲੱਗਣ 'ਤੇ ਉਨ੍ਹਾਂ

ਤੁਰੰਤ ਭਾਈ ਗੁਰਪ੍ਰੀਤ ਸਿੰਘ ਦਾ ਫ਼ੋਨ 'ਤੇ ਹਾਲ ਚਾਲ ਪੁੱਛਿਆ ਤੇ ਸ੍ਰੀ ਗੁਰੂ ਰਾਮਦਾਸ ਹਸਪਤਾਲ ਦੇ ਡਾਕਟਰਾਂ ਨੂੰ ਭਾਈ ਗੁਰਪ੍ਰੀਤ ਸਿੰਘ ਦਾ ਹਰ ਤਰ੍ਹਾਂ ਨਾਲ ਖਿਆਲ ਰੱਖਣ ਲਈ ਕਿਹਾ। ਸ. ਬੇਦੀ ਨੇ ਦੱਸਿਆ ਕਿ ਮੌਕੇ 'ਤੇ ਹੀ ਮੇਰੇ ਸਮੇਤ ਭਾਈ ਗੁਰਪ੍ਰੀਤ ਸਿੰਘ ਦਾ ਹਾਲ ਚਾਲ ਪੁੱਛਣ ਲਈ ਸ੍ਰੀ ਗੁਰੂ ਰਾਮਦਾਸ ਹਸਪਤਾਲ ਵਿਖੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਹਰਚਰਨ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ, ਵਧੀਕ ਮੈਨੇਜਰ ਸ. ਲਖਬੀਰ ਸਿੰਘ ਤੇ ਸ. ਬਘੇਲ ਸਿੰਘ ਪਹੁੰਚੇ।

ਉਨ੍ਹਾਂ ਕਿਹਾ ਕਿ ਉੱਚ ਅਧਿਕਾਰੀਆਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿੱਚ ਪੂਰੀ ਚੌਕਸੀ ਰੱਖਣ ਲਈ ਮੈਨੇਜਰ ਸ. ਸੁਲੱਖਣ ਸਿੰਘ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸਟਾਫ਼ ਤੇ ਪੁਲੀਸ ਵੱਲੋਂ ਇਸਦੇ ਅੰਦਰ ਤੇ ਚਾਰ ਚੁਫੇਰੇ ਪੂਰੀ ਚੌਕਸੀ ਵਰਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਾਲਾਤ ਪੂਰੀ ਤਰ੍ਹਾਂ ਸੁਖਾਵੇਂ ਤੇ ਸ਼ਾਂਤ ਹਨ ਤੇ ਦਰਸ਼ਨ ਕਰਨ ਵਾਲੀਆਂ ਸ਼ਰਧਾਲੂ ਸੰਗਤਾਂ ਅਸਾਨੀ ਨਾਲ ਆ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰ ਤੇ ਪੁਲੀਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਗਈ ਹੈ ਕਿ ਭਾਵੇਂ ਇਹ ਗੋਲੀ ਡਿਊਟੀ 'ਤੇ ਤਾਇਨਾਤ ਸੇਵਾਦਾਰ ਨੂੰ ਬਾਹਰੋਂ ਅਚਾਨਕ ਆ ਕੇ ਲੱਗੀ ਹੈ ਪਰ ਫਿਰ ਵੀ ਇਸ ਦੀ ਪੂਰੀ ਤਰ੍ਹਾਂ ਛਾਣਬੀਣ ਕਰਕੇ ਦੋਸ਼ੀ ਦੀ ਭਾਲ ਕਰਕੇ ਉਸ ਉੱਪਰ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ। *੧੪ ਜਨਵਰੀ*

## ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਦੇ ਅੰਦਰ ਕੋਈ ਗੋਲੀ ਨਹੀਂ ਚੱਲੀ

ਅੰਮ੍ਰਿਤਸਰ- ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਪ੍ਰਾਪਤ ਸੂਚਨਾ ਅਨੁਸਾਰ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਵਿਖੇ ਕਿਸੇ ਸ਼ਰਧਾਲੂ ਔਰਤ ਦੇ ਬਾਹਰੋ ਆਈ ਗੋਲੀ ਦਾ ਛਰਾ ਲੱਗਾ ਹੈ। ਇਹ ਤਾਂ ਸਪੱਸ਼ਟ ਹੈ ਕਿ ਇਹ ਗੋਲੀ ਦਾ ਛਰਾ ਬਾਹਰੋਂ ਆਇਆ ਹੈ ਪਰ ਇਹ ਸਪੱਸ਼ਟ ਨਹੀਂ ਹੋ ਸਕਿਆ ਕਿ ਇਹ ਕਿਸ ਪਾਸਿਓਂ ਆਇਆ ਤੇ ਗੋਲੀ ਕਿਸ ਨੇ ਚਲਾਈ ਹੈ। ਉਨ੍ਹਾਂ ਦੱਸਿਆ ਕਿ ਸ. ਜਰਨੈਲ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਨੇ ਤਰੁੰਤ ਹਰਕਤ ਵਿਚ ਆਉਂਦਿਆਂ ਪੁਲਿਸ ਨੂੰ ਇਤਲਾਹ ਦੇ ਦਿੱਤੀ ਅਤੇ ਡੀ.ਐਸ.ਪੀ. ਸਮੇਤ ਪੁਲਿਸ ਪਾਰਟੀ ਨੇ ਮੌਕੇ 'ਤੇ ਪਹੁੰਚ ਕੇ ਤਫਤੀਸ਼ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਗੋਲੀ ਗੁਰਦੁਆਰਾ ਸਾਹਿਬ ਦੇ ਅੰਦਰੋਂ ਨਹੀਂ ਚੱਲੀ।

ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਸਮੁੱਚੀ ਸੰਗਤ ਨੂੰ ਅਜਿਹੀਆਂ ਅਫਵਾਹਾਂ ਤੋਂ ਸੁਚੇਤ ਰਹਿਣਾ ਚਾਹੀਦਾ ਹੈ ਕਿਉਂਕਿ ਅਜਿਹੀਆਂ ਅਫਵਾਹਾਂ ਨਾਲ ਗੁਰਦੁਆਰਾ ਸਾਹਿਬ ਆਉਣ ਵਾਲੀਆਂ ਸੰਗਤਾਂ ਨੂੰ ਠੇਸ ਪਹੁੰਚਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਗੁਰਦੁਆਰਾ ਪ੍ਰਬੰਧ ਨੂੰ ਸੁਰੱਖਿਅਤ ਤੇ ਸੁਚਾਰੂ ਰੂਪ ਨਾਲ ਚਲਾਉਣ ਲਈ ਸ਼੍ਰੋਮਣੀ ਕਮੇਟੀ ਹਮੇਸ਼ਾ ਤੱਤਪਰ ਰਹਿੰਦੀ ਹੈ ਅਤੇ ਪੁਲਿਸ ਪ੍ਰਸ਼ਾਸਨ ਨਾਲ ਹਮੇਸ਼ਾਂ ਸੁਰੱਖਿਆ ਸਬੰਧੀ ਰਾਬਤਾ ਬਣਿਆ ਹੁੰਦਾ ਹੈ। *੨੦ ਜਨਵਰੀ*

## ਸ੍ਰੀ ਗੁਰੂ ਰਾਮਦਾਸ ਦੇ ਦਰ-ਘਰ ਦੀ ਸੇਵਾ ਕਿਸੇ ਵੱਡਭਾਗੇ ਮਨੁੱਖ ਨੂੰ ਹੀ ਮਿਲਦੀ ਹੈ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਰਿ ਕੀ ਪਉੜੀ 'ਤੇ ਸੋਨੇ ਦੀ ਛੱਤ ਦੀ ਕਰਵਾਈ ਜਾ ਰਹੀ ਸੇਵਾ ਦੀ ਆਰੰਭਕ ਅਰਦਾਸ ਵਿੱਚ ਸ਼ਾਮਿਲ ਹੋਏ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪਾਸੇ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਜੀ ਸ਼ਹੀਦ ਦੇ ਨਾਲ ਨਵੇਂ ਬਣੇ ਦਫ਼ਤਰ ਸ੍ਰੀ ਅਖੰਡਪਾਠਾਂ ਦਾ ਉਦਘਾਟਨ ਕੀਤਾ। ਅਰਦਾਸ ਭਾਈ ਸੁਲਤਾਨ ਸਿੰਘ ਨੇ ਕੀਤੀ।

ਉਨ੍ਹਾਂ ਕਿਹਾ ਕਿ 'ਹਰਿ ਕੀ ਪਉੜੀ ਵਿਖੇ ਅੰਮ੍ਰਿਤ ਦਾ ਚੂਲਾ ਲੈਣ ਵਾਲੀ ਜਗ੍ਹਾ ਉੱਪਰ ਪੁਰਾਣੀ ਕਿਸਮ ਦੀ ਲੱਕੜੀ ਦੀ ਛੱਤ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਇਸ 'ਤੇ ਆਧੁਨਿਕ ਢੰਗ ਨਾਲ ਸੁੰਦਰ ਸੋਨੇ ਦੀ ਛੱਤ ਬਨਾਉਣ ਦੀ ਸੇਵਾ ਪ੍ਰਬੰਧਕ ਕਮੇਟੀ ਗੁਰਦੁਆਰਾ ਸਾਹਿਬਾਨ ਸੈਕਸ਼ਨ-੮੫ ਵੱਲੋਂ ਬੀਬੀ ਮਨਿੰਦਰ ਕੌਰ ਬੇਦੀ ਮੁੰਬਈ ਵਾਲਿਆਂ ਵੱਲੋਂ ਬੇਨਤੀ ਕਰਨ 'ਤੇ ਉਨ੍ਹਾਂ ਨੂੰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸੇਵਾ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਇਮਾਰਤ ਨਾਲ ਕੋਈ ਛੇੜ-ਛਾੜ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਏਥੇ ਪਹਿਲਾਂ ਸਟੀਲ ਦਾ ਵਧੀਆ ਢਾਂਚਾ ਲਗਵਾ ਕੇ ਫੇਰ ਕਾਪਰ ਦਾ ਕੰਮ ਕਰਵਾ ਕੇ ਸੋਨੇ ਦੇ ਪੱਤਰੇ ਚੜ੍ਹਾਏ ਜਾਣਗੇ। ਉਨ੍ਹਾਂ ਕਿਹਾ ਕਿ ਇਹ ਸੇਵਾ ਲੱਗਭੱਗ ਛੇ ਮਹੀਨਿਆ ਵਿੱਚ ਸਮਾਪਤ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਬਾਬਾ ਗੁਰਬਖਸ਼ ਸਿੰਘ ਜੀ ਸ਼ਹੀਦ ਦੇ ਗੁਰਦੁਆਰਾ ਸਾਹਿਬਾਨ ਦੇ ਨਾਲ ਬਣੇ ਦਫ਼ਤਰ ਸ੍ਰੀ ਅਖੰਡਪਾਠਾਂ ਦੀ ਸੇਵਾ ਸ. ਸਵਿੰਦਰਪਾਲ ਸਿੰਘ ਨੂੰ ਉਨ੍ਹਾਂ ਦੀ ਬੇਨਤੀ ਕਰਨ ਤੇ ਦਿੱਤੀ ਗਈ ਸੀ ਜੋ ਅੱਜ ਮੁਕੰਮਲ ਹੋ ਗਈ ਹੈ। ਉਨ੍ਹਾਂ ਕਿਹਾ ਕਿ ਬੀਬੀ ਮਨਿੰਦਰ ਕੌਰ ਬੇਦੀ ਤੇ ਸ. ਸਵਿੰਦਰਪਾਲ ਸਿੰਘ ਦੋਵੇਂ ਪਰਿਵਾਰ ਹੀ ਗੁਰੂ ਘਰ ਦੇ ਪ੍ਰੀਤਵਾਨ ਸ਼ਰਧਾਲੂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਦੇ ਦਰ-ਘਰ 'ਤੇ ਕੀਤੀ ਸੇਵਾ ਦੀ ਘਾਲ ਥਾਏਂ ਪੈਂਦੀ ਹੈ ਤੇ ਇਹ ਸੇਵਾ ਕਿਸੇ ਵੱਡਭਾਗੇ ਮਨੁੱਖ ਨੂੰ ਹੀ ਮਿਲਦੀ ਹੈ। ਇਸ ਉਪਰੰਤ ਉਨ੍ਹਾਂ ਦਫ਼ਤਰ ਸ੍ਰੀ ਅਖੰਡਪਾਠਾਂ ਵਿਖੇ ਸ. ਸਵਿੰਦਰਪਾਲ ਸਿੰਘ ਦੇ ਭਰਾ ਸ. ਇੰਦਰਪਾਲ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

ਇਸ ਮੌਕੇ ਡਾ. ਰੂਪ ਸਿੰਘ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ, ਸ. ਸਤਬੀਰ ਸਿੰਘ ਓ.ਐੱਸ.ਡੀ., ਸ. ਸਤਿੰਦਰ ਸਿੰਘ ਨਿਜੀ ਸਹਾਇਕ, ਸ. ਸੁਖਰਾਜ ਸਿੰਘ, ਸ. ਲਖਬੀਰ ਸਿੰਘ ਤੇ ਸ. ਬਘੇਲ ਸਿੰਘ ਵਧੀਕ ਮੈਨੇਜਰ, ਸ. ਇਕਬਾਲ ਸਿੰਘ ਮੁਖੀ ਵਧੀਕ ਮੈਨੇਜਰ, ਸ. ਗੁਰਬਚਨ ਸਿੰਘ ਪੀ.ਆਰ.ਓ. ਤੇ ਸ. ਗੁਰਵਿੰਦਰ ਸਿੰਘ ਨਿਜੀ ਸਹਾਇਕ ਆਦਿ ਮੌਜੂਦ ਸਨ। *੨੧ ਜਨਵਰੀ*

## ਜਥੇ. ਅਵਤਾਰ ਸਿੰਘ ਵੱਲੋਂ ਨਾਨਕਸ਼ਾਹੀ ਸੰਮਤ ੫੪੮ ਦਾ ਕੈਲੰਡਰ ਰਿਲੀਜ਼

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਫ਼ਤਰ ਸ਼੍ਰੋਮਣੀ ਕਮੇਟੀ ਦੇ ਇਕੱਤਰਤਾ ਹਾਲ ਵਿਖੇ ਨਾਨਕਸ਼ਾਹੀ ਸੰਮਤ ੫੪੮ (੨੦੧੬-੧੭) ਦਾ ਕੈਲੰਡਰ ਰਿਲੀਜ਼ ਕੀਤਾ।

ਇਸ ਮੌਕੇ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਬੜੀ ਖੁਸ਼ੀ ਦੀ ਗੱਲ ਹੈ ਕਿ ਅੱਜ ਨਾਨਕਸ਼ਾਹੀ ਸੰਮਤ ੫੪੮ ਕੈਲੰਡਰ ਤੇ ਜੰਤਰੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਰਹਿਨੁਮਾਈ ਹੇਠ ਪ੍ਰਕਾਸ਼ਿਤ ਕਰਕੇ ਰਿਲੀਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਦਾ ਨਾਨਕਸ਼ਾਹੀ ਕੈਲੰਡਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ੩੫੦ ਸਾਲਾ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕੀਤਾ ਗਿਆ ਹੈ, ਜਿਸ ਵਿੱਚ ਦਸਮ ਪਿਤਾ ਨਾਲ ਸਬੰਧਤ ਇਤਿਹਾਸਕ ਸ਼ਸਤਰਾਂ ਤੇ ਅਸਥਾਨਾਂ ਦੀਆਂ ਤਸਵੀਰਾਂ ਨੂੰ ਪ੍ਰਕਾਸ਼ਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਦੋ ਡਿਜ਼ਾਇਨਾਂ ਦਾ ਰੰਗਦਾਰ ਨਾਨਕਸ਼ਾਹੀ ਕੈਲੰਡਰ ੧ ਪਰਤ ਅਤੇ ੪ ਪਰਤਾਂ ਵਾਲਾ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਟੇਬਲ ਕੈਲੰਡਰ ਤੇ ਡਾਇਰੀ ਦੀ ਛਪਾਈ ਵੀ ਕਰਵਾਈ ਜਾ ਰਹੀ ਹੈ ਜਿਸ ਨੂੰ ਜਲਦੀ ਰਿਲੀਜ਼ ਕੀਤਾ ਜਾਵੇਗਾ। ਉਨ੍ਹਾਂ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜਾਰੀ ਕੀਤੇ ਗਏ ਨਾਨਕਸ਼ਾਹੀ ਕੈਲੰਡਰ ਮੁਤਾਬਿਕ ਗੁਰੂ ਸਾਹਿਬਾਨ ਨਾਲ ਸਬੰਧਤ ਪੁਰਬ ਤੇ ਦਿਨ-ਦਿਹਾੜੇ ਮਨਾਉਣ।

ਇਸ ਮੌਕੇ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਕਮੇਟੀ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਮਹਿੰਦਰ ਸਿੰਘ ਆਹਲੀ ਵਧੀਕ ਸਕੱਤਰ, ਸ. ਸਤਿੰਦਰ ਸਿੰਘ ਨਿਜੀ ਸਹਾਇਕ, ਸ. ਸੁਲੱਖਣ ਸਿੰਘ ਮੈਨੇਜਰ, ਸ. ਸਤਬੀਰ ਸਿੰਘ ਓ.ਐੱਸ.ਡੀ. ਤੇ ਸ. ਸਿਮਰਜੀਤ ਸਿੰਘ ਮੀਤ ਸਕੱਤਰ ਆਦਿ ਹਾਜ਼ਰ ਸਨ। *੨੨ ਜਨਵਰੀ*

# ਆਂਧਰਾ ਪ੍ਰਦੇਸ਼ ਤੇ ਆਸਾਮ ਵਿਖੇ ਸਿੱਖ ਮਿਸ਼ਨ ਸਥਾਪਿਤ ਕੀਤੇ ਜਾਣਗੇ- ਜਥੇਦਾਰ ਅਵਤਾਰ ਸਿੰਘ

## ਭਗਤ ਧੰਨਾ ਜੀ ਦਾ ਜਨਮ ਦਿਹਾੜਾ ਤੇ ਬਾਬਾ ਬੰਦਾ ਸਿੰਘ ਬਹਾਦਰ ਦਾ ਸ਼ਹੀਦੀ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਏ ਜਾਣਗੇ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਹਾਟੀ (ਆਸਾਮ) ਅਤੇ ਵਿਸ਼ਾਖਾਪਟਨਮ (ਆਂਧਰਾ ਪ੍ਰਦੇਸ਼) ਵਿਖੇ ਸਿੱਖ ਮਿਸ਼ਨਾਂ ਦੀ ਸਥਾਪਨਾ ਕੀਤੀ ਜਾਵੇਗੀ। ਇਥੋਂ ਜਾਰੀ ਪ੍ਰੈੱਸ ਨੋਟ ਵਿੱਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਜਿੱਥੇ ਪੰਜਾਬ ਤੇ ਹਰਿਆਣਾ ਵਿੱਚ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਲਈ ਗੁਰਬਾਣੀ ਕੰਠ ਤੇ ਸਿੱਖ ਇਤਿਹਾਸ ਸਬੰਧੀ ਮੁਕਾਬਲੇ ਤੇ ਥਾਂ-ਥਾਂ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ, ਓਥੇ ਸ਼੍ਰੋਮਣੀ ਕਮੇਟੀ ਵੱਲੋਂ ਵਿਸ਼ੇਸ਼ ਉਪਰਾਲਿਆਂ ਤਹਿਤ ਗੁਹਾਟੀ (ਆਸਾਮ) ਅਤੇ ਵਿਸ਼ਾਖਾਪਟਨਮ (ਆਂਧਰਾ ਪ੍ਰਦੇਸ਼) ਵਿਖੇ ਸਿੱਖ ਮਿਸ਼ਨਾਂ ਦੀ ਸਥਾਪਨਾ ਕੀਤੀ ਜਾਵੇਗੀ। ਸ. ਬੇਦੀ ਅਨੁਸਾਰ ਗੁਹਾਟੀ ਵਿਖੇ ਮਿਸ਼ਨ ਦਾ ਉਦਘਾਟਨ ੨੦ ਮਾਰਚ ਨੂੰ ਹੋਵੇਗਾ।

ਉਨ੍ਹਾਂ ਕਿਹਾ ਕਿ ਗੁਹਾਟੀ ਮਿਸ਼ਨ ਵਿਖੇ ਪ੍ਰਚਾਰਕਾਂ ਦੀ ਚੋਣ ਕਰਨ ਲਈ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ, ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਸਕੱਤਰ ਅਤੇ ਸ. ਸਤਬੀਰ ਸਿੰਘ ਓ ਐੱਸ ਡੀ ਤੇ ਅਧਾਰਿਤ ਚਾਰ ਮੈਂਬਰੀ ਸਬ-ਕਮੇਟੀ ਬਣਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸ਼ਿਕਲੀਗਰ ਤੇ ਵਣਜਾਰਿਆਂ ਦਾ ਗੜ੍ਹ ਮੰਨੇ ਜਾਂਦੇ ਵਿਸ਼ਾਖਾਪਟਨਮ (ਆਂਧਰਾ-ਪ੍ਰਦੇਸ਼) ਵਿਖੇ ਵੀ ਸੰਗਤਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਸਿੱਖ ਮਿਸ਼ਨ ਖੋਲ੍ਹਿਆ ਜਾਵੇਗਾ। ਜਿਸ ਨਾਲ ਸਿਕਲੀਗਰ ਤੇ ਵਣਜਾਰੇ ਸਿੱਖਾਂ ਨੂੰ ਸਿੱਖ ਧਰਮ ਦੀ ਕੀਮਤੀ ਰਹੁਰੀਤਾਂ, ਇਤਿਹਾਸ ਤੇ ਮਰਯਾਦਾ ਸਬੰਧੀ ਜਾਣਕਾਰੀ ਮਿਲੇਗੀ ਤੇ ਉਹ ਹੋਰ ਸਿੱਖੀ ਵਿੱਚ ਪਰਪੱਕ ਹੋਣਗੇ। ਇਸ ਲਈ ਡਾ. ਰੂਪ ਸਿੰਘ ਤੇ ਸ. ਸਤਬੀਰ ਸਿੰਘ ਓ ਐੱਸ ਡੀ ਦੇ ਆਧਾਰਿਤ ਦੋ ਮੈਂਬਰੀ ਸਬ ਕਮੇਟੀ ਬਣਾਈ ਗਈ ਹੈ ਜੋ ਮੌਕਾ ਵੇਖ ਕੇ ਸਾਰੀ ਰਿਪੋਰਟ ਦੇਵੇਗੀ।

ਸ. ਬੇਦੀ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਦੀ ਸੁਚੱਜੀ ਅਗਵਾਈ ਵਿੱਚ ਭਗਤ ਧੰਨਾ ਜੀ ਦਾ ੬੦੦ ਸਾਲਾ ਜਨਮ ਦਿਹਾੜਾ ੧੧-੧੨ ਅਤੇ ੧੩ ਮਾਰਚ ੨੦੧੬ ਨੂੰ ਧੂਆਂ ਕਲਾਂ ਜ਼ਿਲ੍ਹਾ ਟਾਕ, ਰਾਜਿਸਥਾਨ ਵਿਖੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਗਤ ਧੰਨਾ ਜੀ ਦੀ ਬਾਣੀ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਹੈ। ਉਨ੍ਹਾਂ ਕਿਹਾ ਕਿ ਭਗਤ ਧੰਨਾ ਜੀ ਦਾ ਪਾਵਨ ਜਨਮ ਦਿਹਾੜਾ ਮਨਾਉਂਦਿਆਂ ਸ਼੍ਰੋਮਣੀ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਇਕ ਵਿਸ਼ੇਸ਼ ਨਗਰ-ਕੀਰਤਨ ਅੰਮ੍ਰਿਤਸਰ ਤੋਂ ਭਗਤ ਜੀ ਦੇ ਜਨਮ ਅਸਥਾਨ ਧੂਆਂ ਕਲਾਂ ਤੱਕ ਆਯੋਜਤ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਮਹਾਨ, ਸੂਰਬੀਰ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਦਾ ੩੦੦ ਸਾਲਾ ਸ਼ਹੀਦੀ ਦਿਹਾੜਾ ਜੋ ੧੯ ਜੂਨ ੨੦੧੬ ਨੂੰ ਆ ਰਿਹਾ ਹੈ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਇਕ ਵਿਸ਼ਾਲ ਸ਼ਹੀਦੀ ਮਾਰਚ ਗੁਰਦਾਸ ਨੰਗਲ ਗੜ੍ਹੀ ਤੋਂ ਦਿੱਲੀ ਤੱਕ ਜਾਵੇਗਾ। ਇਸ ਦਾ ਰੂਟ ਲਗਭਗ ਜਲਦ ਹੀ ਤਹਿ ਕਰ ਲਿਆ ਜਾਵੇਗਾ ਤੇ ਇਹ ਮਾਰਚ ੧੫ ਦਿਨਾਂ ਦਾ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਸ਼ਤਾਬਦੀ ਨੂੰ ਸਮਰਪਿਤ ਇਕ ਯਾਦਗਾਰ ਸੋਵੀਨਰ ਤੇ ਪੁਸਤਕ ਵੀ ਸੰਗਤਾਂ ਨੂੰ ਸਮਰਪਿਤ ਕੀਤੀ ਜਾਵੇਗੀ।

*੨੩ ਜਨਵਰੀ*

# ਸ਼੍ਰੋਮਣੀ ਕਮੇਟੀ ਵੱਲੋਂ ਪੰਥਕ ਢਾਡੀ ਭਾਈ ਗੁਰਚਰਨ ਸਿੰਘ ਚੰਨ ਮੱਦੂਛਾਂਗੀਆ ਨੂੰ ਪੰਜਾਹ ਹਜ਼ਾਰ ਰੁਪਏ ਦੀ ਸਹਾਇਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਕੌਮ ਦੇ ਵਿਦਵਾਨ ਢਾਡੀ ਗਿਆਨੀ ਗੁਰਚਰਨ ਸਿੰਘ ਚੰਨ ਮੱਦੂਛਾਂਗੀਆ ਨੂੰ ਪੰਜਾਹ ਹਜ਼ਾਰ ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਗਈ ਹੈ। ਇਹ ਸਹਾਇਤਾ ਉਨ੍ਹਾਂ ਦੀ ਸਿਹਤ ਦੇ ਨਾਸਾਜ਼ ਚੱਲਦਿਆਂ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿੱਚੋਂ ਦਿੱਤੀ ਗਈ।

ਇਥੋਂ ਜਾਰੀ ਪ੍ਰੈੱਸ ਬਿਆਨ 'ਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਢਾਡੀ ਭਾਈ ਗੁਰਚਰਨ ਸਿੰਘ ਚੰਨ ਦਿਮਾਗੀ ਬਿਮਾਰੀ ਤੋਂ ਪੀੜਤ ਹਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਸਿੱਖ ਕੌਮ ਦੇ ਪ੍ਰਚਾਰ-ਪ੍ਰਸਾਰ ਵਿੱਚ ਯੋਗਦਾਨ ਪਾਉਣ ਵਾਲੇ ਭਾਈ ਚੰਨ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ ਹੈ। ਉਨ੍ਹਾਂ ਭਾਈ ਮੱਦੂਛਾਂਗੀਆ ਦੀਆਂ ਪੰਥਕ ਸੇਵਾਵਾਂ ਨੂੰ ਵਡਿਆਉਂਦਿਆਂ ਕਿਹਾ ਕਿ ਛੇਵੇਂ ਪਾਤਸ਼ਾਹ ਵੱਲੋਂ ਵਰੋਸਾਏ ਗਏ ਢਾਡੀ ਸਿੱਖ ਕੌਮ ਦਾ ਸਰਮਾਇਆ ਹਨ, ਜੋ ਸੰਗਤਾਂ ਅੰਦਰ ਕੌਮੀ ਜਜ਼ਬਾ ਭਰਦੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੁਮਾਇੰਦਾ ਸਿੱਖ ਸੰਸਥਾ ਹੈ ਅਤੇ ਗੁਰਮਤਿ ਪ੍ਰਚਾਰ ਦੇ ਖੇਤਰ ਵਿੱਚ ਕਾਰਜਸ਼ੀਲ ਸ਼ਖ਼ਸੀਅਤਾਂ ਦੀ ਹਮੇਸ਼ਾਂ ਕਦਰ ਕਰਦੀ ਹੈ।

*੨੩ ਜਨਵਰੀ*

# ਮਣੀਕਰਨ ਹਾਦਸੇ 'ਚ ਮਾਰੇ ਗਏ ਤੇ ਜ਼ਖਮੀਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਐਲਾਨੀ ਸਹਾਇਤਾ ਰਾਸ਼ੀ ਜਾਰੀ- ਬੇਦੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਚੰਡੀਗੜ੍ਹ ਤੋਂ ਛਪਦੀ ਪੰਜਾਬੀ ਦੀ ਇਕ ਅਖ਼ਬਾਰ ਵਿੱਚ ਛਪੀ ਖਬਰ ਨੂੰ ਸਿਰੇ ਤੋਂ ਨਕਾਰਦਿਆਂ ਕਿਹਾ ਹੈ ਕਿ ਮਣੀਕਰਨ ਲਾਗੇ ਪਾਰਬਤੀ ਨਦੀ ਵਿੱਚ ਡਿੱਗੀ ਬੱਸ ਦੇ ਮ੍ਰਿਤਕਾਂ, ਲਾਪਤਾ ਤੇ ਜ਼ਖਮੀਆਂ ਨੂੰ ਆਪਣੇ ਵਾਅਦੇ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਐਲਾਨ ਕੀਤੀ ਸਹਾਇਤਾ ਰਾਸ਼ੀ ਦਿੱਤੀ ਜਾ ਰਹੀ ਹੈ।

ਸ. ਬੇਦੀ ਨੇ ਕਿਹਾ ਕਿ ਜੁਲਾਈ ਮਹੀਨੇ ਵਿੱਚ ਮਣੀਕਰਨ ਵਿੱਚ ਵਾਪਰੀ ਇਸ ਮੰਦਭਾਗੀ ਘਟਨਾ ਦੌਰਾਨ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ੩੯ ਮ੍ਰਿਤਕਾਂ ਅਤੇ ੪ ਲਾਪਤਾ ਦੇ ਪਰਿਵਾਰਾਂ ਨੂੰ ੫੦੦੦੦/-੫੦੦੦੦/- ਹਜ਼ਾਰ ਰੁਪਏ ਅਤੇ ੨੧ ਜ਼ਖਮੀਆਂ ਨੂੰ ੧੦੦੦੦/-੧੦੦੦੦/- ਹਜ਼ਾਰ ਰੁਪਏ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ ਸੀ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਦੇ ਮਤਾ ਨੰਬਰ ੩੩੬੨, ਮਿਤੀ ੨੧-੧੨-੨੦੧੫ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਇਨ੍ਹਾਂ ੬੪ ਪਰਿਵਾਰਾਂ ਵਿਚੋਂ ਹੁਣ ਤੱਕ ਜਿਨ੍ਹਾਂ ਦੀ ਪੜਤਾਲ ਹੋ ਚੁੱਕੀ ਹੈ ਉਨ੍ਹਾਂ ਨੂੰ ੨੩੬੦੦੦੦/- ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਬਾਕੀ ਪਰਿਵਾਰਾਂ ਦੀ ਪੜਤਾਲ ਜਾਰੀ ਹੈ ਅਤੇ ਬਣਦੀ ਸਹਾਇਤਾ ਰਾਸ਼ੀ ਤਕਸੀਮ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਕਾਰਣ ਜਾਣੇ ਇਸ ਤਰ੍ਹਾਂ ਕਿਸੇ ਸੰਸਥਾ ਖਿਲਾਫ਼ ਭੰਡੀ-ਪ੍ਰਚਾਰ ਕਰਨਾ ਉਚਿੱਤ ਨਹੀਂ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਨੁਮਾਇੰਦਾ ਜਥੇਬੰਦੀ ਹੈ ਤੇ ਇਹ ਸੰਸਥਾ ਆਪਣੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਿਧਾਂਤ ਅਨੁਸਾਰ ਜਿੱਥੇ ਕਿਤੇ ਵੀ ਕੁਦਰਤੀ ਆਫ਼ਤ ਆਉਂਦੀ ਹੈ ਬਿਨਾ ਕਿਸੇ ਭੇਦ-ਭਾਵ ਦੇ ਸਭ ਤੋਂ ਮੋਹਰਲੀ ਕਤਾਰ ਵਿੱਚ ਜਾ ਕੇ ਮਨੁੱਖਤਾ ਦੀ ਸੇਵਾ ਕਰਨ ਵਿੱਚ ਤੱਤਪਰ ਰਹਿੰਦੀ ਹੈ।

*੨੨ ਜਨਵਰੀ*

# ਸ੍ਰੀ ਲਛਮਣ ਚੇਲਾ ਰਾਮ ਨੇ ਜਥੇ. ਅਵਤਾਰ ਸਿੰਘ ਨੂੰ ਵੱਖ-ਵੱਖ ਭਾਸ਼ਾਵਾਂ ਵਿੱਚ ਸ੍ਰੀ ਸੁਖਮਨੀ ਸਾਹਿਬ ਦੀ ਸਟੀਕ ਦੀ ਪਹਿਲੀ ਕਾਪੀ ਭੇਟ ਕੀਤੀ

ਅੰਮ੍ਰਿਤਸਰ- ਸ੍ਰੀ ਲਛਮਣ ਚੇਲਾ ਰਾਮ ਨੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਉਚਾਰਣ ਕੀਤੀ ਪਾਵਨ-ਪਵਿੱਤਰ ਬਾਣੀ ਸ੍ਰੀ ਸੁਖਮਨੀ ਸਾਹਿਬ ਦੀਆਂ ਪੰਜਾਬੀ, ਅੰਗਰੇਜ਼ੀ, ਗੁਜਰਾਤੀ, ਬੰਗਾਲੀ, ਦੇਵ ਨਾਗਰੀ ਤੇ ਸਿੰਧੀ ਵਿੱਚ ਅਨੁਵਾਦ ਦੀਆਂ ਕਾਪੀਆਂ ਭੇਟ ਕੀਤੀਆਂ। ਜਥੇਦਾਰ ਅਵਤਾਰ ਸਿੰਘ ਨੇ ਇਸ ਮੌਕੇ ਕਿਹਾ ਕਿ ਸ੍ਰੀ ਲਛਮਣ ਚੇਲਾ ਰਾਮ ਜੀ ਗੁਰੂ-ਘਰ ਦੇ ਅਨਿਨ ਸ਼ਰਧਾਵਾਨ ਤੇ ਵਿਦਵਾਨ ਹਨ। ਇਨ੍ਹਾਂ ਵੱਖ-ਵੱਖ ਭਾਸ਼ਾਵਾਂ ਵਿੱਚ ਸ੍ਰੀ ਸੁਖਮਨੀ ਸਾਹਿਬ ਦਾ ਅਨੁਵਾਦ ਕਰਕੇ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਜੋ ਲੋਕ ਪੰਜਾਬੀ ਜਾਂ ਗੁਰਮੁਖੀ ਨਹੀਂ ਜਾਣਦੇ ਉਹ ਵੀ ਇਸ ਪਾਵਨ-ਪਵਿੱਤਰ ਬਾਣੀ ਨੂੰ ਪੜ੍ਹ-ਸੁਣ ਕੇ ਆਪਣਾ ਜਨਮ ਸਫ਼ਲਾ ਕਰ ਸਕਣਗੇ।

ਸ੍ਰੀ ਲਛਮਣ ਚੇਲਾ ਰਾਮ ਨੇ ਦੱਸਿਆ ਕਿ ਇਸ ਦੇ ਇਲਾਵਾ ਸ੍ਰੀ ਸੁਖਮਨੀ ਸਾਹਿਬ ਦੀ ਬਾਣੀ ਦੀ ਸਟੀਕ ਉੜੀਆ, ਤੇਲਗੂ, ਤਾਮਿਲ ਤੇ ਰੋਮਨ ਲਿਪੀ ਵਿੱਚ ਵੀ ਛਪ ਰਹੀ ਹੈ। ਉਨ੍ਹਾਂ ਕਿਹਾ ਕਿ ਕੁੱਲ ਮਿਲਾ ਕੇ ਇਸ ਪਾਵਨ-ਪਵਿੱਤਰ ਬਾਣੀ ਨੂੰ ਅਰਥਾਂ ਸਮੇਤ ਦੱਸ ਭਾਸ਼ਾਵਾਂ ਵਿੱਚ ਪ੍ਰਕਾਸ਼ਿਤ ਕੀਤਾ ਜਾਵੇਗਾ। ਇਸ ਮੌਕੇ ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਅਵਤਾਰ ਸਿੰਘ ਸਕੱਤਰ ਤੇ ਸ. ਸਤਿੰਦਰ ਸਿੰਘ ਨਿਜੀ ਸਹਾਇਕ ਆਦਿ ਮੌਜੂਦ ਸਨ। *੨੩ ਜਨਵਰੀ*

# ਜਥੇਦਾਰ ਅਵਤਾਰ ਸਿੰਘ ਨੇ ਡਾ. ਬਰਜਿੰਦਰ ਸਿੰਘ ਹਮਦਰਦ ਨੂੰ ਪਦਮ ਭੂਸ਼ਣ ਸਨਮਾਣ ਮਿਲਣ 'ਤੇ ਵਧਾਈ ਦਿੱਤੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੇ ਮੁੱਦਈ ਅਤੇ ਰੋਜ਼ਾਨਾ ਅਜੀਤ ਦੇ ਪ੍ਰਬੰਧਕੀ ਸੰਪਾਦਕ ਡਾ. ਬਰਜਿੰਦਰ ਸਿੰਘ ਹਮਦਰਦ ਨੂੰ ਪਦਮ ਭੂਸ਼ਣ ਸਨਮਾਨ ਮਿਲਣ 'ਤੇ ਵਧਾਈ ਦਿੱਤੀ ਹੈ। ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਹਾ ਕਿ ਪੰਜਾਬ ਅਤੇ ਪੰਜਾਬੀ ਦੀ ਬਿਹਤਰੀ ਲਈ ਡਾ. ਹਮਦਰਦ ਨੇ ਲਾਮਿਸਾਲ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਦਾ ਝੰਡਾ ਬੁਲੰਦ ਕਰਨ ਵਾਲੀਆਂ ਸ਼ਖਸੀਅਤਾਂ ਵਿੱਚ ਡਾ. ਬਰਜਿੰਦਰ ਸਿੰਘ ਹਮਦਰਦ ਦਾ ਨਾਂਅ ਸ਼ਾਮਿਲ ਹੈ ਅਤੇ ਉਨ੍ਹਾਂ ਨੇ ਸਿਰੜ ਅਤੇ ਦ੍ਰਿੜ੍ਹਤਾ ਨਾਲ ਇਸ ਖੇਤਰ ਵਿੱਚ ਆਪਣੀ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਡਾ. ਹਮਦਰਦ ਨੂੰ ਦੇਸ਼ ਦਾ ਇਹ ਵਕਾਰੀ ਸਨਮਾਨ ਪ੍ਰਾਪਤ ਹੋਣਾ ਉਨ੍ਹਾਂ ਦੀ ਯੋਗਤਾ ਅਤੇ ਯੋਗਦਾਨ ਦਾ ਸਹੀ ਮੁੱਲ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਡਾ. ਰੂਪ ਸਿੰਘ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਵੀ ਡਾ. ਬਰਜਿੰਦਰ ਸਿੰਘ ਹਮਦਰਦ ਨੂੰ ਮੁਬਾਰਕਬਾਦ ਦਿੱਤੀ ਹੈ। *੨੩ ਜਨਵਰੀ*

# ਸੰਗਤਾਂ ਨੇ ਸ਼ਰਧਾ ਨਾਲ ਕੀਤੀ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਦੇ ਪਵਿੱਤਰ ਸਰੋਵਰ ਦੀ ਕਾਰ-ਸੇਵਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ 'ਚ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਪਾਸ ਕੀਤੇ ਗਏ ਮਤਾ ਨੰਬਰ ੨੨੭੭ ਮਿਤੀ ੨੧-੧੨-੨੦੧੫ ਅਨੁਸਾਰ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਵਿਖੇ ਭਾਈ ਗੁਰਇਕਬਾਲ ਸਿੰਘ ਬੀਬੀ ਕੋਲਾਂ ਜੀ ਭਲਾਈ ਕੇਂਦਰ ਵਾਲਿਆਂ ਨੂੰ ਪਵਿੱਤਰ ਅੰਮ੍ਰਿਤ ਸਰੋਵਰ ਦੀ ਕਾਰ-ਸੇਵਾ ਸੌਂਪੀ ਗਈ। ਇਸ ਕਾਰ-ਸੇਵਾ ਦੀ ਆਰੰਭਤਾ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀਸ਼ਨਲ ਹੈੱਡ

ਗ੍ਰੰਥੀ, ਸ. ਹਰਜਾਪ ਸਿੰਘ ਮੈਂਬਰ ਸ਼੍ਰੋਮਣੀ ਕਮੇਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ ਤੇ ਭਾਈ ਗੁਰਇਕਬਾਲ ਸਿੰਘ ਨੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਟਕ ਲਾ ਕੇ ਕੀਤੀ। ਸਰੋਵਰ ਦੀ ਕਾਰ-ਸੇਵਾ ਦੀ ਆਰੰਭਤਾ ਤੋਂ ਪਹਿਲਾਂ ਭਾਈ ਬਲਵਿੰਦਰ ਸਿੰਘ ਲੋਪੋਕੇ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਜਥੇ ਵੱਲੋਂ ਅੰਮ੍ਰਿਤਮਈ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀਸ਼ਨਲ ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ। ਸਟੇਜ ਸਕੱਤਰ ਦੀ ਸੇਵਾ ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ ਤੇ ਭਾਈ ਸਰਵਣ ਸਿੰਘ ਪ੍ਰਚਾਰਕ ਨੇ ਨਿਭਾਈ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਿਥੇ ਸਮੇਂ-ਸਮੇਂ 'ਤੇ ਗੁਰਮਤਿ ਦੇ ਪ੍ਰਚਾਰ-ਪ੍ਰਸਾਰ ਦੇ ਉਪਰਾਲੇ ਕੀਤੇ ਜਾਂਦੇ ਹਨ, ਉਥੇ ਗੁਰੂ ਸਾਹਿਬਾਨ ਨਾਲ ਸਬੰਧਤ ਪਾਵਨ ਅਸਥਾਨਾਂ ਦੀ ਸੇਵਾ ਵੱਲ ਵੀ ਵਿਸ਼ੇਸ਼ ਤੌਰ 'ਤੇ ਧਿਆਨ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਦੇ ਪਵਿੱਤਰ ਅੰਮ੍ਰਿਤ ਸਰੋਵਰ ਦੀ ਸੇਵਾ ਤਕਰੀਬਨ ੧੨ ਸਾਲ ਬਾਅਦ ਹੋ ਰਹੀ ਹੈ। ਸ਼੍ਰੋਮਣੀ ਕਮੇਟੀ ਵੱਲੋਂ ਸੌਂਪੀ ਗਈ ਕਾਰ-ਸੇਵਾ ਬਾਰੇ ਭਾਈ ਗੁਰਇਕਬਾਲ ਸਿੰਘ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਵੱਲੋਂ ਮਤਾ ਪਾਸ ਕਰਕੇ ਇਹ ਸੇਵਾ ਸਾਡੀ ਝੋਲੀ ਪਾਈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ ਦੇ ਸਰੋਵਰ ਦੀ ਸੇਵਾ ੧੯੭੩, ੧੯੯੮ ਤੇ ੨੦੦੪ ਵਿੱਚ ਕਰਵਾਈ ਗਈ ਸੀ ਤੇ ਹੁਣ ੨੦੧੬ ਵਿੱਚ ਇਹ ਸੇਵਾ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਗੁਰੂ-ਘਰ ਦੀ ਸੇਵਾ ਕਿਸੇ ਕਰਮਾਂ-ਭਾਗਾਂ ਵਾਲੇ ਮਨੁੱਖ ਨੂੰ ਹੀ ਮਿਲਦੀ ਹੈ। ਇਸ ਮੌਕੇ ਸ. ਮਹਿੰਦਰ ਸਿੰਘ ਆਹਲੀ ਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਅਤੇ ਸੰਗਤਾਂ ਹਾਜ਼ਰ ਸਨ। *੨੨ ਜਨਵਰੀ*

# ਹਰਿਆਣਾ ਦੇ ਕੈਬਨਿਟ ਮੰਤਰੀ ਸ੍ਰੀ ਅਨਿਲ ਵਿਜ ਨੇ ਮੀਰੀ-ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਸ਼ੁਰੂ ਕਰਨ ਬਾਰੇ ਜਥੇਦਾਰ ਅਵਤਾਰ ਸਿੰਘ ਨਾਲ ਮੁਲਾਕਾਤ ਕੀਤੀ

## ਸ਼੍ਰੋਮਣੀ ਕਮੇਟੀ ਵੱਲੋਂ ਕੁਰਕਸ਼ੇਤਰ ਵਿਖੇ 'ਇੰਸਟੀਚਿਊਟ ਆਫ਼ ਮਾਰਸ਼ਲ ਆਰਟ' ਖੋਲ੍ਹਿਆ ਜਾਵੇਗਾ- ਜਥੇਦਾਰ ਅਵਤਾਰ ਸਿੰਘ

ਅੰਮ੍ਰਿਤਸਰ- ਹਰਿਆਣਾ ਰਾਜ ਦੇ ਸਿਹਤ, ਖੇਡ ਤੇ ਯੂਥ ਮਾਮਲਿਆਂ ਬਾਰੇ ਕੈਬਨਿਟ ਮੰਤਰੀ ਸ੍ਰੀ ਅਨਿਲ ਵਿਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨਤਮਸਤਕ ਹੋਏ। ਉਨ੍ਹਾਂ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ ਤੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਇਤਿਹਾਸ ਅਤੇ ਉਥੇ ਮਾਹਿਰਾਂ ਵੱਲੋਂ ਚੱਲ ਰਹੀ ਮੀਨਾਕਾਰੀ ਬਾਰੇ ਵੀ ਜਾਣਕਾਰੀ ਹਾਸਿਲ ਕੀਤੀ। ਉਨ੍ਹਾਂ ਨਾਲ ਡਾ:ਕਿਸ਼ਨ ਕੁਮਾਰ ਖੰਡੇਲਵਾਲ ਐਡੀਸ਼ਨਲ ਚੀਫ਼ ਸਕੱਤਰ ਮੈਡੀਕਲ ਐਜੂਕੇਸ਼ਨ, ਕੈਪਟਨ ਜੀ.ਐਸ. ਘੁੰਮਣ ਅਤੇ ਉਨ੍ਹਾਂ ਦੇ ਪ੍ਰਾਈਵੇਟ ਸਕੱਤਰ ਸ੍ਰੀ ਵਿਜੈ ਕੁਮਾਰ ਵੀ ਮੌਜੂਦ ਸਨ।

ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਨਿਲ ਵਿਜ ਨੇ ਕਿਹਾ ਕਿ ਹਰਿਆਣਾ ਸਰਕਾਰ ਵੱਲੋਂ ਹਰਿਆਣੇ ਦੇ ਹਰ ਜ਼ਿਲ੍ਹੇ ਵਿੱਚ ਇਕ ਮੈਡੀਕਲ ਕਾਲਜ ਖੋਲ੍ਹਣ ਦਾ ਮਿਸ਼ਨ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੈਂ ਉਸੇ ਮੁਹਿੰਮ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੇ ਸੱਦੇ 'ਤੇ ਏਥੇ ਆਇਆ ਹਾਂ। ਉਨ੍ਹਾਂ ਕਿਹਾ ਕਿ ਬੜੀ ਹੈਰਾਨੀ ਦੀ ਗੱਲ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਮੀਰੀ-ਪੀਰੀ ਮੈਡੀਕਲ ਕਾਲਜ, ਸ਼ਾਹਬਾਦ ਮਾਰਕੰਡਾ ਜੋ ੨੦੦੬-੦੭ ਵਿੱਚ ਬਣਾਇਆ ਗਿਆ ਸੀ, ਉਹ ਪਿਛਲੀ ਸਰਕਾਰ ਵੱਲੋਂ ਅੜਚਣਾ ਪੈਣ ਕਾਰਨ ਅਜੇ ਤੱਕ ਅਧੂਰਾ ਹੀ

ਹੈ। ਉਨ੍ਹਾਂ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਮਨੋਹਰ ਲਾਲ ਖੱਟੜ ਵੱਲੋਂ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਹਰਿਆਣਾ ਸਰਕਾਰ ਇਸ ਕਾਲਜ ਨੂੰ ਚਲਾਉਣ ਵਿੱਚ ਹਰ ਮੁਸ਼ਕਲ ਨੂੰ ਆਸਾਨ ਕਰੇਗੀ ਤੇ ਇਹ ਕਾਲਜ ਹਰਿਆਣਾ ਦੇ ਵਿਦਿਆਰਥੀਆਂ ਤੇ ਲੋਕਾਂ ਦੀਆਂ ਸਿਹਤ ਸਹੂਲਤਾਂ ਲਈ ਬਹੁਤ ਜਲਦੀ ਸ਼ੁਰੂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੂੰ ਕਾਲਜ ਦੇ ਪਏ ਅਧੂਰੇ ਕੰਮ ਨੂੰ ਸ਼ੁਰੂ ਕਰਨ ਬਾਰੇ ਕਹਿ ਦਿੱਤਾ ਗਿਆ ਹੈ ਤੇ ਇਸ ਸਬੰਧੀ ਹਰਿਆਣੇ ਦੇ ਅਧਿਕਾਰੀਆਂ ਅਤੇ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਦੀ ਇਕ ਜ਼ਰੂਰੀ ਇਕੱਤਰਤਾ ਚੰਡੀਗੜ੍ਹ ਵਿਖੇ ਬੁਲਾਈ ਗਈ ਹੈ।

ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਹਰਿਆਣਾ ਸਰਕਾਰ ਤੇ ਸ੍ਰੀ ਅਨਿਲ ਵਿਜ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਸ੍ਰੀ ਵਿਜ ਪਹਿਲੇ ਅਜਿਹੇ ਮੰਤਰੀ ਹਨ ਜਿਨ੍ਹਾਂ ਖੁਦ ਸ਼੍ਰੋਮਣੀ ਕਮੇਟੀ ਨੂੰ ਇਹ ਕਾਲਜ ਸ਼ੁਰੂ ਕਰਨ ਬਾਰੇ ਪੱਤਰ ਲਿਖਿਆ ਤੇ ਇਸ ਬਾਰੇ ਖੁਦ ਗੱਲਬਾਤ ਕਰਨ ਲਈ ਆਏ ਹਨ। ਉਨ੍ਹਾਂ ਕਿਹਾ ਕਿ ਮੈਂ ਹਰਿਆਣਾ ਦੀ ਸਰਕਾਰ ਤੇ ਖਾਸਕਰ ਸ੍ਰੀ ਅਨਿਲ ਵਿਜ ਦਾ ਸਮੁੱਚੀ ਸ਼੍ਰੋਮਣੀ ਕਮੇਟੀ ਅਤੇ ਮੀਰੀ-ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਦੇ ਟਰੱਸਟੀਆਂ ਵੱਲੋਂ ਤਹਿ ਦਿਲੋਂ ਧੰਨਵਾਦੀ ਹਾਂ ਜਿਨ੍ਹਾਂ ਆਪ ਦਿਲਚਸਪੀ ਲੈ ਕੇ ਇਸ ਕਾਲਜ ਨੂੰ ਸ਼ੁਰੂ ਕਰਨ ਦੀ ਗੱਲਬਾਤ ਅੱਗੇ ਤੋਰੀ ਹੈ। ਉਨ੍ਹਾਂ ਕਿਹਾ ਕਿ ਇਹ ਕਾਲਜ ਸ਼ੁਰੂ ਹੋਣ ਨਾਲ ਹਰਿਆਣਾ ਦੇ ਵਿਦਿਆਰਥੀਆਂ ਨੂੰ ਉਚੇਰੀ ਮੈਡੀਕਲ ਸਿੱਖਿਆ ਦੇ ਨਾਲ-ਨਾਲ ਰੋਜ਼ਗਾਰ ਅਤੇ ਜਨਤਾ ਨੂੰ ਚੰਗੀਆਂ ਸਿਹਤ ਸਹੂਲਤਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਪਹਿਲਾਂ ਸ੍ਰੀ ਭੁਪਿੰਦਰ ਸਿੰਘ ਹੁੱਡਾ ਦੀ ਕਾਂਗਰਸ ਸਰਕਾਰ ਨੇ ਇਸ ਮੈਡੀਕਲ ਕਾਲਜ ਲਈ ਐਨ.ਓ.ਸੀ. ਨਾ ਦੇ ਕੇ ਲੰਮਾ ਸਮਾਂ ਸ਼੍ਰੋਮਣੀ ਕਮੇਟੀ ਤੇ ਹਰਿਆਣਾ ਦੇ ਲੋਕਾਂ ਨਾਲ ਵੱਡਾ ਧੱਕਾ ਕੀਤਾ ਹੈ। ਉਨ੍ਹਾਂ ਕਿਹਾ ਕਿ ਚੰਗੀ ਗੱਲ ਹੈ ਕਿ ਸ੍ਰੀ ਵਿਜ ਨੇ ਕਾਲਜ ਤੇ ਹਰਿਆਣਾ ਦੇ ਲੋਕਾਂ ਦੀ ਬਿਹਤਰੀ ਬਾਰੇ ਸੋਚਿਆ ਹੈ। ਜਥੇਦਾਰ ਅਵਤਾਰ ਸਿੰਘ ਨੇ ਦੱਸਿਆ ਕਿ ਹਰਿਆਣਾ ਦੇ ਕੈਬਨਿਟ ਮੰਤਰੀ ਸ੍ਰੀ ਅਨਿਲ ਵਿਜ ਨੇ ਖਾਹਿਸ਼ ਜਾਹਰ ਕੀਤੀ ਹੈ ਕਿ ਕੁਰੂਕਸ਼ੇਤਰ (ਹਰਿਆਣਾ) ਵਿਖੇ ਸਿੱਖ ਮਾਰਸ਼ਲ ਆਰਟ (ਗੱਤਕੇ) ਦਾ 'ਇੰਸਟੀਚਿਊਟ ਆਫ਼ ਮਾਰਸ਼ਲ ਆਰਟ' ਖੋਲ੍ਹਿਆ ਜਾਵੇਗਾ। ਪੱਤਰਕਾਰਾਂ ਦੇ ਸਵਾਲਾਂ ਦਾ ਜੁਆਬ ਦਿੰਦਿਆਂ ਉਨ੍ਹਾਂ ਕਿਹਾ ਕਿ ਬੜੀ ਬਦਕਿਸਮਤੀ ਵਾਲੀ ਗੱਲ ਹੈ ਕਿ ੨੬ ਜਨਵਰੀ ਨੂੰ ਗਣਤੰਤਰਤਾ ਦਿਵਸ ਸਮੇਂ ਹੋਣ ਵਾਲੀ ਪਰੇਡ ਵਿੱਚ ਸਿੱਖ ਰੈਜੀਮੈਂਟ ਨੂੰ ਸ਼ਾਮਿਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਗਣਤੰਤਰਤਾ ਦਿਵਸ ਸਮੇਂ ਸਿੱਖਾਂ ਨਾਲ ਇਸ ਤਰ੍ਹਾਂ ਦਾ ਵਿਵਹਾਰ ਕਰਨ 'ਤੇ ਦੇਸ਼-ਵਿਦੇਸ਼ ਵਿੱਚ ਵਸਦੇ ਪੂਰੇ ਸਿੱਖਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਭਾਰਤ ਦੇ ਰਾਸ਼ਟਰਪਤੀ ਸ੍ਰੀ ਪ੍ਰਣਾਬ ਮੁਖਰਜੀ ਤੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਇਕ ਰੋਸ ਪੱਤਰ ਵੀ ਲਿਖਿਆ ਗਿਆ ਹੈ। ਇਸ ਮੌਕੇ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਕਮੇਟੀ ਮੈਂਬਰ, ਸ. ਬਲਦੇਵ ਸਿੰਘ ਕਿਆਮਪੁਰੀ ਤੇ ਭਾਈ ਰਾਮ ਸਿੰਘ ਮੈਂਬਰ, ਡਾ: ਰੂਪ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ, ਸ. ਸਤਿੰਦਰ ਸਿੰਘ ਨਿਜੀ ਸਹਾਇਕ, ਸ. ਗੁਰਬਚਨ ਸਿੰਘ ਮੁੱਖ ਸੂਚਨਾ ਅਧਿਕਾਰੀ, ਸ. ਸੁਲੱਖਣ ਸਿੰਘ ਤੇ ਸ. ਗੁਰਿੰਦਰ ਸਿੰਘ ਮੈਨੇਜਰ, ਸ.ਸੁਖਵਿੰਦਰ ਸਿੰਘ ਗਰੇਵਾਲ ਤੇ ਸ. ਗੁਰਿੰਦਰ ਸਿੰਘ ਨਿਜੀ ਸਹਾਇਕ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ, ਸ. ਜਤਿੰਦਰ ਸਿੰਘ ਤੇ ਸ. ਲਖਬੀਰ ਸਿੰਘ ਵਧੀਕ ਮੈਨੇਜਰ ਆਦਿ ਮੌਜੂਦ ਸਨ। *੨੯ ਜਨਵਰੀ*

## ਸ੍ਰੀ ਪ੍ਰਣਬ ਮੁਖਰਜੀ ਵੱਲੋਂ ਆਪਣੀ ਕਿਤਾਬ 'ਚ ੧੯੮੪ ਵਿਚ ਸ੍ਰੀ ਦਰਬਾਰ ਸਾਹਿਬ 'ਤੇ ਕੀਤੇ ਹਮਲੇ ਨੂੰ ਸਹੀ ਕਹਿਣਾ ਮੰਦਭਾਗਾ

ਅੰਮ੍ਰਿਤਸਰ- ਭਾਰਤ ਦੇ ਰਾਸ਼ਟਰਪਤੀ ਸ੍ਰੀ ਪ੍ਰਣਬ ਮੁਖਰਜੀ ਵੱਲੋਂ ਲਿਖੀ ਕਿਤਾਬ 'ਟਰਬੂਲੈਂਟ ਯੀਅਰਜ਼' 'ਚ ਸਾਕਾ ਨੀਲਾ ਤਾਰਾ ਨੂੰ ਸਹੀ ਕਰਾਰ ਦੇਣਾ ਮੰਦਭਾਗੀ ਗੱਲ ਹੈ। ਜਾਰੀ ਪ੍ਰੈੱਸ ਬਿਆਨ ਵਿੱਚ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਸ੍ਰੀ ਮੁਖਰਜੀ ਵੱਲੋਂ ਆਪਣੀ ਕਿਤਾਬ ਵਿੱਚ ਜੋ ਵਿਚਾਰ ਪ੍ਰਗਟਾਏ ਗਏ ਹਨ ਉਹ ਸੱਚਾਈ ਤੋਂ ਕੋਹਾ ਦੂਰ ਹਨ। ਉਨ੍ਹਾਂ ਕਿਹਾ ਕਿ ਸ੍ਰੀ ਮੁਖਰਜੀ ਵੱਲੋਂ ਇਸ ਹਮਲੇ ਨੂੰ ਜ਼ਰੂਰੀ ਤੇ

ਜਾਇਜ਼ ਕਹਿਣਾ ਕਿਥੋਂ ਤੱਕ ਠੀਕ ਹੈ? ਜਦੋਂ ਕਿ ਫਰਵਰੀ ੧੯੮੪ ਵਿੱਚ ਭਾਰਤ ਸਰਕਾਰ ਨੇ ਬ੍ਰਿਟਿਸ਼ ਸਰਕਾਰ ਪਾਸੋਂ ਦਰਬਾਰ ਸਾਹਿਬ 'ਤੇ ਹਮਲੇ ਲਈ ਸੁਝਾਅ ਤੇ ਮਦਦ ਮੰਗੀ ਸੀ।

ਉਨ੍ਹਾਂ ਕਿਹਾ ਕਿ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਇਹ ਹਮਲਾ ਸਿੱਖਾਂ ਨੂੰ ਸਬਕ ਸਿਖਾਉਣ ਤੋਂ ਇਲਾਵਾ ਹੋਰ ਕੁਝ ਨਹੀਂ ਸੀ ਜਿਸ ਦਾ ਅੱਜ ਵੀ ਕਾਂਗਰਸ ਸਰਕਾਰ ਨੂੰ ਕੋਈ ਅਫਸੋਸ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਹਮੇਸ਼ਾ ਸਰਬੱਤ ਦੇ ਭਲੇ ਲਈ ਕਾਰਜ ਕੀਤੇ ਹਨ ਅਤੇ ਹਰ ਦੇਸ਼ ਦੀ ਤਰੱਕੀ ਵਿੱਚ ਵਡਮੁੱਲਾ ਯੋਗਦਾਨ ਪਾਇਆ ਹੈ ਪਰ ਉਸ ਨੂੰ ਦੇਸ਼ ਦੀ ਅਖੰਡਤਾ ਲਈ ਖਤਰਾ ਸਮਝਣਾ ਹਾਸੋ-ਹੀਣੀ ਗੱਲ ਜਾਪਦੀ ਹੈ। ਉਨ੍ਹਾਂ ਕਿਹਾ ਕਿ ਬਹੁਤ ਜਲਦ ਸ੍ਰੀ ਮੁਖਰਜੀ ਵੱਲੋਂ ਲਿਖੀ ਗਈ ਕਿਤਾਬ ਨੂੰ ਪ੍ਰਾਪਤ ਕਰਕੇ ਇਸ ਦੀ ਡੂੰਘਾਈ ਨਾਲ ਘੋਖ-ਪੜਤਾਲ ਕੀਤੀ ਜਾਵੇਗੀ ਤਾਂ ਕਿ ਅਸਲ ਸੱਚਾਈ ਤੋਂ ਪਰਦਾ ਚੁੱਕਿਆ ਜਾ ਸਕੇ। *੨੯ ਜਨਵਰੀ*

## ਅਦਾਰਾ 'ਸੱਚੇ ਪਾਤਸ਼ਾਹ ਪੱਤ੍ਰਿਕਾ' ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇ. ਅਵਤਾਰ ਸਿੰਘ 'ਫ਼ਖ਼ਰ-ਏ-ਕੌਮ' ਐਵਾਰਡ ਨਾਲ ਸਨਮਾਨਿਤ

ਅੰਮ੍ਰਿਤਸਰ- ਦਿੱਲੀ ਤੋਂ ਪ੍ਰਕਾਸ਼ਿਤ ਹੁੰਦੀ ਮਾਸਿਕ ਧਾਰਮਿਕ ਪੱਤ੍ਰਿਕਾ 'ਸੱਚੇ ਪਾਤਸ਼ਾਹ' ਵੱਲੋਂ ਸਾਲਾਨਾ ਸਨਮਾਨ ਸਮਾਗਮ 'ਰਸ਼ੀਅਨ ਸੈਂਟਰ ਆਫ ਸਾਇੰਸ ਐਂਡ ਕਲਚਰ' ਫਿਰੋਜ ਸ਼ਾਹ ਰੋਡ, ਦਿੱਲੀ ਵਿਖੇ ਕਰਵਾਇਆ ਗਿਆ, ਜਿਸ ਵਿੱਚ ਪੁੱਜੇ ਸ. ਹਰਪਾਲ ਸਿੰਘ ਕੋਛੜ ਮੈਂਬਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸ. ਹਰਵਿੰਦਰ ਸਿੰਘ ਵੋਹਰਾ, ਇੰਜ. ਜੀ. ਐਸ. ਗਿੱਲ, ਸ. ਇੰਦਰਜੀਤ ਸਿੰਘ ਗੁੜਗਾਉਂ ਸਮੇਤ ਸੱਚੇ ਪਾਤਸ਼ਾਹ ਪੱਤ੍ਰਿਕਾ ਦੇ ਮੁੱਖ ਸੰਪਾਦਕ ਸ. ਸੁਰਜੀਤ ਸਿੰਘ, ਸਰਪ੍ਰਸਤ ਸ. ਮਹਿੰਦਰ ਸਿੰਘ ਭੁੱਲਰ, ਸਿੱਖ ਵਿਦਵਾਨ ਸ. ਦਿਲਜੀਤ ਸਿੰਘ ਬੇਦੀ, ਡਾ. ਬਲਦੇਵ ਸਿੰਘ ਬੱਦਨ ਤੇ ਸ. ਕੁਲਵੰਤ ਸਿੰਘ ਚੌਧਰੀ ਨੇ ਸਾਂਝੇ ਤੌਰ 'ਤੇ ਜੈਕਾਰਿਆਂ ਦੀ ਗੂੰਜ ਵਿੱਚ ਜਥੇ. ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਦੋਸ਼ਾਲਾ, ਸ੍ਰੀ ਸਾਹਿਬ ਤੇ ਸਨਮਾਨ ਚਿੰਨ੍ਹ ਭੇਟ ਕਰਕੇ 'ਫ਼ਖ਼ਰ-ਏ-ਕੌਮ' ਐਵਾਰਡ ਨਾਲ ਸਨਮਾਨਿਤ ਕੀਤਾ।

ਇਸ ਮੌਕੇ ਸਮਾਗਮ ਦੇ ਆਯੋਜਕ ਤੇ ਮਾਸਿਕ ਧਾਰਮਿਕ ਪੱਤ੍ਰਿਕਾ 'ਸੱਚੇ ਪਾਤਸ਼ਾਹ' ਦੇ ਮੁੱਖ ਸੰਪਾਦਕ ਸ. ਸੁਰਜੀਤ ਸਿੰਘ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਵੱਲੋਂ ਕੌਮ ਪ੍ਰਤੀ ਕੀਤੇ ਗਏ ਸੇਵਾ ਕਾਰਜਾਂ ਅਤੇ ਕੀਤੀ ਗਈਆਂ ਵੱਡਮੁੱਲੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਅਦਾਰਾ 'ਸੱਚੇ ਪਾਤਸ਼ਾਹ ਪੱਤ੍ਰਿਕਾ' ਉਨ੍ਹਾਂ ਨੂੰ 'ਫ਼ਖ਼ਰ-ਏ-ਕੌਮ' ਐਵਾਰਡ ਨਾਲ ਸਨਮਾਨਿਤ ਕਰਨ ਵਿੱਚ ਮਾਣ ਪ੍ਰਾਪਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਧਾਰਮਿਕ ਅਤੇ ਸਾਹਿਤਕ ਖੇਤਰ ਦੀਆਂ ਉੱਘੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕਰਨ ਲਈ ਹਰ ਸਾਲ ਇਹ ਸਨਮਾਨ ਸਮਾਗਮ ਕਰਵਾਇਆ ਜਾਂਦਾ ਹੈ। ਇਸ ਦੌਰਾਨ 'ਸੱਚੇ ਪਾਤਸ਼ਾਹ ਪੱਤ੍ਰਿਕਾ' ਦੇ ਸਰਪ੍ਰਸਤ ਸ. ਮਹਿੰਦਰ ਸਿੰਘ ਭੁੱਲਰ, ਡਾ. ਬਲਦੇਵ ਸਿੰਘ ਬੱਦਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਹੁਪੱਖੀ ਸ਼ਖ਼ਸੀਅਤ ਜਥੇਦਾਰ ਅਵਤਾਰ ਸਿੰਘ ਸੇਵਾ ਦੇ ਮੁਜੱਸਮੇ ਹਨ ਜਿਨ੍ਹਾਂ ਨੇ ਵੱਖ-ਵੱਖ ਸੇਵਾ ਕਾਰਜਾਂ ਵਿੱਚ ਆਪਣਾ ਬਣਦਾ ਯੋਗਦਾਨ ਪਾਇਆ ਹੈ।

ਇਸੇ ਤਰ੍ਹਾਂ ਡਾ. ਹਰਚੰਦ ਸਿੰਘ ਬੇਦੀ ਨੂੰ ਡਾ. ਲੱਖਾ ਸਿੰਘ ਮੈਮੋਰੀਅਲ ਐਵਾਰਡ, ਉੱਘੇ ਪੱਤਰਕਾਰ ਤੇ ਲੇਖਕ ਸ. ਜਸਵੰਤ ਸਿੰਘ ਅਜੀਤ ਨੂੰ ਸ. ਬਹਾਦਰ ਸਿੰਘ ਮੈਮੋਰੀਅਲ ਐਵਾਰਡ, ਸਮਾਜ ਸੇਵੀ ਸ. ਪ੍ਰਿਤਪਾਲ ਸਿੰਘ ਨੂੰ ਸ. ਉਕਾਰ ਸਿੰਘ ਸੰਧੂ ਮੈਮੋਰੀਅਲ ਐਵਾਰਡ, ਉੱਘੇ ਸਟੇਜੀ ਕਵੀ ਬਲਬੀਰ ਸਿੰਘ ਬੱਲ ਨੂੰ 'ਕਵੀ ਆਫ ਦਾ ਯੀਅਰ ਐਵਾਰਡ' ਤੇ ਡਾ. ਵਾਣੀ ਸਿੰਘ ਨੂੰ ਲੇਖਕ ਸਨਮਾਨ ਦੇ ਨਾਲ ਸਨਮਾਨਿਤ ਕੀਤਾ ਗਿਆ। ਸਨਮਾਨ ਸਮਾਗਮ ਦੌਰਾਨ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਵੱਖ-ਵੱਖ ਪੁਸਤਕਾਂ ਅਤੇ ਮਾਸਿਕ 'ਸੱਚੇ ਪਾਤਸ਼ਾਹ' ਦਾ ਵਿਸ਼ੇਸ਼ ਅੰਕ ਰਿਲੀਜ ਕੀਤਾ ਗਿਆ।

ਸਮਾਗਮ ਦੇ ਅੰਤ ਵਿੱਚ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਗੁਰੂ ਸਾਹਿਬਾਨ ਦੀ ਸੋਚ ਤੇ ਫ਼ਲਸਫੇ ਨੂੰ ਸਮੁੱਚੀਆਂ ਸੰਗਤਾਂ ਤੱਕ ਪਹੁੰਚਾਉਣ ਲਈ ਸ. ਸੁਰਜੀਤ ਸਿੰਘ ਆਰਟਿਸਟ ਵੱਲੋਂ ਪਿਛਲੇ ਲੰਮੇ ਸਮੇਂ

ਤੋਂ ਪ੍ਰਕਾਸ਼ਿਤ ਕੀਤੀ ਜਾ ਰਹੀ ਪੱਤ੍ਰਿਕਾ 'ਸੱਚੇ ਪਾਤਸ਼ਾਹ' ਆਪਣੇ ਆਪ ਵਿੱਚ ਇੱਕ ਬੇਮਿਸਾਲ ਕਾਰਜ ਹੈ, ਜਿਸ ਦੀ ਜਿੰਨੀ ਵੀ ਸ਼ਲਾਘਾ ਕੀਤੀ ਜਾਵੇ ਉਹ ਥੋੜੀ ਹੈ। ਉਨ੍ਹਾਂ ਕਿਹਾ ਕਿ ਅੱਜ ਜੋ ਮਾਣ-ਸਨਮਾਨ ਅਦਾਰਾ 'ਸੱਚੇ ਪਾਤਸ਼ਾਹ' ਪੱਤ੍ਰਿਕਾ ਵੱਲੋਂ ਉਨ੍ਹਾਂ ਦੀ ਝੋਲੀ ਵਿੱਚ ਪਾਇਆ ਗਿਆ ਹੈ ਉਸ ਦੇ ਲਈ ਉਹ ਸਮੁੱਚੀਆਂ ਸੰਗਤਾਂ ਦੇ ਰਿਣੀ ਰਹਿਣਗੇ।

ਇਸ ਮੌਕੇ ਉਨ੍ਹਾਂ ਦੇ ਨਾਲ ਡਾ. ਪਰਮਜੀਤ ਸਿੰਘ ਸਰੋਆ ਐਡੀਸ਼ਨਲ ਸਕੱਤਰ ਸ਼੍ਰੋਮਣੀ ਕਮੇਟੀ, ਸ. ਰਣਜੀਤ ਸਿੰਘ ਖਾਲਸਾ ਮੀਡੀਆ ਸਲਾਹਕਾਰ, ਸ. ਜਸਪਾਲ ਸਿੰਘ ਕੋਛੜ, ਸ. ਬਲਬੀਰ ਸਿੰਘ ਭਸੀਨ, ਸ. ਅਮਰਜੀਤ ਸਿੰਘ ਪਾਹਵਾ ਸਾਬਕਾ ਕਮਿਸ਼ਨਰ, ਸ. ਸੁਰਿੰਦਰ ਸਿੰਘ ਵਿਰਦੀ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਸਰਸਵਤੀ ਗਾਰਡਨ, ਸ.ਕੁਲਦੀਪ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ ਤਰਲੋਕਪੁਰੀ, ਸ. ਪ੍ਰਿਤਪਾਲ ਸਿੰਘ ਗਾਜ਼ੀਆਬਾਦ, ਸ. ਚਰਨਜੀਤ ਸਿੰਘ ਪਾਸੀ, ਸ. ਧਰਮਿੰਦਰ ਸਿੰਘ ਗਾਜ਼ੀਆਬਾਦ, ਪ੍ਰਿੰਸੀਪਲ ਡਾ. ਸਤਪਾਲ ਕੌਰ, ਸ. ਹਰਿੰਦਰ ਸਿੰਘ ਔਲਖ, ਸ. ਦਲਜੀਤ ਸਿੰਘ ਯੂਨਾਈਟਿਡ ਸਿੱਖਜ਼, ਸ. ਗੁਰਚਰਨ ਸਿੰਘ ਚਰਨ, ਸ. ਮਹਿੰਦਰ ਸਿੰਘ ਪਰਿੰਦਾ, ਸ. ਹਰਪ੍ਰੀਤ ਸਿੰਘ, ਸ. ਵਰਿੰਦਰ ਸਿੰਘ, ਸ. ਹਰਭਜਨ ਸਿੰਘ ਫੁੱਲ ਤੇ ਇੰਜੀਨੀਅਰ ਸ. ਬਲਬੀਰ ਸਿੰਘ ਆਦਿ ਹਾਜ਼ਰ ਸਨ। *੧ ਫਰਵਰੀ*

## ਗਵ੍ਰਨਮੈਂਟ ਆਫ ਕੈਨੇਡਾ ਦੀ ਪ੍ਰੋਗਰਾਮ ਮੈਨੇਜਰ ਮਿਸ ਕਰੋਲ ਮੈਕਨੇ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਿਆ

ਅੰਮ੍ਰਿਤਸਰ- ਗਵਰਨਮੈਂਟ ਆਫ ਕੈਨੇਡਾ ਕੰਸੋਲੇਟ ਜਨਰਲ ਦੀ ਪ੍ਰੋਗਰਾਮ ਮੈਨੇਜਰ ਮਿਸ ਕਰੋਲ ਮੈਕਨੇ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੱਥਾ ਟੇਕਿਆ ਤੇ ਇਲਾਹੀ ਬਾਣੀ ਦੇ ਕੀਰਤਨ ਦਾ ਅਨੰਦ ਮਾਣਿਆ।ਸ. ਗੁਰਬਚਨ ਸਿੰਘ ਮੁੱਖ ਸੂਚਨਾ ਅਧਿਕਾਰੀ ਨੇ ਮਿਸ ਕਰੋਲ ਮੈਕਨੇ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਉਪਰੰਤ ਦਫ਼ਤਰ ਸ਼੍ਰੋਮਣੀ ਕਮੇਟੀ ਆਉਣ 'ਤੇ ਸ. ਸਤਿੰਦਰ ਸਿੰਘ ਨਿਜੀ ਸਹਾਇਕ ਤੇ ਸ. ਸਕੱਤਰ ਸਿੰਘ ਮੀਤ ਸਕੱਤਰ ਨੇ ਉਨ੍ਹਾਂ ਨੂੰ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਗੱਲਬਾਤ ਦੌਰਾਨ ਮਿਸ ਕਰੋਲ ਮੈਕਨੇ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਆਸਥਾ ਦਾ ਕੇਂਦਰ ਹੈ ਤੇ ਇਥੇ ਆ ਕੇ ਮਨ ਨੂੰ ਸਕੂਨ ਮਿਲਿਆ ਹੈ। ਉਨ੍ਹਾਂ ਕਿਹਾ ਕਿ ਉਹ ਇਸ ਪਵਿੱਤਰ ਅਸਥਾਨ ਤੋਂ ਸ਼ਾਂਤੀ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਲੈ ਕੇ ਜਾਣਗੇ। ਇਸ ਮੌਕੇ ਸ੍ਰੀਮਤੀ ਗਗਨਦੀਪ ਕੌਰ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ ਆਦਿ ਹਾਜ਼ਰ ਸਨ। *੨ ਜਨਵਰੀ*

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ਕੈਨੇਡਾ ਦੇ ਮੈਂਬਰ ਪਾਰਲੀਮੈਂਟ ਸ੍ਰੀ ਰਮੇਸ਼ਵਰ ਸੰਘਾ

ਅੰਮ੍ਰਿਤਸਰ- ਸ੍ਰੀ ਰਮੇਸ਼ਵਰ ਸੰਘਾ ਮੈਂਬਰ ਪਾਰਲੀਮੈਂਟ ਕੈਨੇਡਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਏ। ਉਨ੍ਹਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਣ ਉਪਰੰਤ ਪਰਕਰਮਾ ਕਰਦੇ ਸਮੇਂ ਸ. ਗੁਰਬਚਨ ਸਿੰਘ ਮੁੱਖ ਸੂਚਨਾ ਅਧਿਕਾਰੀ ਤੋਂ ਵੱਖ-ਵੱਖ ਅਸਥਾਨਾਂ ਦੇ ਇਤਿਹਾਸ ਦੀ ਜਾਣਕਾਰੀ ਹਾਸਲ ਕੀਤੀ।ਸੂਚਨਾ ਕੇਂਦਰ ਵਿਖੇ ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ ਨੇ ਸ੍ਰੀ ਰਮੇਸ਼ਵਰ ਸੰਘਾ ਨੂੰ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਤੇ ਧਾਰਮਿਕ ਕਿਤਾਬਾਂ ਦਾ ਸੈੱਟ ਦੇ ਕੇ ਸਨਮਾਨਿਤ ਕੀਤਾ। ਗੱਲਬਾਤ ਦੌਰਾਨ ਸ੍ਰੀ ਰਮੇਸ਼ਵਰ ਸੰਘਾ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਾਂਝੀਵਾਲਤਾ ਦਾ ਪ੍ਰਤੀਕ ਤੇ ਰੂਹਾਨੀਅਤ ਦਾ ਕੇਂਦਰ ਹੈ।ਉਨ੍ਹਾਂ ਕਿਹਾ ਕਿ ਮੈਂ ਧੰਨਤਾਯੋਗ ਹਾਂ ਕਿ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦੀ ਅਪਾਰ ਕ੍ਰਿਪਾ ਨਾਲ ਮੈਨੂੰ ਇਸ ਪਵਿੱਤਰ ਅਸਥਾਨ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਇਸ ਮੌਕੇ ਸ੍ਰੀ ਮਨੋਜ ਅਰੋੜਾ ਕੌਂਸਲਰ ਜਲੰਧਰ, ਸ. ਸਰਬਜੀਤ ਸਿੰਘ ਸਹਾਇਕ ਸੂਚਨਾ ਅਧਿਕਾਰੀ ਤੇ ਸ. ਹਰਭਜਨ ਸਿੰਘ ਆਦਿ ਮੌਜੂਦ ਸਨ। *੨ ਜਨਵਰੀ*

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਆਕਲੈਂਡ ਦੇ ਮੈਂਬਰ ਪਾਰਲੀਮੈਂਟ ਸ. ਕੰਵਲਜੀਤ ਸਿੰਘ ਬਖ਼ਸ਼ੀ ਨੇ ਮੱਥਾ ਟੇਕਿਆ

ਅੰਮ੍ਰਿਤਸਰ- ਸ. ਕੰਵਲਜੀਤ ਸਿੰਘ ਬਖ਼ਸ਼ੀ ਮੈਂਬਰ ਪਾਰਲੀਮੈਂਟ ਆਕਲੈਂਡ ਨੇ ਆਪਣੇ ਸਾਥੀਆਂ ਸ. ਗਵਨਜੀਤ ਸਿੰਘ ਬਖ਼ਸ਼ੀ, ਬੀਬੀ ਮਨਜੀਤ ਕੌਰ, ਬੀਬੀ ਰਵਿੰਦਰ ਕੌਰ ਤੇ ਸ. ਕਰਮਜੀਤ ਸਿੰਘ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਿਆ ਤੇ ਇਲਾਹੀ ਬਾਣੀ ਦੇ ਕੀਰਤਨ ਦਾ ਅਨੰਦ ਮਾਣਿਆ। ਸ. ਗੁਰਬਚਨ ਸਿੰਘ ਪੀ.ਆਰ.ਓ ਨੇ ਇਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇਤਿਹਾਸ ਤੋਂ ਜਾਣੂ ਕਰਵਾਇਆ। ਉਪਰੰਤ ਸੂਚਨਾ ਕੇਂਦਰ ਵਿਖੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਉਨ੍ਹਾਂ ਨੂੰ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ। ਇਸ ਸਮੇਂ ਉਨ੍ਹਾਂ ਨਾਲ ਡਾ.ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਵੀ ਮੌਜੂਦ ਸਨ। ਗੱਲਬਾਤ ਦੌਰਾਨ ਸ. ਕੰਵਲਜੀਤ ਸਿੰਘ ਬਖ਼ਸ਼ੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਰੂਹਾਨੀਅਤ ਦਾ ਕੇਂਦਰ ਹੈ ਤੇ ਇਸ ਅਸਥਾਨ 'ਤੇ ਆ ਕੇ ਆਤਮਿਕ ਆਨੰਦ ਮਿਲਣ ਦੇ ਨਾਲ-ਨਾਲ ਪਿਆਰ, ਹਮਦਰਦੀ ਤੇ ਨਿਸ਼ਕਾਮ ਸੇਵਾ ਵਿਕਸਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਮੈਂ ਪ੍ਰਿੰਟ ਤੇ ਇਲੈਕਟ੍ਰੋਨਿਕ ਮੀਡੀਏ ਰਾਹੀਂ ਅਕਸਰ ਇਸ ਪਾਵਨ ਅਸਥਾਨ ਦੇ ਦਰਸ਼ਨ ਕਰਦਾ ਰਿਹਾ ਹਾਂ, ਪਰ ਦਰਸ਼ਨ ਕਰਨ ਦੀ ਮੇਰੀ ਦਿਲੀ ਇੱਛਾ ਸੀ। ਅੱਜ ਮੈਂ ਆਪਣੇ ਆਪ ਨੂੰ ਭਾਗਾਂ ਵਾਲਾ ਸਮਝਦਾ ਹਾਂ ਕਿ ਮੈਨੂੰ ਇਸ ਪਵਿੱਤਰ ਅਸਥਾਨ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ। *੨੧ ਜਨਵਰੀ*

## ਜਥੇਦਾਰ ਅਵਤਾਰ ਸਿੰਘ ਨੇ ਭਾਈ ਗੁਰਬਖ਼ਸ਼ ਸਿੰਘ ਢਾਡੀ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਪ੍ਰਸਿੱਧ ਢਾਡੀ ਭਾਈ ਗੁਰਬਖ਼ਸ਼ ਸਿੰਘ ਅਲਬੇਲਾ ਦੇ ਅਚਾਨਕ ਅਕਾਲ ਚਲਾਣਾ ਕਰ ਜਾਣ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ। ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਹਾ ਕਿ ਭਾਈ ਗੁਰਬਖ਼ਸ਼ ਸਿੰਘ ਸਾਊ ਸੁਭਾਅ ਦੇ ਮਾਲਿਕ ਤੇ ਪਰਮਾਤਮਾ ਨੂੰ ਮੰਨਣ ਵਾਲੇ ਸਨ ਜਿਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ 'ਚ ਵੱਡਮੁੱਲਾ ਯੋਗਦਾਨ ਪਾਇਆ ਹੈ, ਪਰ ਪਰਮਾਤਮਾ ਦਾ ਭਾਣਾ ਅਟੱਲ ਹੈ, ਉਸ ਅੱਗੇ ਕਿਸੇ ਦਾ ਜ਼ੋਰ ਨਹੀਂ ਚੱਲਦਾ। ਉਨ੍ਹਾਂ ਕਿਹਾ ਕਿ ਭਾਈ ਗੁਰਬਖ਼ਸ਼ ਸਿੰਘ ਦੇ ਅਕਾਲ ਚਲਾਣੇ ਨਾਲ ਪਰਿਵਾਰ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਅਰਦਾਸ ਹੈ ਸਤਿਗੁਰੂ ਜੀ ਭਾਈ ਗੁਰਬਖ਼ਸ਼ ਸਿੰਘ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਪਿੱਛੇ ਪ੍ਰੀਵਾਰ ਤੇ ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਇਥੇ ਵਿਸ਼ੇਸ਼ ਤੌਰ 'ਤੇ ਜ਼ਿਕਰਯੋਗ ਹੈ ਕਿ ਜਥੇਦਾਰ ਅਵਤਾਰ ਸਿੰਘ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਵ. ਢਾਡੀ ਦੀ ਇੱਕ ਲੱਖ ਰੁਪਏ ਮਾਲੀ ਮਦਦ ਵੀ ਕੀਤੀ ਸੀ। *੧੨ ਜਨਵਰੀ*

■

**ਅੰਮ੍ਰਿਤ ਛਕੋ,**

**ਸਿੰਘ ਸਜੋ**

# ਧਰਮ ਪ੍ਰਚਾਰ ਸਰਗਰਮੀਆਂ

## ਧਰਮ ਪ੍ਰਚਾਰ ਕਮੇਟੀ ਨੇ 'ਸਿੱਖ ਇਤਿਹਾਸ ਤੇ ਗੁਰਬਾਣੀ ਕੰਠ ਲਹਿਰ' ਤਹਿਤ ਸਕੂਲੀ ਵਿਦਿਆਰਥੀਆਂ ਦੇ ਮੁਕਾਬਲੇ ਕਰਵਾਏ

ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਵੱਲੋਂ ਆਰੰਭ ਕੀਤੀ ਗਈ 'ਸਿੱਖ ਇਤਿਹਾਸ ਤੇ ਗੁਰਬਾਣੀ ਕੰਠ ਲਹਿਰ' ਤਹਿਤ ਸ੍ਰੀ ਗੁਰੂ ਰਾਮਦਾਸ ਪਬਲਿਕ ਹਾਈ ਸਕੂਲ, ਗੋਲਡਨ ਟੈਂਪਲ ਕਲੋਨੀ, ਸੁਲਤਾਨਵਿੰਡ ਰੋਡ ਵਿਖੇ ਹੋਣਹਾਰ ਵਿਦਿਆਰਥੀਆਂ ਦੇ ਸਕੂਲ ਪੱਧਰ ਦੇ ਮੁਕਾਬਲੇ ਕਰਵਾਏ ਗਏ।

ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ ਧਰਮ ਪ੍ਰਚਾਰ ਕਮੇਟੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਿੰਸੀਪਲ ਚਰਨਜੀਤ ਕੌਰ ਦੀ ਅਗਵਾਈ 'ਚ ਇਨ੍ਹਾਂ ਮੁਕਾਬਲਿਆਂ ਦੌਰਾਨ ਪਹਿਲੇ ਦਰਜੇ ਵਿਚ ਕਿਰਨਜੋਤ ਕੌਰ, ਰੁਪਇੰਦਰ ਕੌਰ ਤੇ ਗੁਰਲੀਨ ਕੌਰ ਨੇ ਪੁਜੀਸ਼ਨਾਂ ਹਾਸਲ ਕੀਤੀਆਂ ਅਤੇ ਦੂਸਰੇ ਦਰਜੇ ਵਿੱਚ ਯੁਗਰਾਜ ਸਿੰਘ, ਹਰਪ੍ਰੀਤ ਕੌਰ ਤੇ ਜਸਲੀਨ ਕੌਰ ਅੱਵਲ ਰਹੇ। ਇਨ੍ਹਾਂ ਮੁਕਾਬਲਿਆਂ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਤਕਰੀਬਨ ੪੦ ਵਿਦਿਆਰਥੀਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਮੁਕਾਬਲਿਆਂ ਦੌਰਾਨ ਜੱਜ ਦੀ ਭੂਮਿਕਾ ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਭਾਈ ਸਵਰਨ ਸਿੰਘ, ਭਾਈ ਤਰਸੇਮ ਸਿੰਘ, ਭਾਈ ਹੀਰਾ ਸਿੰਘ ਮਨਿਹਾਲਾ ਤੇ ਭਾਈ ਗੁਰਬਚਨ ਸਿੰਘ ਕਲਸੀਆਂ ਪ੍ਰਚਾਰਕ ਨੇ ਬਾਖੂਬੀ ਨਿਭਾਈ। *੧੫ ਜਨਵਰੀ*

## ਟਾਟਾ ਨਗਰ ਵਿਖੇ ਕਰਵਾਇਆ ਗਿਆ ਗੁਰਮਤਿ ਸਮਾਗਮ

ਭਾਈ ਜੱਜ ਸਿੰਘ ਪ੍ਰਚਾਰਕ ਵੱਲੋਂ ਪੁੱਜੀ ਸੂਚਨਾ ਅਨੁਸਾਰ ਜਮਸ਼ੇਦਪੁਰ, ਟਾਟਾ ਨਗਰ, ਝਾਰਖੰਡ ਵਿਖੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਗੁਰਦੁਆਰਾ ਸਿੰਘ ਸਭਾ ਸਾਕਚੀ 'ਤੇ ਸੈਂਟਰਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਦੀਵਾਨ ਸਜਾਏ ਗਏ। ਭਾਈ ਮਨਪ੍ਰੀਤ ਸਿੰਘ ਦੇ ਰਾਗੀ ਜਥੇ ਅਤੇ ਭਾਈ ਜੱਜ ਸਿੰਘ ਪ੍ਰਚਾਰਕ ਵੱਲੋਂ ਸਿੱਖ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਾਨ ਜੀਵਨ ਤੇ ਸਿੱਖਿਆਵਾ ਤੋਂ ਜਾਣੂ ਕਰਵਾਇਆ ਗਿਆ। ੧੮ ਜਨਵਰੀ ੨੦੧੬ ਨੂੰ ਅੰਮ੍ਰਿਤ-ਸੰਚਾਰ ਸਮਾਗਮ ਕੀਤਾ ਗਿਆ, ਜਿਸ ਵਿਚ ੩੯ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਪੁੱਤਰ ਹੋਣ ਦਾ ਮਾਣ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਰਾਉੜ ਕੇਲਾ ਤੇ ਕਟਿਹਾਰ ਸ਼ਹਿਰਾਂ ਵਿਚ ਵੀ ਅੰਮ੍ਰਿਤ ਸੰਚਾਰ ਸਮਾਗਮ ਕੀਤੇ ਗਏ, ਜਿਨ੍ਹਾਂ ਵਿਚ ਕ੍ਰਮਵਾਰ ੪੬ ਤੇ ੬੧ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ। ਇਨ੍ਹਾਂ ਸਾਰੇ ਸਮਾਗਮਾਂ ਵਿਚ ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸੈਂਟਰਲ ਕਮੇਟੀ ਦੇ ਪ੍ਰਧਾਨ ਸ. ਇੰਦਰਜੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਜਮਸ਼ੇਦਪੁਰ ਦੇ ਪ੍ਰਧਾਨ ਸ. ਗੁਰਦਿਆਲ ਸਿੰਘ, ਸ. ਰਾਮ ਕਿਸ਼ਨ ਸਿੰਘ ਤੇ ਗੁਰਦੁਆਰਾ ਸਿੰਘ ਸਭਾ ਸਾਕਠੀ ਦੇ ਪ੍ਰਧਾਨ ਡਾ. ਕੁਲਬੀਰ ਸਿੰਘ ਤੇ ਜਮਸ਼ੇਦਪੁਰ ਦੀਆਂ ਸਮੂਹ ਸਿੱਖ ਸੰਗਤਾਂ ਵੱਲੋਂ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਧਰਮ ਪ੍ਰਚਾਰ ਕਮੇਟੀ ਵੱਲੋਂ 'ਸਿੱਖ ਇਤਿਹਾਸ ਤੇ ਗੁਰਬਾਣੀ ਕੰਠ ਲਹਿਰ' ਵਿਚ ਹਿੱਸਾ ਲੈਣ ਵਾਲੇ ਸਕੂਲੀ ਵਿਦਿਆਰਥੀ ਸਨਮਾਨਿਤ

ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਵੱਲੋਂ ਆਰੰਭ ਕੀਤੀ ਗਈ 'ਸਿੱਖ ਇਤਿਹਾਸ ਤੇ ਗੁਰਬਾਣੀ ਕੰਠ ਲਹਿਰ' ਤਹਿਤ ਸ੍ਰੀ ਗੁਰੂ ਰਾਮਦਾਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਰਾਮਸਰ ਰੋਡ ਵਿਖੇ ਹੋਣਹਾਰ ਵਿਦਿਆਰਥੀਆਂ ਦੇ ਸਕੂਲ ਪੱਧਰ ਦੇ ਮੁਕਾਬਲੇ ਕਰਵਾਏ ਗਏ।

ਪ੍ਰਿੰਸੀਪਲ ਬਲਵਿੰਦਰ ਸਿੰਘ ਦੀ ਅਗਵਾਈ 'ਚ ਇਨ੍ਹਾਂ ਮੁਕਾਬਲਿਆਂ ਦੌਰਾਨ ਪਹਿਲੇ ਦਰਜੇ ਵਿੱਚ ਵਿਦਿਆਰਥੀ ਸ. ਗੁਰਆਸ ਸਿੰਘ, ਸ. ਸੁਖਰਾਜ ਸਿੰਘ ਤੇ ਸ. ਮਨਿੰਦਰ ਸਿੰਘ ਨੇ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕੀਤਾ। ਦੂਸਰੇ ਦਰਜੇ 'ਚ ਸ. ਗੁਰਪ੍ਰੀਤ ਸਿੰਘ, ਸ. ਪ੍ਰਭਦੀਪ ਸਿੰਘ ਤੇ ਸ. ਪ੍ਰਮਪ੍ਰੀਤ ਸਿੰਘ ਅੱਵਲ ਰਹੇ। ਇਨ੍ਹਾਂ ਮੁਕਾਬਲਿਆਂ ਵਿੱਚ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਤੇ ਧਾਰਮਿਕ ਲਿਟਰੇਚਰ ਦੇ ਕੇ ਧਰਮ ਪ੍ਰਚਾਰ ਕਮੇਟੀ ਵੱਲੋਂ ਸ. ਕੁਲਵਿੰਦਰ ਸਿੰਘ 'ਰਮਦਾਸ' ਮੀਤ ਸਕੱਤਰ ਨੇ ਸਨਮਾਨਿਤ ਕੀਤਾ। ਮੁਕਾਬਲਿਆਂ ਦੌਰਾਨ ਜੱਜ ਦੀ ਭੂਮਿਕਾ ਸ. ਤਰਲੋਕ ਸਿੰਘ ਵਾਈਸ ਪ੍ਰਿੰਸੀਪਲ, ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ, ਭਾਈ ਸਰਵਨ ਸਿੰਘ, ਭਾਈ ਤਰਸੇਮ ਸਿੰਘ ਤੇ ਭਾਈ ਅਮਰ ਸਿੰਘ ਪ੍ਰਚਾਰਕ ਨੇ ਬਾਖੂਬੀ ਨਿਭਾਈ। *੧੮ ਜਨਵਰੀ*

# ਸਿੱਖ ਮਿਸ਼ਨ ਹਾਪੁੜ (ਯੂ.ਪੀ.) ਵੱਲੋਂ ਗੁਰਮਤਿ ਸਮਾਗਮ ਤੇ ਅੰਮ੍ਰਿਤ-ਸੰਚਾਰ

ਸ. ਬ੍ਰਿਜਪਾਲ ਸਿੰਘ ਇੰਚਾਰਜ ਸਿੱਖ ਮਿਸ਼ਨ ਹਾਪੁੜ ਵੱਲੋਂ ਪੁੱਜੀ ਜਾਣਕਾਰੀ ਅਨੁਸਾਰ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਦੇਸ਼ ਅਤੇ ਸ. ਸੁਖਦੇਵ ਸਿੰਘ ਭੂਰਾ ਕੋਹਨਾ ਵਧੀਕ ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਦਿਸ਼ਾ-ਨਿਰਦੇਸ਼ ਤਹਿਤ ਸਿੱਖੀ ਦੇ ਪ੍ਰਚਾਰ-ਪ੍ਰਸਾਰ ਵਾਸਤੇ ਮਿਤੀ ੦੯ ਅਗਸਤ ੨੦੧੫ ਤੋਂ ੨੪ ਜਨਵਰੀ ੨੦੧੬ ਤੱਕ ਵੱਖ-ਵੱਖ ਅਸਥਾਨਾਂ 'ਤੇ ਗੁਰਮਤਿ ਸਮਾਗਮ ਤੇ ਅੰਮ੍ਰਿਤ-ਸੰਚਾਰ ਕਰਵਾਏ ਗਏ, ਜਿਨ੍ਹਾਂ ਵਿਚ ਸਿੱਖ ਸੰਗਤਾਂ ਵੱਡੀ ਗਿਣਤੀ ਵਿਚ ਸ਼ਾਮਲ ਹੋਈਆਂ। ਇਨ੍ਹਾਂ ਸਮਾਗਮਾਂ ਵਿਚ ਪੁੱਜੀਆਂ ਸੰਗਤਾਂ ਨੂੰ ਗੁਰ ਸ਼ਬਦ ਨਾਲ ਜੁੜਣ, ਵਹਿਮਾਂ-ਭਰਮਾਂ ਤੋਂ ਦੂਰ ਰਹਿਣ ਤੇ ਅੰਮ੍ਰਿਤ ਛਕਣ ਦੀ ਪ੍ਰੇਰਨਾ ਕੀਤੀ ਗਈ। ਸਿੱਖ ਮਿਸ਼ਨ ਹਾਪੁੜ ਤੋਂ ਪੁੱਜੇ ਪੰਜ ਪਿਆਰਿਆਂ ਵੱਲੋਂ ਉਕਤ ਸਮਾਗਮਾਂ 'ਚ ਖੰਡੇ-ਬਾਟੇ ਦੀ ਪਾਹੁਲ ਤਿਆਰ ਕੀਤੀ ਗਈ ਤੇ ਵੱਡੀ ਗਿਣਤੀ ਵਿਚ ਸਿੱਖ ਸੰਗਤਾਂ ਨੇ ਅੰਮ੍ਰਿਤਪਾਨ ਕੀਤਾ। ਕਕਾਰ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਨ੍ਹਾਂ ਸਮਾਗਮਾਂ ਵਿਚ ਸਿੱਖ ਮਿਸ਼ਨ ਹਾਪੁੜ ਤੋਂ ਪੁੱਜੇ ਪ੍ਰਚਾਰਕਾਂ, ਰਾਗੀ ਸਿੰਘਾਂ ਤੇ ਕਵੀਸ਼ਰੀ ਜਥੇ ਵੱਲੋਂ ਗੁਰੂ ਜੱਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸਿੰਘ ਸਭਾਵਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦਾ ਪੂਰਨ ਤੌਰ 'ਤੇ ਉਕਤ ਸਮਾਗਮਾਂ ਵਿਚ ਪੂਰਨ ਸਹਿਯੋਗ ਰਿਹਾ। ਪਤਵੰਤੇ ਸੱਜਣਾ ਨੂੰ ਗੁਰੂ-ਘਰ ਦੀ ਬਖਸ਼ਿਸ਼ ਸਿਰੋਪਾਓ ਦਿੱਤੇ ਗਏ ਅਤੇ ਇਨ੍ਹਾਂ ਸਮਾਗਮਾਂ ਵਿਚ ਗੁਰੂ ਕੇ ਲੰਗਰ ਅਤੁੱਟ ਵਰਤਦੇ ਰਹੇ।

■

ਹਿਸਾਬ-ਕਿਤਾਬ

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਦਸੰਬਰ ੨੦੧੫

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੨੨ | | ੭੩੧੩੧੨੯੯.੦੦ |
| ੨ | ਧਾਰਮਿਕ ਫੰਡ ੮੭ | ੪੩ | | ੯੨੮੦੦੦.੦੦ |
| ੩ | ਪ੍ਰਚਾਰ ਸਹਾਇਤਾ | ੭੪ | | ੨੩੪੬੦੦.੦੦ |
| ੪ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ਼੍ਰੀਦ) | ੧੦੩ | ੨੨੩੯੫੫.੦੦ | |
| ੫ | ਲਿਟਰੇਚਰ ਫੁਟਕਲ | ੧੧੦ | ੧੧੩੨੭.੦੦ | |
| ੬ | ਧਾਰਮਿਕ ਪ੍ਰੀਖਿਆ ਵਜੀਫੇ | ੧੫੫ | ੩੬੬੩੭੯੭.੦੦ | ੬੭੫.੦੦ |
| ੭ | ਪੱਤਰ-ਵਿਹਾਰ ਕੋਰਸ ਤੇ ਖੋਜ ਕੇਂਦਰ | ੧੮੩ | ੩੮੬੪੦੦.੦੦ | ੨੯੯੦੦.੦੦ |
| ੮ | ਧਰਮ ਤੇ ਅੰਮ੍ਰਿਤ ਪ੍ਰਚਾਰ | ੨੧੪ | ੩੮੮੬੬੬.੦੦ | ੨੫੪੦੦.੦੦ |
| ੯ | ਗੁਰਦੁਆਰਾ ਗਜ਼ਟ ਦਾ ਹਿੱਸਾ | ੨੩੦ | ੨੨੮੮੯੫.੦੦ | |
| ੧੦ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੫੫ | ੧੨੩੧੨੩੮.੦੦ | ੬੯੪੪੦.੦੦ |
| ੧੧ | ਗੁਰਮਤਿ ਗਿਆਨ ਹਿੰਦੀ | ੨੮੮ | ੨੦੯੬੨੩.੦੦ | ੯੪੪੦.੦੦ |
| ੧੨ | ਆਡਿਟ ਫੀਸ ਅਤੇ ਇੰਟਰਨਲ ਆਡਿਟ ਫੀਸ | ੩੦੧ | ੧੪੪੮੮੫੩.੦੦ | |
| ੧੩ | ਸਟੇਸ਼ਨਰੀ ਛਪਾਈ | ੩੦੪ | ੨੮੮੫੧੪.੦੦ | |
| ੧੪ | ਤਨਖਾਹ ਸਟਾਫ ਦਫਤਰ | ੩੦੯ | ੩੫੪੬੫੮੫.੦੦ | |
| ੧੫ | ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੧੭ | ੫੮੧੯੪੬.੦੦ | |
| ੧੬ | ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼ | ੩੨੪ | ੬੨੮੧੮੨.੦੦ | |
| ੧੭ | ਤਨਖਾਹ ਧਾਰਮਿਕ ਟੀਚਰ | ੩੨੯ | ੫੬੦੨੫੭.੦੦ | |
| ੧੮ | ਡਾਕ ਤੇ ਤਾਰ ਖਰਚ | ੩੩੬ | ੫੬੭੭.੦੦ | |
| ੧੯ | ਫਿਲਮਾਂ ਰਾਹੀਂ ਪ੍ਰਚਾਰ(ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੩੫੧ | ੧੯੧੪੭੧.੦੦ | |
| ੨੦ | ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੩੭੯ | ੯੪੫੭੩.੦੦ | |
| ੨੧ | ਮੁਕੱਦਮੇ | ੩੯੩ | ੧੩੫੩੭੦੫.੦੦ | |
| ੨੨ | ਟੈਲੀਫੋਨ | ੪੦੬ | ੧੯੧੨੪੧.੦੦ | |
| ੨੩ | ਮੁਰੰਮਤ ਸਮਾਨ ਦਫਤਰ | ੪੨੦ | ੮੬੧੦.੦੦ | |

| | | | |
|---|---|---|---|
| ੨੪ ਐਂਟਰਟੇਨਮੈਂਟ | ੪੩੧ | ੮੦੨੯.੦੦ | |
| ੨੫ ਸਫਰ ਖਰਚ ਮੈਂਬਰ ਸਾਹਿਬਾਨ | ੪੪੨ | ੨੯੧੯੦.੦੦ | |
| ੨੬ ਸਫਰ ਖਰਚ ਮੁਲਾਜਮਾਂ | ੪੫੦ | ੪੮੦੯੫.੦੦ | |
| ੨੭ ਫੁਟਕਲ ਦਫਤਰ ਤੇ ਰੋਸ਼ਨੀ | ੪੬੫ | ੩੮੮੯੬੬.੦੦ | |
| ੨੮ ਬੀਮਾ ਗੱਡੀਆਂ ਤੇ ਕੈਸ਼ | ੪੮੨ | ੯੨੧੧.੦੦ | ੩੭੪੦੪.੦੦ |
| ੨੯ ਬੀਮਾ ਪੇਸ਼ਗੀ ਮੁਲਾਜਮਾਂ ਐਕਸੀਡੈਂਟਲ | ੫੦੫ | | ੨੨੮.੦੦ |
| ੩੦ ਬੀਮਾ ਪੇਸ਼ਗੀ ਮੁਲਾਜਮਾਂ ਮੈਡੀਕਲੇਮ | ੫੧੩ | | ੪੪੯੫.੦੦ |
| ੩੧ ਗਰੈਚੂਇਟੀ ਤੇ ਛੁੱਟੀਆਂ ਆਦਿ (ਸ਼੍ਰੋਮਣੀ ਕਮੇਟੀ ਨੂੰ) | ੫੨੪ | ੨੩੨੫੦੦੦.੦੦ | |
| ੩੨ ਸ਼ਤਾਬਦੀਆਂ ਸਮਾਰੋਹ | ੯੫੯ | ੧੩੯੫੦੫੪.੦੦ | |
| ੩੩ ਸ਼ੁਕਰਾਨਾ ਸਮਾਗਮ ਸ੍ਰੀ ਅਨੰਦਪੁਰ ਸਾਹਿਬ | ੯੫੦ | ੩੪੩੧੬.੦੦ | |
| ੩੪ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੌਹੜ | ੫੬੪ | ੪੯੧੩੩੨.੦੦ | ੧੮੧੭੩.੦੦ |
| ੩੫ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੫੭੮ | ੩੨੧੦੬੧.੦੦ | ੭੩੨੬.੦੦ |
| ੩੬ ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ | ੫੯੨ | ੫੭੧੭੬.੦੦ | |
| ੩੭ ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੦੧ | ੭੯੧੬੫.੦੦ | |
| ੩੮ ਗੁਰ:ਸੰਗੀਤ ਵਿਦਿਆਲੇ:(ਬਾਦੀਆਂ,ਮੁਕਤਸਰ ਸਾਹਿਬ, ਭੂਰਾ ਕੋਹਨਾ, ਕਾਲਾਮਾਲਾ ਸੰਗਰੂਰ) ਤਨ:,ਸ:ਖ: ਤੇ ਫੁਟ:ਆਦਿ | ੬੧੫ | ੨੯੮੮੫੪.੦੦ | |
| ੩੯ ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ ਡੇਰਾ ਬਾਬਾ ਨਾਨਕ, ਭਾਈ ਗੁਰਦਾਸ ਵਿਦਿ: ਆਲਮਗੀਰ) ਤਨਖਾਹਾਂ, ਸਫਰ ਖਰਚ ਤੇ ਫੁਟਕਲ ਆਦਿ | ੬੩੭ | ੩੯੯੯੨੯.੦੦ | ੨੫੩੨੭.੦੦ |
| ੪੦ ਬੇਬੇ ਨਾਨਕੀ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅੰਮ੍ਰਿਤਸਰ | ੬੪੮ | ੫੩੩੬੭.੦੦ | |
| ੪੧ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ, (ਤਨਖਾਹਾਂ, ਆਨਰੇਰੀਅਮ ਤੇ ਫੁਟਕਲ ਆਦਿ) | ੬੫੮ | ੪੦੯੬੮੯.੦੦ | |
| ੪੨ ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੬੭੪ | ੪੪੫੯੮੧੧.੦੦ | |

| | | | |
|---|---|---|---|
| ੪੩ ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੬੯੪ | ੨੮੧੯੮੦.੦੦ | ੨੩੧੫.੦੦ |
| ੪੪ ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੭੧੨ | ੧੧੦੫੫੭੭.੦੦ | |
| ੪੫ ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖਰਚੇ | ੭੫੮ | | ੫੧੪੧੪੪.੦੦ |
| ੪੬ ਨਵੀਆਂ ਗੱਡੀਆਂ | ੬੯੧ | ੭੭੦੦.੦੦ | |
| ੪੭ ਇਮਾਰਤ ਗੁਰਮਤਿ ਕਾਲਜ ਡੇਰਾ ਬਾਬਾ ਨਾਨਕ | ੮੦੧ | ੨੬੪੦੦.੦੦ | |
| ੪੮ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸਰੀਆ) | ੮੦੯ | | ੧੮੦੮੪੨੬.੦੦ |
| ੪੯ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸੀਮਿੰਟ) | ੮੧੧ | ੪੮੨੦੦੦.੦੦ | ੮੭੨੧੦੦.੦੦ |
| ੫੦ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਠੇਕੇਦਾਰਾਂ) | ੮੧੬ | ੬੯੭੩੬੪੭.੦੦ | |
| ੫੧ ਸਮਾਨ ਦਫਤਰ ਧਰਮ ਪ੍ਰਚਾਰ | ੮੭੩ | ੧੩੬੬੫.੦੦ | |
| ੫੨ ਸਮਾਨ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ | ੯੦੧ | ੪੯੨੦੪.੦੦ | |
| ੫੩ ਸਮਾਨ ਦਫਤਰ ਯੂ.ਪੀ, ਮੱਧ ਪ੍ਰਦੇਸ਼., ਦਿੱਲੀ ਅਤੇ ਸਿੱਖ ਮਿਸ਼ਨ ਹਾਪੁੜ | ੯੦੮ | ੧੮੪੬੩.੦੦ | |
| ੫੪ ਸਮਾਨ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ ਯੂ.ਪੀ | ੯੧੧ | ੮੯੬੪੯.੦੦ | |
| ੫੫ ਸਮਾਨ ਗੁਰ:ਵਿਦਿ: ਬਾਬਾ ਦੀਪ ਸਿੰਘ ਬਰਨਾਲਾ | ੯੨੨ | ੨੯੫੦੦.੦੦ | |
| ੫੬ ਕਿਤਾਬਾਂ ਜਥੇ:ਗੁਰਚਰਨ ਸਿੰਘ ਟੌਹੜਾ ਇੰਸਟੀ: ਬਹਾਦਰਗੜ੍ਹ,ਪਟਿਆਲਾ | ੯੩੪ | ੨੩੬੭.੦੦ | |
| ੫੭ ਕਰਜਾ ਗੋਲਡਨ ਆਫਸਟ ਪ੍ਰੈਸ ਰਾਮਸਰ | ੯੪੨ | | ੪੦੦੦੦੦.੦੦ |
| ੫੮ ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੂਕਸ਼ੇਤਰ | ੧੦੦੪ | ੩੩੭੪੬੪.੦੦ | |
| ੫੯ ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ | ੧੦੧੨ | ੮੯੩੧੧.੦੦ | |
| ੬੦ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੧੦੨੧ | ੬੨੯੬੩.੦੦ | |
| ੬੧ ਗੁਰ:ਵਿਦਿਆਲਾ ਸ਼ੇਖੂਪੁਰਾ ਮੰਚੂਰੀ,ਕਰਨਾਲ ਤਨ:, | | | |

| | | | |
|---|---|---|---|
| ਵਜੀ:,ਸ:ਖਰਚ ਤੇ ਫੁਟ: | ੧੦੩੨ | ੧੩੦੪੫੦.੦੦ | |
| ੬੨ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ,ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, (ਊਨਾ) | ੧੦੪੧ | ੯੬੯੨੦.੦੦ | |
| ੬੩ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ, ਬਿੱਲ ਅਤੇ ਫੁਟਕਲ ਆਦਿ) ਰਾਜਿਸਥਾਨ ਸਿੱਖ ਮਿਸ਼ਨ (ਬੁਢਾ ਜੌਹੜ) | ੧੦੫੧ | ੪੨੫੩੧.੦੦ | |
| ੬੪ ਤਨ:ਸਫਰ ਖਰਚ ਸਟਾਫ਼ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੬੮ | ੮੬੦੧੧੧.੦੦ | |
| ੬੫ ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ,ਖਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੭੮ | ੧੬੫੭੧੯.੦੦ | |
| ੬੬ ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੯੧ | ੩੭੨੦੬.੦੦ | |
| ੬੭ ਫੁਟਕਲ ਦਫ਼ਤਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੯੭ | ੧੫੪੯੭.੦੦ | |
| ੬੮ ਸ੍ਰੀ ਗੁਰੂ ਰਾਮ ਦਾਸ ਜੀ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ ਯੂ.ਪੀ | ੧੧੦੫ | ੧੧੧੮੧੯.੦੦ | |
| ੬੯ ਗੁਰਦੁਆਰਾ ਗੁਰੂ ਨਾਨਕ ਦਰਬਾਰ ਯੂ:ਪੀ: | ੧੧੧੪ | ੮੨੪੩੩.੦੦ | ੨੯੫੧੪੦.੦੦ |
| ੭੦ ਗੁਰ: ਸਾਹਿਬਾਨ ਨੱਕਾ ਕੂਆਂ,ਸੰਤ ਸਭਾ ਨਗੀਨਾ, ਬ੍ਰਿੰਦਾਬਨ,ਗੜ੍ਹਮੁਕਤੇਸਰ ਯੂ:ਪੀ: | ੧੧੨੧ | ੧੩੩੬੩.੦੦ | ੨੭੯੧੯.੦੦ |
| ੭੧ ਸੰਗੀਤ ਵਿਦਿਆਲਾ ਬਗੜੀ ਗਜਰੋਲਾ ਯੂ:ਪੀ: | ੧੧੨੮ | ੧੧੬੭੭.੦੦ | ੧੨੩੨੨.੦੦ |
| ੭੨ ਗੁਰਦੁਆਰਾ ਸਾਹਿਬਾਨ ਪਿੰਡ ਸਾਦੂਲਾਪੁਰ (ਲੋਧਾ ਕੋਠੀ) ਯੂ:ਪੀ: | ੧੧੩੩ | | ੩੩੧੮.੦੦ |
| ੭੩ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ (ਬਿੱਲ ਫੁਟਕਲ ਆਦਿ) ਅਹਿਮਦਾਬਾਦ, ਗੁਜਰਾਤ | ੧੧੪੫ | ੩੪੯੦੦.੦੦ | |
| ੭੪ ਤਨ: ਤੇ ਸਫ਼ਰ ਖ਼ਰਚ ਸਟਾਫ਼ ਛਤੀਸਗੜ੍ਹ ਸਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੧੫੩ | ੮੫੯੭੪.੦੦ | |

| | | | |
|---|---|---|---|
| ੭੫ ਗੁਰੂ ਨਾਨਕ ਦੇਵ ਗੁ:ਵਿਦਿ: ਛਤੀਸਗੜ੍ਹ ਮਿਸ਼ਨ (ਤਨ:ਸਫਰ ਖਰਚ ਅਤੇ ਬਿੱਲ ਆਦਿ) | ੧੧੬੮ | ੭੫੨੦੨.੦੦ | ੧੬੯੯੦.੦੦ |
| ੭੬ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੭੫ | ੧੨੦੧੮੧.੦੦ | |
| ੭੭ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੮੩ | ੧੫੦੫੫.੦੦ | |
| ੭੮ ਫੁੱਟਕਲ ਦਫ਼ਤਰ ਲੰਗਰ (ਆਉ ਭਗਤ) ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੮੮ | ੪੧੯੮.੦੦ | |
| ੭੯ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ ਸਿੱਖ ਮਿਸ਼ਨ ,ਫੁਟਕਲ ਆਦਿ (ਕਾਸ਼ੀਪੁਰ) | ੧੧੯੫ | ੨੮੩੮੧੫.੦੦ | |
| ੮੦ ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ | ੧੨੧੨ | ੨੨੧੦੨੦.੦੦ | |
| ੮੧ ਸਹਾਇਤਾ ਗੁਰਦੁਆਰਾ ਸਾਹਿਬਾਨ | ੧੨੩੧ | ੨੧੪੪੦੦.੦੦ | |
| ੮੨ ਸਹਾਇਤਾ ਪੰਜਾਬ ਤੋਂ ਬਾਹਰਲੇ ਗੁਰਦੁਆਰਾ ਸਾਹਿਬਾਨ | ੧੨੫੮ | ੧੧੧੩੦੦.੦੦ | |
| ੮੩ ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ | ੧੨੭੨ | ੧੦੨੮੭੦.੦੦ | |
| ੮੪ ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ ਸਿੱਖ ਸ਼ਸਤਰ ਵਿਦਿਆ (ਗਤਕਾ) | ੧੨੮੭ | ੧੭੪੬੮੦.੦੦ | |
| ੮੫ ਸਹਾਇਤਾ ਪੀੜਤ ਪਰਿਵਾਰ | ੧੩੦੦ | ੩੦੦੦੦੦.੦੦ | |
| ੮੬ ਸਹਾਇਤਾ ਕੁਦਰਤੀ ਆਫਤਾਂ, ਕੈਂਸਰ ਰਲੀਫ ਫੰਡ (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੨੩ | ੨੦੦੦੦੦੦.੦੦ | ੧੯੦੦.੦੦ |
| ੮੭ ਸਹਾਇਤਾ ਯਾਦਗਾਰੀ ਪ੍ਰੋਜੈਕਟ ਤੇ ਇਤਿਹਾਸਕ ਇਮਾਰਤਾਂ | ੧੩੩੪ | ੪੮੨੫੨.੦੦ | |
| ੮੮ ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਵਾਨਾਂ ਨੂੰ ਸਨਮਾਨਤ | ੧੩੪੧ | ੬੦੦੦੦੦.੦੦ | |
| ੮੯ ਸਹਾਇਤਾ ਮੁਫਤ ਵਿਦਿਆ ਅੰਮ੍ਰਿਤਧਾਰੀ ਵਿਦਿਆਰਥੀ (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੫੫ | ੩੬੩੯੨੦੦.੦੦ | |
| ੯੦ ਸਹਾਇਤਾ ਗੁਰਦੁਆਰਾ ਸਾਹਿਬਾਨ, ਪੀੜਤ ਪਰਿਵਾਰ, ਲਾਇਬੇਰ੍ਰੀਆਂ ਆਦਿ ਹਰਿਆਣਾ ਸਿੱਖ ਮਿਸ਼ਨ | ੧੩੬੯ | ੫੦੦੦੦.੦੦ | |

| | | | |
|---|---|---|---|
| ੯੧ ਆਮਦਨ ਕਰ | ੧੪੦੪ | ੨੪੦੬੫੦.੦੦ | ੨੬੫੭੦੦.੦੦ |
| ੯੨ ਟੀ.ਡੀ.ਐਸ. (ਅਦਾਇਗੀ ਯੋਗ) | ੧੪੨੭ | ੪੮੭੩੫.੦੦ | ੧੧੯੪੭੩.੦੦ |
| ੯੩ ਸੇਲ ਟੈਕਸ | ੧੪੩੪ | ੨੧੩੧੩੫.੦੦ | ੪੩੭੩੫੬.੦੦ |
| ੯੪ ਖਾਲਸਾ ਸਕੂਲ ਚਿੱਟੀ ਸਿੰਘਪੁਰਾ ਅਨੰਤ ਨਾਗ ਜੰਮੂ-ਕਸ਼ਮੀਰ (ਸੀਮਿੰਟ) | ੧੪੪੫ | ੧੯੨੫੦.੦੦ | |
| ੯੫ ਅਣਦਿੱਤੀ ਤਨਖਾਹ | ੧੫੦੭ | ੧੫੨੮੦.੦੦ | ੪੦੬੩੫.੦੦ |
| ੯੬ ਅਣਦਿੱਤੇ ਬਿਲਜ਼ | ੧੫੨੨ | ੬੨੫.੦੦ | ੬੨੫.੦੦ |
| ੯੭ ਅਣਦਿੱਤੇ ਬਿਲਜ਼ ਸ਼੍ਰੋਮਣੀ ਕਮੇਟੀ (ਗੁਰਬਾਣੀ ਤੇ ਗੁਰਮਤਿ ਲਿਟ: ਫੰਡ) | ੧੫੪੦ | | ੧੬੭੪੮੭.੦੦ |
| ੯੮ ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੧੫੫੫ | ੬੩੦੧੬.੦੦ | ੬੩੦੧੬.੦੦ |
| ੯੯ ਅਮਾਨਤ ਕਿਰਾਇਆ ਸ੍ਰੀ ਫਤਹਿਗੜ੍ਹ ਸਾਹਿਬ | ੧੫੭੦ | | ੧੬੪੨.੦੦ |
| ੧੦੦ ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ | ੧੫੭੭ | | ੭੩੭੪.੦੦ |
| ੧੦੧ ਅਮਾਨਤ ਜਨਰਲ | ੧੫੮੫ | ੧੮੨੦.੦੦ | ੨੦੦੦੦੦.੦੦ |
| ੧੦੨ ਅਮਾਨਤ ਮੁਲਾਜਮਾਂ | ੧੬੦੧ | ੨੮੨੨੩.੦੦ | ੩੮੨੨੩.੦੦ |
| ੧੦੩ ਅਮਾਨਤ ਸ਼੍ਰੋਮਣੀ ਕਮੇਟੀ | ੧੬੧੯ | ੧੭੭੬੫.੦੦ | ੧੭੭੬੫.੦੦ |
| ੧੦੪ ਲੈਣ ਦੇਣ ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ (ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ) | ੧੬੩੦ | | ੫੦੦੦੦੦੦.੦੦ |
| ੧੦੫ ਪੇਸ਼ਗੀ ਜਨਰਲ | ੧੬੭੧ | ੭੨੭੬੮੮੦.੦੦ | ੮੦੬੧੮੦੦.੦੦ |
| ੧੦੬ ਪੇਸ਼ਗੀ ਤਨਖਾਹ | ੧੭੨੯ | ੭੩੮੨੨੫.੦੦ | ੭੨੯੨੬੬.੦੦ |
| ੧੦੭ ਕਿਰਾ: ਦੁਕਾਨਾ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੧੭੭੦ | | ੭੧੮੭੯.੦੦ |
| ੧੦੮ ਪ੍ਰੋ: ਫੰਡ ਸਟਾਫ਼ | ੨੦੧੮ | ੧੮੦੩੭੪੮.੦੦ | ੧੮੦੩੭੪੮.੦੦ |
| ੧੦੯ ਕਰਜਾ ਪ੍ਰੋ: ਫੰਡ | ੨੦੩੧ | ੬੮੫੫੦.੦੦ | ੬੮੫੫੦.੦੦ |
| ੧੧੦ S.B A/c No.੬੫੦੩੮੬੦੦੪੮੦ SBP, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੦੮੨ | ੫੭੫੨੨੬੮.੦੦ | ੧੦੯੯੧੧੦੫.੦੦ |
| ੧੧੧ S.B A/c No.੦੦੯੭੬੦੦੦/੦੦੦੭੦੧੨੭ PNB, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੧੨੦ | | ੨੮੯੩੮੫.੦੦ |
| ੧੧੨ S.B A/c No.੭੪੭੯੦੦੦/੦੦੦੦੮੭੩੨ PNB, ਸਰਾਂਏ, ਅੰਮ੍ਰਿਤਸਰ | ੨੧੫੨ | ੧੫੫੩੩੯੧੮.੦੦ | ੧੯੦੨੬੦੦.੦੦ |
| ੧੧੩ S.B A/c No.੧੩੧੩੧੦੦੦੦੧੭੯੬੬ HDFC, | | | |

| | | | |
|---|---|---|---|
| ਗੋਲਡਨ ਟੈਂਪਲ, ਅੰਮ੍ਰਿਤਸਰ | ੨੧੮੪ | ੩੨੭੭੫੬੨੭.੦੦ | ੧੫੦੩੨੮੭੧.੦੦ |
| ੧੧੪ S.B A/c No.੨੪੮੦ PSB, ਸਰਾਂਏ ਅੰਮ੍ਰਿਤਸਰ | ੨੨੦੬ | ੧੧੬੭੦੬੮੩.੦੦ | ੬੯੯੮੩੨੪.੦੦ |
| ੧੧੫ S.B A/c No.੧੪੦੮੯ PSB, ਚੌਂਕ ਘੰਟਾ-ਘਰ, ਅੰਮ੍ਰਿਤਸਰ | ੨੨੩੬ | | ੩੦੦੦.੦੦ |
| ੧੧੬ S.B A/c No.੨੩੩ PSB, ਗੜ੍ਹ ਰੋਡ, ਹਾਪੁੜ (ਯੂ.ਪੀ) | ੨੨੬੧ | ੪੦੩੭੯੨.੦੦ | |
| ੧੧੭ S.B A/c No.੦੦੬੬੦੧੦੦੩੨੩੩ ICICI Bank, ਮਾਲ ਰੋਡ, ਅੰਮ੍ਰਿਤਸਰ | ੨੩੫੦ | ੧੯੦੦੦੦੦.੦੦ | |
| ੧੧੮ S.B A/c No.੯੧੧੦੧੦੦੩੦੩੭੪੬੭੨ Axis Bank, ਕੋਰਟ ਰੋਡ, ਅੰਮ੍ਰਿਤਸਰ | ੨੩੫੬ | ੪੮੫੪੬੮੭.੦੦ | ੩੭੮੦੦੦.੦੦ |
| ੧੧੯ S.B A/c No. ੦੮੧੧੬੫੫੬੪੨ ਕੋਟਿਕ ਮਹਿੰਦਰਾ ਬੈਂਕ ਮਾਲ ਰੋਡ | ੨੩੭੯ | ੫੦੦੦੦੦੦.੦੦ | ੪੬੨੦੫੮੪.੦੦ |
| ੧੨੦ F.D A/c ਸਵ: ਭਾਈ ਗੁਰਨਾਮ ਸਿੰਘ ਪ੍ਰਚਾਰਕ ਦੇ ਬੱਚਿਆ ਦੀਆਂ | ੨੪੦੪ | ੨੦੦੦੦੦.੦੦ | |
| ੧੨੧ ਸੂਦ ਬੈਂਕਾਂ | ੨੪੧੬ | | ੧੫੭੨੪.੦੦ |
| ੧੨੨ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੪੩੪ | | ੪੯੮੪੮੩.੦੦ |
| ੧੨੩ ਜਮਾਨਤ ਵਿਦਿਆਰਥੀਆਂ | ੨੪੫੧ | ੨੨੦੦.੦੦ | ੧੦੨੦੦.੦੦ |
| ੧੨੪ ਜਮਾਨਤਾਂ ਮੁਲਾਜਮਾਂ | ੨੪੬੭ | ੩੦੫੨੬.੦੦ | ੧੭੫੦੦.੦੦ |
| | **ਜੋੜ** | ੧੩੬੯੨੦੦੨੬.੦੦ | ੧੩੬੩੨੮੫੯੬.੦੦ |
| | **ਹੱਥ ਦੀ ਬਾਕੀ** | ੧੧੧੧੮੦੯.੦੦ | ੧੭੦੩੨੩੯.੦੦ |
| | **ਕੁਲ ਜੋੜ** | ੧੩੮੦੩੧੮੩੫.੦੦ | ੧੩੮੦੩੧੮੩੫.੦੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਐਡੀ:/ਸਕੱਤਰ,

ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਟਰੱਸਟ ਫੰਡਜ, ਮਹੀਨਾ ਜੂਨ ੨੦੧੫

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **ਜਨਰਲ ਲੈਜਰ ਨੰ:੧** | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੧ | | ੨੯੦੦੦੦.੦੦ |
| ੨ | ਤਨਖਾਹ ਤੇ ਕਮਿਸ਼ਨ | ੨੧ | ੩੭੫੧੯੧.੦੦ | |
| ੩ | ਸਮਾਨ ਤੇ ਫਰਨੀਚਰ | ੨੯ | ੫੪੫੦.੦੦ | |
| ੪ | ਸਿੱਖ ਇਤਿਹਾਸ ਦੀ ਖੋਜ ਲਿਖਾਈ ਤੇ ਹੋਰ ਪੁਰਾਤਨ ਗ੍ਰੰਥਾਂ ਦੀ ਛਪਾਈ | ੩੧ | ੩੯੨੦.੦੦ | |
| ੫ | ਸਫਰ ਖਰਚ ਫੁਟਕਲ | ੪੭ | ੬੨੫.੦੦ | |
| ੬ | ਟੈਲੀਫੂਨ | ੫੧ | ੧੩੯੧.੦੦ | |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੭ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੫੭ | | ੨੧੫੮੦੦੦.੦੦ |
| ੮ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੭੦ | | ੩੦੪੧੭੭.੦੦ |
| ੯ | ਵਸੂਲਣ ਯੋਗ ਬਿੱਲ ਦੀਆਂ ਰਕਮਾਂ ਗੁਰਬਾਣੀ ਤੇ ਗੁਰਦੁਆਰਾ ਲਿਟਰੇਚਰ | ੮੯ | | ੨੦੧੬੦੬੭.੦੦ |
| ੧੦ | ਤਨਖਾਹ ਤੇ ਕਮਿਸ਼ਨ | ੧੧੯ | ੩੯੫੮੬੩.੦੦ | |
| ੧੧ | ਛਪਾਈ ਗੁ:ਤੇ ਗੁ:ਲਿਟ:ਪਦਛੇਦ ਬੀੜ ਪੁਰਾਤਨ ਇਤਿਹਾਸ ਗ੍ਰੰਥ | ੧੪੦ | ੨੦੭੭੧੨.੦੦ | |
| ੧੨ | ਕਾਗਜ਼ | ੧੨੮ | ੪੦੪੯੧੨.੦੦ | |
| ੧੩ | ਜਿਲਦਬੰਦੀ | ੧੩੩ | ੮੯੨੪੩੦.੫੦ | |
| ੧੪ | ਤਨਖਾਹ ਜਿਲਦਬੰਦੀ ਵਿਭਾਗ | ੧੪੪ | ੧੯੩੦੭੫.੦੦ | |
| ੧੫ | ਦਰਸ਼ਨ ਭੇਟਾ | ੧੪੭ | ੧੨੦੭੪੮.੫੦ | |
| ੧੬ | ਫੁਟਕਲ ਤੇ ਗੱਡੀ ਸ੍ਰੀ ਪਾਵਨ ਸਰੂਪ | ੧੫੮ | ੯੧੨੭੭.੦੦ | ੨੩੨੦੦.੦੦ |
| ੧੭ | ਸਫਰ ਖਰਚ | ੧੬੯ | ੧੧੬੩੦.੦੦ | |
| | **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੧੮ | ਵੀਜ਼ਾ ਫੀਸ | ੨੪੪ | | ੮੪੦੦.੦੦ |
| ੧੯ | ਤਨਖਾਹ ਸਟਾਫ ਆਦਿ | ੨੬੧ | ੧੫੫੫੬੫.੦੦ | |

| | | | |
|---|---|---|---|
| ੨੦ ਖਰਚ ਗੁ: ਸਾਹਿਬਾਨ ਪਾਕਿਸਤਾਨ | ੨੬੭ | ੫੨੫੨੦.੦੦ | |
| **ਭਾਈਚਾਰਕ ਸੁਧਾਰ ਫੰਡ** | | | |
| ੨੧ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਾਹਿਬਾਨ ਤੋਂ | ੧੭੯ | | ੧੪੮੦੦੦.੦੦ |
| ੨੨ ਤਨਖਾਹ ਸਟਾਫ ਆਦਿ | ੧੯੩ | ੧੮੪੮੮੭.੦੦ | |
| **ਜਨਰਲ ਪ੍ਰੋ: ਫੰਡ** | | | |
| ੨੩ ਬਚਤ ਹਿਸਾਬ ਨੰ: S ੧੧੫੭੯ (੬੩੮੨) | | | |
| ਸੈਂਟਰਲ ਕ. ਅਪ.ਬੈਂਕ | ੨੦੩ | ੧੪੯੨.੩੬ | |
| **ਜਨਰਲ ਲੈਜਰ ਨੰ:੨** | | | |
| **ਅਮਾਨਤਾਂ** | | | |
| ੨੪ ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੫੦੪ | | ੩੨੬੫੭.੦੦ |
| ੨੫ ਅਮਾਨਤ ਗੁਰਦੁਆਰੇ | ੫੨੨ | | ੪੯੧੩੮੨.੦੦ |
| ੨੬ ਅਮਾਨਤ ਮੁਲਾਜਮਾਂ ਤੇ ਜਨਰਲ | ੫੩੩ | | ੭੩੫੯੩੪.੦੦ |
| ੨੭ ਅਮਾਨਤ ਐਲ.ਆਈ.ਸੀ. ਮੁਲਾਜਮਾਂ | ੫੪੪ | ੧੪੬੪੩.੦੦ | ੬੪੦੭.੦੦ |
| ੨੮ ਅਮਾਨਤ ਕਲਰਕਾਂ/ਸੇਵਾਦਾਰਾਂ | ੫੫੯ | ੪੨੩੦੬.੦੦ | ੬੧੩੪੦.੦੦ |
| ੨੯ ਲੈਣ ਦੇਣ ਜਨਰਲ ਬੋਰਡ ਫੰਡ | ੫੭੨ | | ੧੦੦੦੦੦੦੦.੦੦ |
| ੩੦ ਲੈਣ ਦੇਣ ਵਿਦਿਆ ਫੰਡ | ੫੭੭ | | ੭੪੦੫੨੦.੦੦ |
| ੩੧ ਕੈਸ਼ ਹੋਣ ਯੋਗ ਚੈੱਕ ਜਾਂ ਡਰਾਫਟ | ੫੮੫ | | ੨੦੦੦੦.੦੦ |
| ੩੨ ਖਰਚ ਦਫਤਰ | ੫੯੧ | ੧੨੩੧੫੫੮.੦੦ | ੧੨੨੫੫.੦੦ |
| ੩੩ ਮਿਆਦੀ ਹਿਸਾਬ ਅਮਾਨਤਾਂ | ੬੦੪ | ੪੯੦੮੭੮.੦੦ | ੩੮੦੨੯੮.੦੦ |
| **ਜਮਾਨਤਾਂ** | | | |
| ੩੪ ਜਮਾਨਤ ਮੁਲਾਜਮਾਂ | ੬੨੬ | ੭੫੦੦.੦੦ | ੧੬੨੫੦੦.੦੦ |
| ੩੫ ਮਿਆਦੀ ਹਿਸਾਬ ਜਮਾਨਤਾਂ | ੬੬੮ | ੫੭੭.੭੩ | |
| ੩੬ ਜਮਾਨਤ ਠੇਕੇਦਾਰਾਂ | ੬੭੬ | ੨੦੮੭੦੦.੦੦ | ੨੦੨੬੭੨੯.੦੦ |
| ੩੭ ਮਿਆਦੀ ਹਿਸਾਬ ਠੇਕੇਦਾਰਾਂ | ੬੮੮ | ੧੦੦੦੦੦੦.੦੦ | |
| ੩੮ ਪੇਸ਼ਗੀ ਜਨਰਲ | ੭੦੨ | ੬੨੦੬੭੨੫.੦੦ | ੪੧੬੩੯੦੫.੦੦ |
| ੩੯ ਪੇਸ਼ਗੀ ਤਨਖਾਹ | ੭੪੦ | ੨੧੬੦੦੦.੦੦ | ੧੯੩੦੦੦.੦੦ |
| ੪੦ ਬਚਤ ਹਿਸਾਬ ਨੰ:੨੧੨੨ ਪੰਜਾਬ ਐਂਡ | | | |
| ਸਿੰਧ ਬੈਂਕ, ਨਿਵਾਸ | ੭੬੫ | ੧੯੦੪੬੭੭੩.੦੦ | ੭੮੦੯੮੦੬.੦੦ |
| ੪੧ ਬਚਤ ਹਿਸਾਬ ਨੰ:੧੩੧੩੧੦੦੦੦੯੪੬੭੦ | | | |
| ਐਚ.ਡੀ.ਐਫ.ਸੀ. ਬੈਂਕ ਗੋਲਡਨ ਟੈਂਪਲ | ੯੯੧ | ੧੯੦੬੧੦੦.੦੦ | |
| ੪੨ ਬਚਤ ਹਿਸਾਬ ਨੰ:੩੫੮ (ਪੀ.ਐਸ.ਬੀ.ਹਾਲ ਬਾਜ਼ਾਰ) | ੮੦੭ | ੫੧੯੮.੧੯ | |
| ੪੩ ਬੱਚਤ ਹਿਸਾਬ ਨੰ:੨ ਪੰਜਾਬ ਐਂਡ ਸਿੰਧ ਬੈਂਕ,ਨਿਵਾਸ | ੮੧੮ | ੧੫੨੬੭੫੯੮.੨੫ | ੩੭੦੧੪੮੩.੪੫ |
| ੪੪ ਬੱਚਤ ਹਿਸਾਬ ਨੰ: ੬੫੦੨੦੭੨੧੭੨੦ ਸਟੇਟ ਬੈਂਕ ਆਫ | | | |

| | | | |
|---|---|---|---|
| ਪਟਿਆਲਾ ਜੱਲ੍ਹਿਆਂ ਵਾਲਾ ਬਾਗ,ਅੰਮ੍ਰਿਤਸਰ (ATM) | ੮੬੩ | ੮੮੩੯੯੪੩.00 | ੧੭੧੨੫੮੬੭.੬੩ |
| ੪੫ ਬੱਚਤ ਹਿਸਾਬ ਟੂ ਇੰਨ ਵਨ ਨੰ: C.L.S.B. | | | |
| ੦੧/੦੧੦੦੬੯ ਕਾਰਪੋਰੇਸ਼ਨ ਬੈਂਕ ਲਾਰੈਂਸ ਰੋਡ | ੮੯੦ | ੫੩੧੭.੮੭ | ੧੦੦੦੦੦੦.੦੦ |
| ੪੬ ਮਿਆਦੀ ਹਿਸਾਬ ਜਨਰਲ ਡਿਪਾਜਟ ਪ੍ਰੋਵੀਡੈਂਟ ਫੰਡ | ੯੧੦ | ੨੯੫੬੬੯੫.੯੬ | ੬੧੪੪੦੨.੫੦ |
| ੪੭ ਬਚਤ ਹਿਸਾਬ ਨੰ:੧੭੪੭੭ (੬੫੭੫੬੭੭੫) | | | |
| ਅਲਾਹਾਬਾਦ ਬੈਂਕ | ੯੦੬ | ੪੨੧੨੫੨੦.੦੦ | |
| ੪੮ ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾਂ) | ੯੫੩ | ੧੨੬੧੭.੦੦ | ੪੭੩੫.੦੦ |

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ**

**ਗੁਰਦੁਆਰਾ ਸਾਹਿਬਾਨ ਦਾ ਗ੍ਰੈਚੂਇਟੀ ਅਤੇ ਛੁੱਟੀਆਂ ਦਾ ਫੰਡ**

| | | | |
|---|---|---|---|
| ੪੯ ਵਸੂਲੀ ਦਫਾ-੮੫ ਗੁਰਦੁਆਰਾ ਸਾਹਿਬਾਨ ਤੋਂ | | | |
| ਗ੍ਰੈਚੂਇਟੀ ਤੇ ਤਨਖਾਹ ਰਿਆਇਤ | ੯੨੨ | | ੪੧੦੫੦੦੦.੦੦ |
| ੫੦ ਗ੍ਰੈਚੂਇਟੀ ਤੇ ਛੁੱਟੀਆਂ ਦਾ ਸੇਵਾਫਲ ਮੁਲਾਜ਼ਮਾਂ | ੯੩੭ | ੨੧੩੭੫੧੧੪.੦੦ | |

**ਜਨਰਲ ਲੈਜਰ ਨੰ:੩**

**ਕੁਦਰਤੀ ਆਫਤਾਂ ਤੇ ਹੜ੍ਹ ਪੀੜ੍ਹਤ ਫੰਡ/ਕੈਂਸਰ ਰਲੀਫ ਫੰਡ**

| | | | |
|---|---|---|---|
| ੫੧ ਵਸੂਲੀ ਦਫਾ-੮੫ ਦੇ ਗੁਰਦੁਆਰਾ ਸਾਹਿਬਾਨ ਤੋਂ | | | |
| ਕੁਦਰਤੀ ਆਫਤਾਂ/ਕੈਂਸਰ ਰਲੀਫ | ੧੦੮੫ | | ੪੮੬੫੦੦੦.੦੦ |
| ੫੨ ਮੁਲਾਜਮਾਂ, ਮੈਂਬਰ ਸਾਹਿਬਾਨ ਅਤੇ | | | |
| ਸੰਗਤਾਂ ਪਾਸੋਂ ਸਹਾਇਤਾ | ੧੦੯੩ | | ੮੧੧੦੦.੦੦ |
| ੫੩ ਖਰਚ ਕੈਂਸਰ ਰਲੀਫ ਫੰਡ ਲਈ | ੧੧੪੯ | ੨੭੬੦੦੦੦.੦੦ | |
| ੫੪ ਤਨਖਾਹ ਸਟਾਫ ਕੈਂਸਰ ਰਲੀਫ ਫੰਡ | ੧੧੩੩ | ੨੦੩੫੦੯.੦੦ | |
| ੫੫ ਕੁਦਰਤੀ ਆਫਤਾਂ ਲਈ ਸਹਾਇਤਾ (ਉਤਰਾਂਚਲ) | ੧੨੯੪ | | ੮੭੯੦੦.੦੦ |
| ੫੬ ਸਫਰ ਖਰਚ | ੧੩੪੧ | ੧੦੪੭੮.੦੦ | |
| ੫੭ ਖਰਚ ਕੁਦਰਤੀ ਆਫਤਾਂ | ੧੩੦੩ | ੧੦੧੯੦੧੯.੦੦ | |

**ਸ਼ਹੀਦੀ ਫੰਡ**

| | | | |
|---|---|---|---|
| ੫੮ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਾਹਿਬਾਨ ਤੋਂ | ੧੦੦੭ | | ੩੮੨੦੦੦.੦੦ |
| ੫੯ ਸਹਾਇਤਾ ਧਰਮੀ ਫੋਜੀਆਂ ਨੂੰ | ੧੦੩੪ | ੪੫੦੦੦੦.੦੦ | |
| ੬੦ ੧੯੮੪ ਦੇ ਦੰਗਾ ਪੀੜਤ ਸਿੱਖਾਂ ਦੇ ਬੱਚਿਆਂ ਦੀ | | | |
| ਉਚੇਰੀ ਵਿੱਦਿਆ ਲਈ | | ੧੧੨੪੦੫.੦੦ | |

**ਧਰਮ ਅਰਥ ਅਤੇ ਪੰਥਕ ਭਲਾਈ ਫੰਡ**

| | | | |
|---|---|---|---|
| ੬੧ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਾਹਿਬਾਨ ਤੋਂ | | | |
| (ਧਰਮ ਅਰਥ) | ੧੩੫੧ | | ੪੫੧੦੦੦.੦੦ |
| ੬੨ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਾਹਿਬਾਨ ਤੋਂ | | | |

| | | | |
|---|---|---|---|
| ਪੰਥਕ ਭਲਾਈ ਫੰਡ | ੧੩੬੦ | | ੧੪੮੦੦੦.੦੦ |
| ੬੩ ਬੱਚਤ ਹਿਸਾਬ ਨੰ:੩੨੪੨੩ ਪੰਜਾਬ ਨੈਸ਼ਨਲ ਬੈਂਕ | ੧੩੮੨ | ੧੭੫੮੩੮੨੩.੦੦ | ੨੬੪੦੨੦੦੬.੦੦ |
| ੬੪ ਫੁਟਕਲ ਆਮਦਨ ਸੰਗਤਾਂ ਪਾਸੋਂ | ੧੪੨੯ | | ੨੬੯੧੨੧.੪੪ |
| ੬੫ ਪੰਥਕ ਭਲਾਈ ਫੰਡ (ਖਰਚ) | ੧੪੪੮ | ੨੦੪੨੦੦.੦੦ | |
| ੬੬ ਧਰਮ ਅਰਥ ਫੰਡ (ਖਰਚ) | ੧੪੬੭ | ੭੦੮੦੦੦.੦੦ | |
| ੬੭ ਸਫਰ ਖਰਚ | ੧੪੧੯ | ੧੨੬੮.੦੦ | |
| **ਪ੍ਰੋਵੀਡੈਂਟ ਫੰਡ** | | | |
| ੬੮ ਪ੍ਰੋਵੀਡੈਂਟ ਫੰਡ | ੨੦ | ੪੦੬੨੬੮੧.੭੯ | ੧੬੯੮੮੩੪੩.੬੧ |
| ੬੯ ਕਰਜਾ ਪ੍ਰੋਵੀਡੈਂਟ ਫੰਡ | ੯੫ | ੭੩੫੦੦੦.੦੦ | ੧੯੪੮੦੦.੦੦ |
| ੭੦ ਅਮਾਨਤ ਪ੍ਰੋਵੀਡੈਂਟ ਫੰਡ | ੧੩੯ | ੬੫੮੯੯੫੮.੦੦ | ੬੫੮੯੯੫੮.੦੦ |
| ੭੧ ਬਚਤ ਹਿਸਾਬ ਪ੍ਰੋਵੀਡੈਂਟ ਫੰਡ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੧੯੪ | ੩੨੩੮.੯੮ | ੧੧੮੯੩.੪੪ |
| ੭੨ ਬਚਤ ਹਿਸਾਬ ਪ੍ਰੋਵੀਡੈਂਟ ਫੰਡ ਕਾਰਪੋਰੇਸ਼ਨ ਬੈਂਕ ਲਾਰੰਸ ਰੋਡ | ੨੩੨ | ੧੭੬੨.੦੦ | ੫੩੧੭.੮੭ |
| ੭੩ ਬਚਤ ਹਿਸਾਬ ਪ੍ਰੋਵੀਡੈਂਟ ਫੰਡ ਸੈਂਟਰਲ ਕ.ਅਪ. ਬੈਂਕ ਹਾਲ ਬਜ਼ਾਰ | ੨੧੧ | ੪੭.੬੩ | ੧੪੯੨.੩੬ |
| ੭੪ ਬਚਤ ਹਿਸਾਬ ਪ੍ਰੋਵੀਡੈਂਟ ਫੰਡ ਸਟੇਟ ਬੈਂਕ ਪਟਿਆਲਾ | ੨੭੧ | ੪੩.੦੦ | ੩੦੪੩.੦੦ |
| ੭੫ ਬਚਤ ਹਿਸਾਬ ਪ੍ਰੋਵੀਡੈਂਟ ਫੰਡ, ਵਿਜੈ ਬੈਂਕ | ੩੦੮ | | ੭੦੫੨੯੩.੪੬ |
| ੭੬ ਮਿਆਦੀ ਹਿਸਾਬ ਪ੍ਰੋਵੀਡੈਂਟ ਫੰਡ, ਆਂਧਰਾ ਬੈਂਕ ਡਿਊ ੩੧.੦੭.੨੦੧੫ | ੨੯੩ | | ੭੧੨੦੦੦.੦੦ |
| ੭੭ ਮਿਆਦੀ ਹਿਸਾਬ ਪੰਜਾਬ ਐਂਡ ਸਿੰਧ ਬੈਂਕ ਡਿਊ ਮਿਤੀ ੦੭/੧੦ | ੩੧੭ | | ੩੩੨੩੦੦੦.੦੦ |
| ੭੮ ਮਿਆਦੀ ਹਿਸਾਬ ਪੰਜਾਬ ਐਂਡ ਸਿੰਧ ਬੈਂਕ ਡਿਊ ਮਿਤੀ ੦੭/੧੦ | ੩੦੩ | | ੯੨੫੦੦੦.੦੦ |
| | **ਜੋੜ** | ੧੨੦੫੯੦੮੬੭.੭੬ | ੧੨੦੪੮੨੩੨੯.੭੬ |
| | **ਹੱਥ ਦੀ ਬਾਕੀ** | ੧੨੦੬੫੦.੦੦ | ੨੨੯੧੮੮.੦੦ |
| | **ਵੱਡਾ ਜੋੜ** | ੧੨੦੭੧੧੫੧੭.੭੬ | ੧੨੦੭੧੧੫੧੭.੭੬ |

ਸਹੀ/- ਸਹੀ/-

ਅਕਾਊਂਟੈਂਟ, ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖਰਚ ਟਰੱਸਟ ਫੰਡਜ, ਮਹੀਨਾ ਜੁਲਾਈ ੨੦੧੫

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| | **ਜਨਰਲ ਲੈਜਰ ਨੰ:੧** | | | |
| | **ਸਿੱਖ ਇਤਿਹਾਸ ਖੋਜ ਫੰਡ** | | | |
| ੧ | ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | ੨ | | ੧੧੧੧੦੦੦.੦੦ |
| ੨ | ਮਿਆਦੀ ਹਿਸਾਬ | ੧੧ | ੪੭੦੦੦੦੦੦.੦੦ | ੪੨੫੧੪੦੯੨.੦੦ |
| ੩ | ਸੂਦ | ੧੩ | | ੩੯੮੬੭੭੭.੦੦ |
| ੪ | ਤਨਖਾਹ ਤੇ ਕਮਿਸ਼ਨ | ੨੧ | ੩੭੩੫੬੪.੦੦ | |
| ੫ | ਸਮਾਨ ਤੇ ਫਰਨੀਚਰ | ੨੯ | ੭੪੫੦.੦੦ | |
| ੬ | ਪੁਸਤਕਾਂ ਅਖਬਾਰਾਂ ਤੇ ਰਸਾਲੇ | ੪੦ | ੨੫੦੪.੦੦ | |
| ੭ | ਸਿੱਖ ਇਤਿ:ਦੀ ਖੋਜ ਲਿਖਾਈ ਛਪਾਈ ਤੇ ਹੋਰ ਪੁਰਾਤਨ ਗ੍ਰੰਥਾਂ ਦੀ ਛਪਾਈ ਆਦਿ | ੩੧ | ੧੧੩੨.੦੦ | |
| ੮ | ਸਿੱਖ ਰੈਫਰੈਸ ਲਾਇਬ੍ਰੇਰੀ ਲਈ ਨਵੀਆਂ ਤੇ ਪੁਰਾਤਨ ਪੁਸਤਕਾਂ ਦੀ ਪ੍ਰਾਪਤੀ | ੪੫ | ੧੭੦੬੫.੦੦ | |
| ੯ | ਕੰਪਿਊਟਰ | ੫੫ | ੩੦੫੦.੦੦ | |
| ੧੦ | ਟੈਲੀਫੂਨ | ੫੧ | ੩੫੪੨.੦੦ | |
| | **ਗੁ:ਤੇ ਗੁ:ਲਿਟਰੇਚਰ ਫੰਡ** | | | |
| ੧੧ | ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੫੭ | | ੧੫੯੭੦੦੦.੦੦ |
| ੧੨ | ਵਿਕਰੀ ਪੁਸਤਕਾਂ ਤੇ ਭੇਟਾ ਸ੍ਰੀ ਪਾਵਨ ਸਰੂਪ | ੭੨ | | ੫੧੬੨੪੫.੦੦ |
| ੧੩ | ਵਸੂਲਣ ਯੋਗ ਬਿੱਲ ਦੀਆ ਰਕਮਾ ਗੁਰਬਾਣੀ ਤੇ ਗੁ:ਲਿਟਰੇਚਰ | ੯੧ | | ੧੪੭੮੫੫੭.੦੦ |
| ੧੪ | ਮਿਆਦੀ ਹਿਸਾਬ | ੧੧੨ | ੯੧੦੦੦੦੦੦.੦੦ | ੮੨੬੭੮੦੨੧.੦੦ |
| ੧੫ | ਸੂਦ | ੧੧੪ | | ੭੭੭੬੪੧੫.੦੦ |
| ੧੬ | ਤਨਖਾਹ ਤੇ ਕਮਿਸ਼ਨ | ੧੧੯ | ੩੯੫੭੬੩.੦੦ | ੭੦੨੦.੦੦ |
| ੧੭ | ਪਬਲਿਸਿਟੀ ਤੇ ਏਜੰਸੀਆਂ | ੧੨੨ | ੫੫੭੬੩੮.੦੦ | |
| ੧੮ | ਛਪਾਈ ਗੁ:ਤੇ ਗੁ:ਲਿਟ:ਪਦਛੇਦ ਬੀੜ ਪੁਰਾਤਨ ਇਤਿਹਾਸ ਗ੍ਰੰਥ | ੧੪੦ | ੨੬੧੪੩੨.੦੦ | |
| ੧੯ | ਕਾਗਜ਼ | ੧੨੮ | ੬੬੨੨੪੨.੦੦ | |
| ੨੦ | ਜਿਲਦਬੰਦੀ | ੧੩੪ | ੨੮੦੮੪੭.੦੦ | ੩੦੦.੦੦ |

| | | | |
|---|---|---|---|
| ੨੧ ਤਨਖਾਹ ਜਿਲਦਬੰਦੀ ਵਿਭਾਗ | ੧੪੪ | ੨੧੭੯੪੬.੦੦ | |
| ੨੨ ਦਰਸ਼ਨ ਭੇਟਾ | ੧੪੮ | ੧੦੬੮੦੦.੦੦ | |
| ੨੩ ਫੁਟਕਲ ਤੇ ਗੱਡੀ ਸ੍ਰੀ ਪਾਵਨ ਸਰੂਪ | ੧੫੮ | ੨੩੪੨੪.੦੦ | ੧੬੮੫੦.੦੦ |
| ੨੪ ਸਫਰ ਖਰਚ | ੧੬੯ | ੧੬੦੦.੦੦ | |
| ੨੫ ਟੈਲੀਫੂਨ | ੧੭੬ | ੧੯੩੩.੦੦ | |
| **ਯਾਤਰਾ ਗੁ: ਸਾਹਿਬਾਨ ਪਾਕਿਸਤਾਨ** | | | |
| ੨੬ ਵੀਜ਼ਾ ਫੀਸ | ੨੪੫ | | ੨੭੦੦.੦੦ |
| ੨੭ ਤਨਖਾਹ ਸਟਾਫ ਆਦਿ | ੨੬੧ | ੧੫੫੫੬੫.੦੦ | |
| ੨੮ ਖਰਚ ਗੁ: ਸਾਹਿਬਾਨ ਪਾਕਿਸਤਾਨ | ੨੬੮ | ੪੬੪੧੦.੦੦ | |
| ੨੯ ਮਿਆਦੀ ਹਿਸਾਬ | ੨੭੬ | ੧੯੬੩੦੦੦੦.੦੦ | ੧੭੯੩੬੩੫੨.੧੮ |
| ੩੦ ਸੂਦ | ੨੭੮ | | ੧੬੯੮੩੫੨.੦੦ |
| **ਭਾਈਚਾਰਕ ਸੁਧਾਰ ਫੰਡ** | | | |
| ੩੧ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | ੧੮੦ | | ੫੬੭੦੦੦.੦੦ |
| ੩੨ ਮਿਆਦੀ ਹਿਸਾਬ | ੧੯੧ | ੨੮੫੦੦੦੦੦.੦੦ | ੨੬੦੦੦੦੦੦.੦੦ |
| ੩੩ ਸੂਦ | ੧੮੯ | | ੨੪੬੧੮੮੧.੦੦ |
| ੩੪ ਤਨਖਾਹ ਸਟਾਫ ਆਦਿ | ੧੯੩ | ੧੮੪੮੮੭.੦੦ | |
| **ਸਸਪੈਂਸ ਗੁ:ਪਕਿਸਤਾਨ** | | | |
| ੩੫ ਮਿਆਦੀ ਹਿਸਾਬ | ੧੯੮ | ੫੦੦੦੦.੦੦ | ੪੬੫੮੭.੧੧ |
| ੩੬ ਸੂਦ | ੧੯੯ | | ੪੪੧੧.੦੦ |
| **ਜਨਰਲ ਪ੍ਰੋ:ਫੰਡ** | | | |
| ੩੭ ਸੂਦ ਤੇ ਆਮਦਨ | ੨੦੦ | | ੪੮੦੧੨੭.੦੦ |
| ੩੮ ਮਿਆਦੀ ਹਿਸਾਬ | ੨੦੨ | ੪੬੦੦੦੦੦.੦੦ | ੪੨੦੦੦੦੦.੦੦ |
| ੩੯ ਬੱਚਤ ਹਿਸਾਬ ਨੰ:S ੧੧੫੭੯ (੬੩੮੨) | | | |
| ਸੈਂਟਰਲ ਕ ਅਪ: ਬੈਂਕ | ੨੦੩ | ੧੩੦੧.੦੦ | |
| **ਸ. ਬਲਵੰਤ ਸਿੰਘ ਨਲੂਆ ਟਰੱਸਟ ਫੰਡ** | | | |
| ੪੦ ਸੂਦ ਪਿਛਲੀ ਬੱਚਤ ਵਿੱਚੋਂ ਤੇ ਜੋੜ | ੨੨੫ | | ੯੪੧੬.੦੦ |
| ੪੧ ਮਿਆਦੀ ਹਿਸਾਬ | ੨੨੮ | ੧੦੮੦੦੦.੦੦ | ੯੯੪੪੭.੨੬ |
| **ਜਨਰਲ ਲੈਜਰ ਨੰ:੨** | | | |
| **ਅਮਾਨਤਾਂ** | | | |
| ੪੨ ਅਮਾਨਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੫੦੫ | | ੩੨੯੫੫.੦੦ |
| ੪੩ ਅਮਾਨਤ ਗੁਰਦਵਾਰੇ | ੫੨੩ | ੪੯੫੦੨.੦੦ | ੪੩੪੩੫੧.੦੦ |
| ੪੪ ਅਮਾਨਤ ਮੁਲਾਜਮਾਂ ਤੇ ਜਨਰਲ | ੫੩੪ | | ੪੨੦੭੭੦.੦੦ |

| | | | |
|---|---|---|---|
| ੪੫ ਅਮਾਨਤ ਐਲ.ਆਈ.ਸੀ. ਮੁਲਾਜਮਾ | ੫੪੫ | | ੪੯੬੦.੦੦ |
| ੪੬ ਅਮਾਨਤ ਕਲਰਕਾਂ/ਸੇਵਾਦਾਰਾਂ | ੫੬੦ | ੧੩੫੫੭੮.੦੦ | ੭੪੫੩੮.੦੦ |
| ੪੭ ਲੈਣ ਦੇਣ ਜਨਰਲ ਬੋਰਡ ਫੰਡ | ੫੭੨ | | ੧੭੮੫੬੭੦੦.੦੦ |
| ੪੮ ਲੈਣ ਦੇਣ ਵਿਦਿਆ ਫੰਡ | ੫੭੭ | | ੧੫੩੫੦੦.੦੦ |
| ੪੯ ਖਰਚ ਦਫਤਰ | ੫੯੨ | ੧੧੭੫੨੮੫.੦੦ | ੧੩੧੦੬੩.੦੦ |
| ੫੦ ਸਮਾਨ ਖਰਚ ਦਫਤਰ | | ੧੦੦੦੦.੦੦ | |
| ੫੧ ਮਿਆਦੀ ਹਿਸਾਬ ਖਰਚ ਦਫਤਰ | ੬੦੦ | ੩੩੦੪੪੦.੧੮ | |
| ੫੨ ਮਿਆਦੀ ਹਿਸਾਬ ਅਮਾਨਤਾਂ | ੬੦੬ | ੭੦੭੯੪੫੯.੮੨ | ੬੬੧੦੫੪੮.੨੦ |
| **ਜਮਾਨਤਾਂ** | | | |
| ੫੩ ਜਮਾਨਤ ਮੁਲਾਜਮਾਂ | ੬੨੯ | ੧੭੫੦੦.੦੦ | ੨੧੨੫੦੦.੦੦ |
| ੫੪ ਮਿਆਦੀ ਹਿਸਾਬ ਜਮਾਨਤਾਂ | ੬੫੯ | ੪੫੯੦੦੦੦੦.੦੦ | ੪੧੬੧੨੪੦੫.੭੮ |
| ੫੫ ਸੂਦ ਜਮਾਨਤਾਂ | ੬੬੮ | ੩੩੦੦੩.੦੦ | ੩੯੩੫੪੦੦.੦੦ |
| ੫੬ ਜਮਾਨਤ ਠੇਕੇਦਾਰਾ | ੬੭੬ | ੮੪੫੦੦.੦੦ | ੧੪੩੧੬.੦੦ |
| ੫੭ ਪੇਸ਼ਗੀ ਜਨਰਲ | ੭੦੭ | ੧੧੭੯੯੯੧੦.੦੦ | ੫੧੨੧੮੧੧.੦੦ |
| ੫੮ ਪੇਸ਼ਗੀ ਤਨਖਾਹ | ੭੪੨ | ੨੩੭੦੦੦.੦੦ | ੨੨੭੦੦੦.੦੦ |
| ੫੯ ਬਚਤ ਹਿਸਾਬ ਨੰ:੨੧੨੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੭੭੨ | ੨੦੧੭੨੬੩੭.੦੦ | ੫੧੫੫੪੯੭੦.੦੦ |
| ੬੦ ਬੱਚਤ ਹਿਸਾਬ ਨੰ:੧੪੩੧੧/੭੬੫ ਬੈਂਕ ਆਫ ਪੰਜਾਬ (ਯਾਤਰਾ) | ੯੯੧ | ੨੦੨੮੦੦੦.੦੦ | |
| ੬੧ ਬਚਤ ਹਿਸਾਬ ਨੰ:੩੫੮ (ਪੀ.ਐਸ.ਬੀ.ਹਾਲ ਬਾਜ਼ਾਰ) | ੮੦੮ | ੧੭੩੮.੬੯ | |
| ੬੨ ਬੱਚਤ ਹਿਸਾਬ ਨੰ:੨ ਪੰਜਾਬ ਐਂਡ ਸਿੰਧ ਬੈਂਕ ਨਿਵਾਸ | ੮੨੧ | ੧੫੫੩੬੪੯੨.੫੧ | ੩੨੪੭੭੨੮.੧੩ |
| ੬੩ ਬੱਚਤ ਹਿਸਾਬ ਨੰ: ੬੫੦੨੦੭੨੧੭੨੦ ਸਟੇਟ ਬੈਂਕ ਆਫ ਪਟਿਆਲਾ ਜਲ੍ਹਿਆਂ ਵਾਲਾ ਬਾਗ, ਅੰਮ੍ਰਿਤਸਰ (ATM) | ੮੬੩ | ੨੩੦੦੬੯.੦੦ | ੩੫੩੬੬੯੦.੦੦ |
| ੬੪ ਬੱਚਤ ਹਿਸਾਬ ਟੂ ਇੰਨ ਵਨ ਨੰ:C.L.S.B. ੦੧/੦੧੦੦੬੯ ਕਾਰਪੋਰੇਸ਼ਨ ਬੈਂਕ ਲਾਰੈਂਸ ਰੋਡ | ੮੯੦ | ੫੯੮੨.੦੯ | |
| ੬੫ ਮਿਆਦੀ ਹਿਸਾਬ ਜਨਰਲ ਡਿਪਾਜਟ ਪ੍ਰੋਵੀਡੈਂਟ ਫੰਡ | ੯੧੦ | ੨੬੮੬੨੬.੫੩ | ੯੯੬੦੦੦.੦੦ |
| ੬੬ ਮਿਆਦੀ ਹਿਸਾਬ ਜਨਰਲ ਡਿਪਾਜਟ ਜਮਾਨਤ ਮੁਲਾਜ਼ਮਾਂ | ੯੧੪ | ੫੦੫੪੯.੮੫ | ੩੮੮੧੪੪.੦੭ |
| ੬੭ ਬਚਤ ਹਿਸਾਬ ਨੰ: ੧੭੪੭੭ (੬੫੭੫੬੭੭੫) ਅਲਾਹਾਬਾਦ ਬੈਂਕ ਕਟੜਾ ਆਹਲੂਵਾਲੀਆ | ੯੦੬ | ੩੩੫੧.੦੦ | |
| ੬੮ ਟੈਕਸ ਡਿਡੈਕਸ਼ਨ ਐਟ ਸੋਰਸ (ਠੇਕੇਦਾਰਾਂ) | ੯੫੫ | ੪੭੪੦.੦੦ | ੧੪੭੫੫.੦੦ |

| | | | |
|---|---|---|---|
| ੬੯ ਬਚਤ ਹਿਸਾਬ ਨੰ:੦੧੧੦੦੦੮੦੬੯੭ ਸਟੇਟ ਬੈਂਕ ਆਫ ਇੰਡੀਆ | ੯੦੧ | | ੪੩੦੦੦.੦੦ |
| **ਸ਼੍ਰੋਮਣੀ ਗੁ: ਪ੍ਰ: ਕਮੇਟੀ, ਧਰਮ ਪ੍ਰਚਾਰ ਕਮੇਟੀ, ਸੈਕਸ਼ਨ ੮੫ ਦੇ ਗੁ: ਸਾਹਿਬਾਨ ਦਾ ਗ੍ਰੈਚੂਇਟੀ ਅਤੇ ਛੁੱਟੀਆਂ ਦਾ ਫੰਡ** | | | |
| ੭੦ ਵਸੂਲੀ ਦਫ਼ਾ-੮੫ ਗੁ: ਸਾਹਿਬਾਨ ਤੋਂ ਗ੍ਰੈਚੂਇਟੀ ਤੇ ਤਨਖਾਹ ਰਿਆਇਤੀ ਛੁੱਟੀਆਂ ਦਾ ਫੰਡ | ੯੨੨ | | ੧੧੬੭੩੦੦੦.੦੦ |
| ੭੧ ਗ੍ਰੈਚੂਇਟੀ ਤੇ ਛੁੱਟੀਆਂ ਦਾ ਸੇਵਾਫਲ ਮੁਲਾਜ਼ਮਾਂ | ੯੩੮ | ੭੫੪੭੭੭੭.੦੦ | |
| ੭੨ ਮਿਆਦੀ ਹਿਸਾਬ ਗ੍ਰੈਚੂਇਟੀ ਫੰਡ | ੯੬੪ | ੨੨੦੦੦੦੦੦.੦੦ | ੨੦੦੦੦੦੦੦.੦੦ |
| ੭੩ ਸੂਦ ਗ੍ਰੈਚੂਇਟੀ ਫੰਡ | ੯੬੭ | | ੧੮੯੩੭੫੫.੦੦ |
| **ਜਨਰਲ ਲੈਜਰ ਨੰ:੩** | | | |
| **ਕੁਦਰਤੀ ਆਫਤਾਂ ਤੇ ਹੜ੍ਹ ਪੀੜਤ ਫੰਡ/ਕੈਂਸਰ ਰਲੀਫ ਫੰਡ** | | | |
| ੭੪ ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ ਕੁਦਰਤੀ ਆਫਤਾਂ/ਕੈਂਸਰ ਰਲੀਫ | ੧੦੮੭ | | ੪੩੫੦੦੦੦.੦੦ |
| ੭੫ ਮੁਲਾਜਮਾਂ, ਮੈਂਬਰ ਸਾਹਿਬਾਨ ਅਤੇ ਸੰਗਤਾਂ ਪਾਸੋਂ ਸਹਾਇਤਾ | ੧੦੯੫ | | ੧੮੪੦੦੦.੦੦ |
| ੭੬ ਖਰਚ ਕੈਂਸਰ ਰਲੀਫ ਫੰਡ ਲਈ | ੧੧੫੮ | ੩੮੦੦੦੦੦.੦੦ | |
| ੭੭ ਤਨਖਾਹ ਸਟਾਫ ਕੈਂਸਰ ਰਲੀਫ ਫੰਡ | ੧੧੩੩ | ੨੧੩੭੨੫.੦੦ | |
| ੭੮ ਮਿਆਦੀ ਹਿਸਾਬ | ੧੧੨੭ | ੪੦੦੦੦੦੦.੦੦ | ੩੨੮੧੫੦੩.੨੫ |
| ੭੯ ਸੂਦ | ੧੩੩੦ | | ੩੧੦੭੧੮.੦੦ |
| ੮੦ ਸਫਰ ਖਰਚ | ੧੩੪੧ | ੧੩੭੫.੦੦ | |
| **ਸ਼ਹੀਦੀ ਫੰਡ** | | | |
| ੮੧ ਵਸੂਲੀ ਦਫਾ ੮੫ ਦੇ ਗੁ:ਸਾਹਿਬਾਨ ਤੋਂ | | | ੧੧੫੩੦੦੦.੦੦ |
| ੮੨ ਸਹਾਇਤਾ ਧਰਮੀ ਫੋਜੀਆਂ ਨੂੰ | ੧੦੩੪ | ੫੦੦੦੦.੦੦ | |
| ੮੩ ੧੯੮੪ ਦੇ ਦੰਗਾ ਪੀੜਤ ਸਿੱਖਾਂ ਦੇ ਬੱਚਿਆ ਦੀ ਉਚੇਰੀ ਵਿੱਦਿਆ ਲਈ ਸਹਾਇਤਾ | ੧੦੭੦ | ੧੩੫੬੧੪.੦੦ | |
| ੮੪ ਮਿਆਦੀ ਹਿਸਾਬ (ਸ਼ਹੀਦੀ ਫੰਡ) | ੧੦੨੫ | ੬੦੦੦੦੦.੦੦ | ੪੩੭੨੩੩.੦੦ |
| ੮੫ ਸੂਦ (ਸ਼ਹੀਦੀ ਫੰਡ) | ੧੦੨੭ | | ੩੪੬੫੬.੦੦ |
| ੮੬ ਮਿਆਦੀ ਹਿਸਾਬ (ਰਲੀਫ ਫੰਡ) | ੧੦੫੧ | ੧੦੦੦੦੦੦.੦੦ | |
| ੮੭ ਸੂਦ (ਰਲੀਫ ਫੰਡ) | ੧੦੫੩ | | ੮੧੫੬੩.੦੦ |
| ੮੮ ਖਰਚ ਰਲੀਫ ਫੰਡ | ੧੦੫੭ | ੫੦੦੦੦.੦੦ | |
| **ਧਰਮ ਅਰਥ ਅਤੇ ਪੰਥਕ ਭਲਾਈ ਫੰਡ** | | | |
| ੮੯ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ | | | |

| | | | |
|---|---|---|---|
| (ਧਰਮ ਅਰਥ) | ੧੩੫੨ | | ੬੩੬੦੦੦.੦੦ |
| ੯੦ ਵਸੂਲੀ ਦਫਾ ੮੫ ਦੇ ਗੁਰਦੁਆਰਾ ਸਹਿਬਾਨ ਤੋਂ ਪੰਥਕ ਭਲਾਈ ਫੰਡ | ੧੩੬੦ | | ੫੬੭੦੦੦.੦੦ |
| ੯੧ ਬੱਚਤ ਹਿਸਾਬ ਨੰ:੩੨੪੨੩ ਪੰਜਾਬ ਨੈਸ਼ਨਲ ਬੈਂਕ | ੧੩੮੮ | ੨੦੩੦੬੩੩੧੮.੦੦ | ੨੦੭੯੯੫੦੦੦.੦੦ |
| ੯੨ ਫੁਟਕਲ ਆਮਦਨ ਸੰਗਤਾਂ ਪਾਸੋਂ | ੧੪੩੧ | | ੨੮੧੦੦੦.੦੦ |
| ੯੩ ਧਰਮ ਅਰਥ ਫੰਡ (ਖਰਚ) | ੧੪੭੫ | ੧੫੪੮੦੦੦.੦੦ | |
| **ਪ੍ਰੌਵੀਡੈਂਟ ਫੰਡ** | | | |
| ੯੪ ਪ੍ਰੌਵੀਡੈਂਟ ਫੰਡ | ੨੬ | ੨੭੮੮੬੨੧.੧੩ | ੨੩੩੮੮੨੯੮.੫੬ |
| ੯੫ ਕਰਜਾ ਪ੍ਰੌਵੀਡੈਂਟ ਫੰਡ | ੯੭ | ੧੩੪੩੦੦੦.੦੦ | ੭੬੨੦੦.੦੦ |
| ੯੬ ਅਮਾਨਤ ਪ੍ਰੌਵੀਡੈਂਟ ਫੰਡ | ੧੪੨ | ੬੫੨੧੭੬੧.੦੦ | ੬੫੨੧੭੬੧.੦੦ |
| ੯੭ ਬਚਤ ਹਿਸਾਬ ਪ੍ਰੌਵੀਡੈਂਟ ਫੰਡ ਪੰਜਾਬ ਐਂਡ ਸਿੰਧ ਬੈਂਕ ਨਿਵਾਸ ਅਤੇ ਹਾਲ ਬਜਾਰ | ੧੯੫ | ੧੬੩੦.੪੨ | ੪੯੩੬.੫੦ |
| ੯੮ ਬਚਤ ਹਿਸਾਬ ਪ੍ਰੌਵੀਡੈਂਟ ਫੰਡ ਕਾਰਪੋਰੇਸ਼ਨ ਬੈਂਕ ਲਾਰੰਸ ਰੋਡ | ੨੩੨ | ੧੮੫੯.੦੦ | ੫੯੮੨.੦੯ |
| ੯੯ ਬੱਚਤ ਹਿਸਾਬ ਪ੍ਰੌਵੀਡੈਂਟ ਫੰਡ ਸੈਂਟਰਲ ਕੋ:ਅਪ:ਬੈਂਕ ਹਾਲ ਬਜ਼ਾਰ | ੨੧੨ | ੧੦.੧੪ | ੧੩੦੧.੦੦ |
| ੧੦੦ ਬਚਤ ਹਿਸਾਬ ਪ੍ਰੌਵੀਡੈਂਟ ਫੰਡ ਸਟੇਟ ਬੈਂਕ ਪਟਿਆਲਾ | ੨੭੨ | ੫੬੯.੦੦ | ੮੦੬੯.੦੦ |
| ੧੦੧ ਬਚਤ ਹਿਸਾਬ ਪ੍ਰੌਵੀਡੈਂਟ ਫੰਡ ਅਲਾਹਾਬਾਦ ਬੈਂਕ | ੨੫੬ | ੮੫੧.੦੦ | ੩੩੫੧.੦੦ |
| ੧੦੨ ਬਚਤ ਹਿਸਾਬ ਪ੍ਰੌਵੀਡੈਂਟ ਫੰਡ ਵਿਜੈ ਬੈਂਕ | ੩੦੮ | | ੫੭੬੨੬.੫੩ |
| ੧੦੩ ਮਿਆਦੀ ਹਿਸਾਬ ਪ੍ਰੌਵੀਡੈਂਟ ਫੰਡ ਆਂਧਰਾ ਬੈਂਕ ਡਿਉ ੩੧.੦੭.੨੦੧੫ | ੨੯੩ | | ੪੯੦੮੮੦੦੦.੦੦ |
| ੧੦੪ ਮਿਆਦੀ ਹਿਸਾਬ ਪੰਜਾਬ ਐਂਡ ਸਿੰਧ ਬੈਂਕ ਡਿਉ ਮਿਤੀ ੦੭/੧੦/੨੦੧੪ | ੩੦੩ | | ੧੨੭੦੦੦.੦੦ |
| ੧੦੫ ਮਿਆਦੀ ਹਿਸਾਬ ਪੰਜਾਬ ਨੈਸਨਲ ਬੈਂਕ | ੨੯੫ | ੧੧੦੦੦੦੦੦੦.੦੦ | |
| | **ਜੋੜ** | ੬੬੪੦੧੬੫੭੦.੬੬ | ੬੬੩੯੭੩੬੦੯.੬੬ |
| | **ਹੱਥ ਦੀ ਬਾਕੀ** | ੭੭੬੮੯.੦੦ | ੧੨੦੬੫੦.੦੦ |
| | **ਵੱਡਾ ਜੋੜ** | ੬੬੪੦੯੪੨੫੯.੬੬ | ੬੬੪੦੯੪੨੫੯.੬੬ |

ਸਹੀ/– ਸਹੀ/–

ਸ/ਅਕਾਊਂਟੈਂਟ, ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।